ਪੋਹ (ਨਾਨਕਸ਼ਾਹੀ ਸੰਮਤ ੫੫੭)
ਦਸੰਬਰ 2025

2/- ਰੁਪਏ
PRGI No. 88, Vol. 69, Issue 12, December 2025

ਮਾਸਿਕ

ਗੁਰਦੁਆਰਾ ਗਜ਼ਟ



ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ 350 ਸਾਲਾ ਗੁਰਿਆਈ ਦਿਵਸ ਅਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੁੱਖ ਸਮਾਗਮ ਮੌਕੇ ਅਰਦਾਸ ਵਿਚ ਸ਼ਾਮਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਬਾਬਾ ਬਿਧੀ ਚੰਦ ਸੰਪ੍ਰਦਾਇ ਦੇ ਮੁਖੀ ਬਾਬਾ ਅਵਤਾਰ ਸਿੰਘ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਤੇ ਹੋਰ ਧਾਰਮਿਕ, ਪੰਥਕ, ਰਾਜਨੀਤਕ ਅਤੇ ਸਮਾਜਿਕ ਸ਼ਖਸੀਅਤਾਂ।





ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਗੁਰਦੁਆਰਾ ਸੀਸ ਗੰਜ ਸਾਹਿਬ ਨਵੀਂ ਦਿੱਲੀ ਤੋਂ ਆਰੰਭ ਹੋਏ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਸ੍ਰੀ ਕੀਰਤਪੁਰ ਸਾਹਿਬ ਵਿਖੇ ਰਾਤਰੀ ਦੇ ਵਿਸ਼ਰਾਮ ਉਪਰੰਤ ਸਵੇਰੇ ਸਜਾਏ ਗਏ ਸੀਸ ਮਾਰਗ ਨਗਰ ਕੀਰਤਨ ਦੀ ਆਰੰਭਤਾ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ ਤੇ ਹੋਰ ਧਾਰਮਿਕ ਤੇ ਸਮਾਜਿਕ ਸ਼ਖਸੀਅਤਾਂ। (29 ਨਵੰਬਰ)

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

ਗੁਰਦੁਆਰਾ ਗਜ਼ਟ

ਸਥਾਪਤ ੧੯੨੯

ਪੋਹ : ਨਾਨਕਸ਼ਾਹੀ ਸੰਮਤ ੫੫੭
ਅੰਕ ੧੨ : ਜਿਲਦ 69
ਦਸੰਬਰ : 2025

ਸੰਪਾਦਕ : ਪ੍ਰਤਾਪ ਸਿੰਘ
ਐਸੋਸੀਏਟ ਸੰਪਾਦਕ: ਡਾ. ਰਾਜਵਿੰਦਰ ਸਿੰਘ ਜੋਗਾ

ਚੰਦਾ

ਦੇਸ਼		ਵਿਦੇਸ਼
ਸਾਲਾਨਾ 20/-	:	ਸਾਲਾਨਾ 500/-
ਲਾਈਫ 200/-	:	(ਹਵਾਈ ਡਾਕ)

Website : www.sgpc.net
E-mail : gurdwaragazette@gmail.com
info@sgpc.net
Phone : 0183-255 3956-60, Ext. 254

ਸੂਚਨਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੀ ਸਥਾਪਤੀ ਦੇ ਸਮੇਂ ਤੋਂ ਚੱਲ ਰਹੇ ਜਿਲਦ ਨੰਬਰ ਦੀ ਲੜੀ ਅਨੁਸਾਰ ਸਾਲ ੨੦੨੦ ਵਿਚ ਜਿਲਦ ਨੰਬਰ ੯੨ ਛਪ ਰਿਹਾ ਸੀ। ਪਰੰਤੂ ਆਰ.ਐਨ.ਆਈ. ਵਿਭਾਗ ਭਾਰਤ ਸਰਕਾਰ ਪਾਸ ਪਰਚੇ ਦੀ ਰਜਿਸਟ੍ਰੇਸ਼ਨ ੧੯੫੭ ਵਿਚ ਹੋਈ ਸੀ, ਜਿਸ ਸਬੰਧੀ ਆਰ.ਐਨ.ਆਈ. ਵਿਭਾਗ ਵੱਲੋਂ ਪੁੱਜੇ ਪੱਤਰ ਦੀ ਰੌਸ਼ਨੀ ਵਿਚ ਐਡਿੰਗ ਕਮੇਟੀ ਦੇ ਮਤਾ ਨੰਬਰ ੫੨੪ ਮਿਤੀ ੫-੯-੨੦੨੦ ਰਾਹੀਂ ਸਤੰਬਰ ੨੦੨੦ ਦੇ ਅੰਕ ਤੋਂ ਜਿਲਦ ਨੰਬਰ ੯੨ ਦੀ ਜਗ੍ਹਾ ੭੪ ਕੀਤਾ ਗਿਆ।

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-68/10258 ਮਿਤੀ 20-6-67 ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

ਪ੍ਰਤੀ ਕਾਪੀ 2/-ਰੁਪਏ

ਤਤਕਰਾ

ਲੇਖ	ਪੰਨਾ
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਮਰਯਾਦਾ	4
ਇਤਿਹਾਸਕ ਦਿਹਾੜੇ	5
ਗੁਰਬਾਣੀ ਵਿਚਾਰ	7
ਸੰਪਾਦਕੀ	8
ਵੱਡੇ ਸਾਹਿਬਜ਼ਾਦਿਆਂ ਦੀ ਸ਼ਹਾਦਤ -ਪ੍ਰੋ. ਕਿਰਪਾਲ ਸਿੰਘ ਬਡੂੰਗਰ	12
ਸ਼੍ਰੋਮਣੀ ਕਮੇਟੀ ਖ਼ਬਰਨਾਮਾ	43
ਹਿਸਾਬ ਕਿਤਾਬ	125
ਮਤੇ	167

English Section

Historical Events	170
Primary Sources of Sikh History: Basic Information -Dr. Hardev Singh	172
SGPC News	175

ਪਾਠਕ ਧਿਆਨ ਦੇਣ

ਸਮੂਹ ਸੰਗਤ ਨੂੰ ਸਤਿਕਾਰ ਸਹਿਤ ਬੇਨਤੀ ਹੈ ਕਿ 'ਗੁਰਦੁਆਰਾ ਗਜ਼ਟ' ਮੈਗਜ਼ੀਨ ਵਿਚ ਧਾਰਮਿਕ ਸਮੱਗਰੀ ਅਤੇ ਗਤੀਵਿਧੀਆਂ ਛਾਪੀਆਂ ਜਾਂਦੀਆਂ ਹਨ। ਇਸ ਲਈ ਹਰੇਕ ਪਾਠਕ ਲਈ ਇਸ ਮੈਗਜ਼ੀਨ ਨੂੰ ਪੂਰਨ ਸਤਿਕਾਰਤ ਰੂਪ ਵਿਚ ਸੰਭਾਲਣਾ ਜ਼ਰੂਰੀ ਹੈ। ਇਸ ਨੂੰ ਪੜ੍ਹ ਕੇ ਏਧਰ-ਓਧਰ ਸੁੱਟਣ ਦੀ ਬਜਾਇ ਕਿਸੇ ਹੋਰ ਧਾਰਮਿਕ ਰੁਚੀ ਵਾਲੇ ਪਾਠਕ ਨੂੰ ਦੇ ਦਿਓ ਜਾਂ ਆਪਣੇ ਨੇੜੇ ਦੀ ਕਿਸੇ ਲਾਇਬ੍ਰੇਰੀ ਵਿਚ ਜਮ੍ਹਾਂ ਕਰਵਾ ਦਿਓ ਜੀ। ਪਰੰਤੂ ਜਾਣੇ-ਅਣਜਾਣੇ ਇਸ ਧਾਰਮਿਕ ਰਸਾਲੇ ਨੂੰ ਰੱਦੀ ਵਿਚ ਦੇ ਕੇ ਬੇਅਦਬੀ ਨਾ ਕਰੋ ਜੀ। -ਸੰਪਾਦਕ

ੴਸਤਿਗੁਰ ਪ੍ਰਸਾਦਿ॥

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ

ਮਹੀਨਾ ਪੋਹ

* ਕਿਵਾੜ ਖੁੱਲ੍ਹਣ ਦਾ ਸਮਾਂ ੩-੦੦ ਵਜੇ ਅੰਮ੍ਰਿਤ ਵੇਲੇ
* ਕੀਰਤਨ ਆਰੰਭ ੩-੦੦ ਵਜੇ ਅੰਮ੍ਰਿਤ ਵੇਲੇ
* ਆਸਾ ਦੀ ਵਾਰ ਦਾ ਕੀਰਤਨ ਆਰੰਭ ੪-੦੦ ਵਜੇ ਸਵੇਰੇ
* ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ ੫-੦੦ ਵਜੇ ਸਵੇਰੇ
* ਪਹਿਲਾ ਹੁਕਮਨਾਮਾ ੫-੩੦ ਵਜੇ ਸਵੇਰੇ
* ਪਹਿਲੀ ਅਰਦਾਸ ੬-੦੦ ਵਜੇ ਸਵੇਰੇ
* ਆਸਾ ਦੀ ਵਾਰ ਦੀ ਸਮਾਪਤੀ ੭-੦੦ ਵਜੇ ਸਵੇਰੇ
* ਦੂਸਰੀ ਅਰਦਾਸ ਤੇ ਹੁਕਮਨਾਮਾ ੭-੧੫ ਵਜੇ ਤੱਕ ਸਵੇਰੇ
* ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।
* ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ ੯-੩੦ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ ੯-੪੫ ਵਜੇ ਰਾਤ
* ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ ੧੦-੦੦ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ।

ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬

ਫੋਨ : ੦੦੬੧-੧੮੩-੨੫੫੩੬੫੭,੫੮,੫੯

16 ਦਸੰਬਰ ਤੋਂ 15 ਜਨਵਰੀ ਤਕ ਦੇ ਇਤਿਹਾਸਕ ਦਿਹਾੜੇ

੧੬ ਦਸੰਬਰ (ਓ) ਭਰੋਵਾਲ ਦੀ ਸੰਧੀ ਅੰਗਰੇਜ਼ਾਂ ਅਤੇ ਸਿੱਖ ਰਾਜ ਲਾਹੌਰ ਦਰਮਿਆਨ ਹੋਈ। ਜਿਸ ਅਨੁਸਾਰ ਗੁਲਾਬ ਸਿੰਘ ਨੂੰ ਜੰਮੂ-ਕਸ਼ਮੀਰ ਦੇ ਮਹਾਰਾਜੇ ਦੇ ਤੌਰ 'ਤੇ ਮਾਨਤਾ ਮਿਲੀ ਅਤੇ ਹੈਨਰੀ ਲਾਰੈਂਸ ਨੂੰ ਲਾਹੌਰ ਦਰਬਾਰ ਵਿਖੇ ਬਤੌਰ ਬਰਤਾਨਵੀਂ ਰੈਜ਼ੀਡੈਂਟ ਨਿਯੁਕਤ ਕੀਤਾ ਗਿਆ। (੧੬-੧੨-੧੮੪੬)

(ਅ) ਅੰਮ੍ਰਿਤਸਰ ਵਿਖੇ ਇਕ ਸਿੱਖ ਕਨਵੈਨਸ਼ਨ ਹੋਈ, ਜਿਸ ਵਿਚ ਪੰਜਾਬੀ ਸੂਬੇ ਦੀ ਮੰਗ ਪਹਿਲੀ ਵਾਰ ਕੀਤੀ ਗਈ। (੧੬-੧੨-੧੯੫੦)

੧੮ ਦਸੰਬਰ ਮੁਦਕੀ ਦੇ ਸਥਾਨ 'ਤੇ ਅੰਗਰੇਜ਼ਾਂ ਅਤੇ ਸਿੱਖਾਂ ਦਰਮਿਆਨ ਪਹਿਲੀ ਜੰਗ ਸ਼ੁਰੂ ਹੋਈ। (੧੮-੧੨-੧੮੪੫)

੧੯ ਦਸੰਬਰ ਪੰਜਾਬ ਅਸੈਂਬਲੀ ਨੇ ਪੰਜਾਬੀ ਭਾਸ਼ਾ ਬਿੱਲ ਪਾਸ ਕੀਤਾ। (੧੯-੧੨-੧੯੬੭)

੨੦ ਦਸੰਬਰ ਕਿਲ੍ਹਾ ਸ੍ਰੀ ਅਨੰਦਗੜ੍ਹ ਸਾਹਿਬ ਛੱਡਣਾ। (੬ ਪੋਹ)

੨੧ ਦਸੰਬਰ (ਓ) ਪਰਿਵਾਰ ਵਿਛੋੜਾ ਸਰਸਾ ਨੰਗਲ। (੭ ਪੋਹ)

(ਅ) ਸ਼ਹੀਦੀ ਦਿਹਾੜਾ ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ)। (੭ ਪੋਹ)

੨੨ ਦਸੰਬਰ (ਓ) ਤੀਜੀ ਗੋਲਮੇਜ਼ ਕਾਨਫਰੰਸ ਲੰਡਨ ਵਿਚ ਹੋਈ, ਸਿੱਖਾਂ ਨੇ ਇਸ ਕਾਨਫਰੰਸ ਦਾ ਮੁਕੰਮਲ ਬਾਈਕਾਟ ਕੀਤਾ। (੨੨-੧੨-੧੯੩੨)

(ਅ) ਸ਼ਹੀਦੀ ਦਿਹਾੜਾ ਵੱਡੇ ਸਾਹਿਬਜ਼ਾਦੇ ਅਤੇ ਚਮਕੌਰ ਸਾਹਿਬ ਦੇ ਹੋਰ ਸ਼ਹੀਦ। (੮ ਪੋਹ)

੨੩ ਦਸੰਬਰ (ਓ) ਸਾਬਕਾ ਸਿੱਖ ਫ਼ੌਜੀਆਂ ਦੀ ਇਕ ਕਨਵੈਨਸ਼ਨ ਅੰਮ੍ਰਿਤਸਰ ਵਿਖੇ ਹੋਈ, ਇਸ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸਾਬਕਾ ਸਿੱਖ ਫੌਜੀਆਂ ਨੇ ਧਰਮ ਯੁੱਧ ਮੋਰਚੇ ਦੀ ਹਮਾਇਤ ਕੀਤੀ। (੨੩-੧੨-੧੯੮੨)

(ਅ) ਸ਼ਹੀਦੀ ਦਿਹਾੜਾ ਭਾਈ ਸੰਗਤ ਸਿੰਘ ਜੀ। (੯ ਪੋਹ)

੨੪ ਦਸੰਬਰ ਅਕਾਲੀ ਜਥਾ ਖਰਾ ਸੌਦਾ ਬਾਰ ਨੇ ਜਥੇਦਾਰ ਕਰਤਾਰ ਸਿੰਘ ਝੱਬਰ ਨੂੰ ਆਪਣਾ ਮੁਖੀ ਚੁਣ ਲਿਆ। (੨੪-੧੨-੧੯੨੦)

੨੭ ਦਸੰਬਰ (ਓ) ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ। (ਪੋਹ ਸੁਦੀ ੭ਵੀਂ)

(ਅ) ਸਿੱਖਾਂ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਸਟੇਜ ਤੋਂ ਉਸ ਸਮੇਂ ਦੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਨੂੰ ਸਪੀਚ ਨਾ ਕਰਨ ਦਿੱਤੀ। (੨੭-੧੨-੧੯੫੩)

(ਏ) ਸ਼ਹੀਦੀ ਦਿਹਾੜਾ ਛੋਟੇ ਸਾਹਿਬਜ਼ਾਦੇ ਤੇ ਮਾਤਾ ਗੁਜਰੀ ਜੀ। (੧੩ ਪੋਹ)

੨੮ ਦਸੰਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਭਾਈ ਫੇਰੂ ਜੀ ਦਾ ਪ੍ਰਬੰਧ ਸੰਭਾਲਿਆ। (੨੮-੧੨-੧੯੨੨)

੨੯ ਦਸੰਬਰ ਸ. ਮਹਿਤਾਬ ਸਿੰਘ ਨੇ ਸਰਬ ਪਾਰਟੀ ਕਨਵੈਨਸ਼ਨ ਦੇ ਲੀਡਰਾਂ ਨੂੰ ਮੁਖ਼ਾਤਿਬ ਹੁੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਸਿੱਖਾਂ ਨੂੰ ਅਣਗੌਲਿਆਂ ਕੀਤਾ ਤਾਂ ਭਾਰਤ ਦੇ ਭਵਿੱਖ ਦਾ ਫੈਸਲਾ ਕਿਰਪਾਨ ਦੀ ਧਾਰ 'ਤੇ ਕੀਤਾ ਜਾਵੇਗਾ। (੨੯-੧੨-੧੯੨੮)

੩੦ ਦਸੰਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਰਪਾਨ ਧਾਰਨ ਕਰਨ ਦੇ ਹੱਕ ਲਈ ਮੋਰਚਾ ਲਾਉਣ ਦਾ ਐਲਾਨ ਕੀਤਾ। (੩੦-੧੨-੧੯੩੫)

੩੧ ਦਸੰਬਰ (ਓ) ਭਾਰਤ ਸਰਕਾਰ ਨੇ ਸਿੱਖਾਂ ਦੇ ਗੁਰਧਾਮਾਂ 'ਤੇ ਕਬਜ਼ਾ ਕਰਨ ਦੀ ਸਾਜ਼ਿਸ਼ ਵਜੋਂ ਗੁਰਦੁਆਰਾ ਬਿੱਲ ਵਿਚ ਸੋਧ ਕੀਤੀ। (੩੧-੧੨-੧੯੫੮)

(ਅ) ਪੰਜਾਬ ਸਰਕਾਰ ਨੇ ਇਹ ਮੰਨਿਆ ਕਿ ਸਾਲ ੧੯੮੭ ਵਿਚ ੩੨੮ ਸਿੱਖ ਮਾਰੇ ਗਏ ਅਤੇ ੩੭੫੧ ਗ੍ਰਿਫ਼ਤਾਰ ਕੀਤੇ ਗਏ ਸਨ। (੩੧-੧੨-੧੯੮੭)

੧ ਜਨਵਰੀ ਕਿਰਪਾਨ ਦੇ ਮੁੱਦੇ 'ਤੇ ਸਿੱਖਾਂ ਦੇ ਪਹਿਲੇ ਜਥੇ ਨੇ ਗ੍ਰਿਫ਼ਤਾਰੀ ਦਿੱਤੀ। (੧-੧-੧੯੩੯)

੬ ਜਨਵਰੀ ਸ਼ਹੀਦ ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਨੂੰ ਇੰਦਰਾ ਗਾਂਧੀ ਕਤਲ-ਕਾਂਡ ਵਿਚ ਫਾਂਸੀ ਦਿੱਤੀ ਗਈ, ਫਾਂਸੀ ਤੋਂ ਬਾਅਦ ਇਨ੍ਹਾਂ ਸ਼ਹੀਦਾਂ ਦੀਆਂ ਲਾਸ਼ਾਂ ਦਾ ਸਸਕਾਰ ਜੇਲ੍ਹ ਦੇ ਅੰਦਰ ਹੀ ਕਰ ਦਿੱਤਾ ਗਿਆ ਅਤੇ ਇਸ ਸਾਰੀ ਕਾਰਵਾਈ ਦੌਰਾਨ ਸਾਰੇ ਪੰਜਾਬ ਵਿਚ ਕਰਫਿਊ ਲਗਾਇਆ ਗਿਆ। (੬-੧-੧੯੮੯)

੭ ਜਨਵਰੀ ਸ਼੍ਰੋਮਣੀ ਕਮੇਟੀ ਦੀ ਨਵੀਂ ਅੰਤ੍ਰਿੰਗ ਕਮੇਟੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਤੇ ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਗੰਗਸਰ ਸਾਹਿਬ ਜੈਤੋ ਦੇ ਮੋਰਚੇ 'ਤੇ ਸ਼ਹੀਦੀ ਜਥੇ ਭੇਜਣ ਦਾ ਫੈਸਲਾ ਕੀਤਾ। (੭-੧-੧੯੨੪)

੯ ਜਨਵਰੀ ਅੰਮ੍ਰਿਤਸਰ ਵਿਖੇ ਬੁੱਧੀਜੀਵੀਆਂ ਦੀ ਇਕ ਕਾਨਫਰੰਸ ਹੋਈ ਜਿਸ ਵਿਚ ਧਰਮ ਯੁੱਧ ਮੋਰਚੇ ਦੀ ਹਮਾਇਤ ਕੀਤੀ ਗਈ। (੯-੧-੧੯੮੩)

੧੧ ਜਨਵਰੀ ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਦੀ ਅੰਤਮ ਅਰਦਾਸ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੀਤੀ ਗਈ। (੧੧-੧-੧੯੮੯)

੧੩ ਜਨਵਰੀ (ਓ) ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਸਮੇਂ ਜੰਮੂ ਵਿਖੇ ਸੰਗਤਾਂ ਵੱਲੋਂ ਕੱਢੇ ਜਾ ਰਹੇ ਇਕ ਨਗਰ ਕੀਰਤਨ 'ਤੇ ਹਿੰਦੂਆਂ ਨੇ ਹਮਲਾ ਕਰ ਦਿੱਤਾ। ਇਸ ਵਿੱਚ ੯ ਸਿੱਖ ਸ਼ਹੀਦ ਹੋ ਗਏ। (੧੩-੧-੧੯੮੯)

(ਅ) ਸਿੱਖਾਂ ਅਤੇ ਅੰਗਰੇਜ਼ਾਂ ਦਰਮਿਆਨ ਚੇਲਿਆਂ ਵਾਲੀ ਦੇ ਸਥਾਨ 'ਤੇ ਇਕ ਲੜਾਈ ਹੋਈ ਜਿਸ ਵਿਚ ਅੰਗਰੇਜ਼ਾਂ ਦੇ ੧੩੨ ਅਫਸਰ ਅਤੇ ੨੪੪੬ ਫ਼ੌਜੀ ਜਵਾਨ ਮਾਰੇ ਗਏ। ਏਨੇ ਜ਼ਿਆਦਾ ਫੌਜੀ ਜਾਨੀ ਨੁਕਸਾਨ ਤੋਂ ਚਿੜ੍ਹ ਖਾ ਕੇ ਅੰਗਰੇਜ਼ ਫ਼ੌਜ ਨੇ ਕਈ ਦਿਨ ਆਮ ਸਿੱਖਾਂ ਦਾ ਕਤਲੇਆਮ ਕੀਤਾ। ਇਹ ਘਟਨਾ ਆਪਣੇ ਆਪ ਨੂੰ ਸੱਭਿਅਕ ਅਖਵਾਉਣ ਵਾਲੇ ਅੰਗਰੇਜ਼ਾਂ ਦੀ ਦਰਿੰਦਗੀ ਦਾ ਇਕ ਨਮੂਨਾ ਸੀ, ਜਿਸ ਨੇ ਸਿੱਖਾਂ 'ਤੇ ਹੋਏ ਪਹਿਲੇ ਮੁਗ਼ਲੀਆ ਅੱਤਿਆਚਾਰਾਂ ਨੂੰ ਵੀ ਮਾਤ ਪਾ ਦਿੱਤੀ। (੧੩-੧-੧੮੪੯)

੧੪ ਜਨਵਰੀ (ਓ) ਗੁਰਦੁਆਰਾ ਰਕਾਬ ਗੰਜ ਸਾਹਿਬ ਦਿੱਲੀ ਦੀ ਬਾਹਰਲੀ ਦੀਵਾਰ ਬ੍ਰਿਟਿਸ਼ ਸਰਕਾਰ ਨੇ ਢਾਹ ਦਿੱਤੀ। (੧੪-੧-੧੯੧੪)

(ਅ) ਪੰਜਾਬ ਵਿਚ ਜ਼ਿਲ੍ਹਾ ਪੱਧਰ 'ਤੇ ਦਫਤਰੀ ਕੰਮ-ਕਾਜ ਪੰਜਾਬੀ ਵਿਚ ਹੋਣਾ ਸ਼ੁਰੂ ਹੋਇਆ। (੧੪-੧-੧੯੬੭)

(ਏ) ਫ਼ਾਜ਼ਿਲਕਾ ਤੇ ਅਬੋਹਰ ਦੇ ਇਲਾਕੇ ਪੰਜਾਬ ਵਿਚ ਰਹਿਣੇ ਚਾਹੀਦੇ ਹਨ ਜਾਂ ਹਰਿਆਣਾ ਨੂੰ ਦਿੱਤੇ ਜਾਣੇ ਚਾਹੀਦੇ ਹਨ, ਦੇ ਸੰਬੰਧ ਵਿਚ ਇਸ ਜ਼ੋਨ ਦੇ ੫੪ ਪਿੰਡਾਂ ਦੀ ਰਾਇ ਸ਼ੁਮਾਰੀ ਕੀਤੀ ਗਈ। ਇਸ ਰਾਇ ਸ਼ੁਮਾਰੀ ਦੌਰਾਨ ਇਨ੍ਹਾਂ ਪਿੰਡਾਂ ਦੇ ਪੰਜਾਬੀ ਬੋਲਣ ਵਾਲੇ ਹਿੰਦੂਆਂ ਨੇ ਆਪਣੀ ਮਾਤ-ਭਾਸ਼ਾ ਹਿੰਦੀ ਲਿਖਵਾਈ ਤੇ ਇਸ ਦੇ ਬਾਵਜੂਦ ਵੀ ਅਖ਼ੀਰਲੇ ਸਮੇਂ ਕੰਦੂਖੇੜਾ ਪਿੰਡ ਦੀ ਰਾਇ ਸ਼ੁਮਾਰੀ ਤੋਂ ਇਹ ਦੋਵੇਂ ਇਲਾਕੇ ਹਰਿਆਣਾ ਵਿਚ ਜਾਣੋਂ ਬਚ ਗਏ। ਕੰਦੂਖੇੜਾ ਰਾਇ ਸ਼ੁਮਾਰੀ ਵਿਚ ਸ. ਪ੍ਰਕਾਸ਼ ਸਿੰਘ ਬਾਦਲ ਨੇ ਅਹਿਮ ਰੋਲ ਅਦਾ ਕੀਤਾ। (੧੪-੧-੧੯੮੬)

ਗੁਰਬਾਣੀ ਵਿਚਾਰ:

ਪੋਖਿ ਤੁਖਾਰੁ ਨ ਵਿਆਪਈ...

ਪੋਖਿ ਤੁਖਾਰੁ ਨ ਵਿਆਪਈ ਕੰਠਿ ਮਿਲਿਆ ਹਰਿ ਨਾਹੁ ॥
ਮਨੁ ਬੇਧਿਆ ਚਰਨਾਰਬਿੰਦ ਦਰਸਨਿ ਲਗੜਾ ਸਾਹੁ ॥
ਓਟ ਗੋਵਿੰਦ ਗੋਪਾਲ ਰਾਇ ਸੇਵਾ ਸੁਆਮੀ ਲਾਹੁ ॥
ਬਿਖਿਆ ਪੋਹਿ ਨ ਸਕਣੀ ਮਿਲਿ ਸਾਧੂ ਗੁਣ ਗਾਹੁ ॥
ਜਹ ਤੇ ਉਪਜੀ ਤਹ ਮਿਲੀ ਸਚੀ ਪ੍ਰੀਤਿ ਸਮਾਹੁ ॥
ਕਰੁ ਗਹਿ ਲੀਨੀ ਪਾਰਬ੍ਰਹਮਿ ਬਹੁੜਿ ਨ ਵਿਛੁੜੀਆਹੁ ॥
ਬਾਰਿ ਜਾਉ ਲਖ ਬੇਰੀਆ ਹਰਿ ਸਜਣੁ ਅਗਮ ਅਗਾਹੁ ॥
ਸਰਮ ਪਈ ਨਾਰਾਇਣੈ ਨਾਨਕ ਦਰਿ ਪਈਆਹੁ ॥
ਪੋਖੁ ਸੋਹੰਦਾ ਸਰਬ ਸੁਖ ਜਿਸੁ ਬਖਸੇ ਵੇਪਰਵਾਹੁ ॥੧੧॥

ਪੋਹ ਦੇ ਮਹੀਨੇ ਜਿਸ ਜੀਵ-ਇਸਤਰੀ ਦੇ ਗਲ ਨਾਲ (ਹਿਰਦੇ ਵਿਚ) ਪ੍ਰਭੂ-ਪਤੀ ਲੱਗਾ ਹੋਇਆ ਹੋਵੇ, ਉਸ ਨੂੰ ਕੱਕਰ (ਮਨ ਦੀ ਕਠੋਰਤਾ, ਕੋਰਾਪਨ) ਜ਼ੋਰ ਨਹੀਂ ਪਾ ਸਕਦਾ, (ਕਿਉਂਕਿ) ਉਸ ਦੀ ਬਿਰਤੀ ਪ੍ਰਭੂ ਦੇ ਦੀਦਾਰ ਦੀ ਤਾਂਘ ਵਿਚ ਜੁੜੀ ਰਹਿੰਦੀ ਹੈ, ਉਸ ਦਾ ਮਨ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਬੱਝਾ ਰਹਿੰਦਾ ਹੈ।

ਜਿਸ ਜੀਵ-ਇਸਤਰੀ ਨੇ ਗੋਬਿੰਦ ਗੋਪਾਲ ਦਾ ਆਸਰਾ ਲਿਆ ਹੈ, ਉਸ ਨੇ ਪ੍ਰਭੂ-ਪਤੀ ਦੀ ਸੇਵਾ ਦਾ ਲਾਭ ਖੱਟਿਆ ਹੈ, ਮਾਇਆ ਉਸ ਨੂੰ ਪੋਹ ਨਹੀਂ ਸਕਦੀ, ਗੁਰੂ ਨੂੰ ਮਿਲ ਕੇ ਉਸ ਨੇ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਚੁੱਭੀ ਲਾਈ ਹੈ। ਜਿਸ ਪਰਮਾਤਮਾ ਤੋਂ ਉਸ ਨੇ ਜਨਮ ਲਿਆ ਹੈ, ਉਸੇ ਵਿਚ ਉਹ ਜੁੜੀ ਰਹਿੰਦੀ ਹੈ, ਉਸ ਦੀ ਲਿਵ ਪ੍ਰਭੂ ਦੀ ਪ੍ਰੀਤ ਵਿਚ ਲੱਗੀ ਰਹਿੰਦੀ ਹੈ। ਪਾਰਬ੍ਰਹਮ ਨੇ (ਉਸ ਦਾ) ਹੱਥ ਫੜ ਕੇ (ਉਸ ਨੂੰ ਆਪਣੇ ਚਰਨਾਂ ਵਿਚ) ਜੋੜਿਆ ਹੁੰਦਾ ਹੈ, ਉਹ ਮੁੜ (ਉਸ ਦੇ ਚਰਨਾਂ ਤੋਂ) ਵਿਛੁੜਦੀ ਨਹੀਂ। (ਪਰ) ਉਹ ਸੱਜਣ ਪ੍ਰਭੂ ਬੜਾ ਅਪਹੁੰਚ ਹੈ, ਬੜਾ ਡੂੰਘਾ ਹੈ, ਮੈਂ ਉਸ ਤੋਂ ਲੱਖ ਵਾਰੀ ਕੁਰਬਾਨ ਹਾਂ। ਹੇ ਨਾਨਕ! (ਉਹ ਬੜਾ ਦਿਆਲ ਹੈ) ਦਰ ਉੱਤੇ ਡਿੱਗਿਆਂ ਦੀ ਉਸ ਪ੍ਰਭੂ ਨੂੰ ਇੱਜ਼ਤ ਰੱਖਣੀ ਹੀ ਪੈਂਦੀ ਹੈ।

ਜਿਸ ਉੱਤੇ ਉਹ ਬੇਪਰਵਾਹ ਪਰਮਾਤਮਾ ਮਿਹਰ ਕਰਦਾ ਹੈ, ਉਸ ਨੂੰ ਪੋਹ ਦਾ ਮਹੀਨਾ ਸੁਹਾਵਣਾ ਲੱਗਦਾ ਹੈ, ਉਸ ਨੂੰ ਸਾਰੇ ਹੀ ਸੁਖ ਮਿਲ ਜਾਂਦੇ ਹਨ ॥੧੧॥

■

ਸੰਪਾਦਕੀ...

350 ਸਾਲਾ ਗੁਰਿਆਈ ਅਤੇ ਸ਼ਹੀਦੀ ਸ਼ਤਾਬਦੀ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਸਨਮੁਖ ਸ਼ਹਾਦਤਾਂ ਪ੍ਰਾਪਤ ਕਰਨ ਵਾਲੇ ਤਿੰਨ ਮਹਾਨ ਗੁਰਸਿੱਖ- ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਤੇ ਭਾਈ ਦਿਆਲਾ ਜੀ ਦਾ ੩੫੦ ਸਾਲਾ ਸ਼ਹੀਦੀ ਦਿਹਾੜਾ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦਾ ੩੫੦ ਸਾਲਾ ਗੁਰਿਆਈ ਦਿਵਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਸਮੂਹ ਸੰਗਤ ਦੇ ਸਹਿਯੋਗ ਨਾਲ ਕੌਮੀ ਅਤੇ ਦੁਨੀਆ ਪੱਧਰ 'ਤੇ ਬੜੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ ਹੈ। ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਪਾਤਸ਼ਾਹ ਜੀ ਦੇ ਉਪਦੇਸ਼ਾਂ ਤੇ ਸੰਦੇਸ਼ਾਂ ਨੂੰ ਸਰਬ ਲੋਕਾਈ ਤਕ ਪਹੁੰਚਾਉਣ ਲਈ ਵਿਸ਼ੇਸ਼ ਉਪਰਾਲਾ ਕੀਤਾ ਗਿਆ ਜਿਸ ਤਹਿਤ ਗੁਰੂ ਪਾਤਸ਼ਾਹ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਇਕ ਵਿਸ਼ੇਸ਼ 'ਸ਼ਹੀਦੀ ਨਗਰ ਕੀਰਤਨ' ਆਰੰਭ ਕੀਤਾ ਗਿਆ ਜੋ ਵੱਖ-ਵੱਖ ੨੫ ਸੂਬਿਆਂ ਵਿਚੋਂ ਦੀ ਹੁੰਦਾ ਹੋਇਆ ੯੨ ਦਿਨਾਂ ਬਾਅਦ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਮਾਪਤ ਹੋਇਆ। ਇਸ ਮਹਾਨ ਸ਼ਹੀਦੀ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਬਹੁਤ ਹੀ ਉਤਸ਼ਾਹ ਤੇ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਸ਼੍ਰੋਮਣੀ ਕਮੇਟੀ ਚੱਲੋਂ ਉਚੇਚੇ ਤੌਰ 'ਤੇ ੨੧ ਤੋਂ ੨੯ ਨਵੰਬਰ ਤਕ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਵੱਡੇ ਗੁਰਮਤਿ ਸਮਗਾਮ ਕਰਵਾਏ ਗਏ। ਇਨ੍ਹਾਂ ਸਮਾਗਮਾਂ ਵਿਚ ਜਿੱਥੇ ਸ੍ਰੀ ਅਖੰਡ ਪਾਠ ਸਾਹਿਬ ਹੋਏ, ਉੱਥੇ ਵੱਡੀ ਗਿਣਤੀ ਵਿਚ ਸੰਗਤਾਂ ਵੱਲੋਂ ਆਪਣੇ ਘਰਾਂ ਵਿਚ ਕੀਤੇ ਗਏ ਸ੍ਰੀ ਸਹਿਜ ਪਾਠਾਂ ਦੇ ਭੋਗ ਵੀ ਪਾਏ ਗਏ। ਇਨ੍ਹਾਂ ਸਮਾਗਮਾਂ ਵਿਚ ਕਥਾ, ਕੀਰਤਨ, ਢਾਡੀ, ਕਵੀਸਰ ਤੇ ਹੋਰ ਗੁਰਮਤਿ ਵਿਚਾਰਾਂ ਤੋਂ ਇਲਾਵਾ ਗੁਰੂ ਪਾਤਸ਼ਾਹ ਜੀ ਦੇ ਜੀਵਨ, ਬਾਣੀ ਤੇ ਸ਼ਹਾਦਤ ਸੰਬੰਧੀ ਜਾਣਕਾਰੀ ਮੁਹੱਈਆ ਕਰਵਾਉਣ ਵਾਲੀਆਂ ਪੁਸਤਕਾਂ, ਸੋਵੀਨਰ ਤੇ ਟ੍ਰੈਕਟ ਆਦਿ ਵੀ ਲੋਕ ਅਰਪਣ ਕੀਤੇ ਗਏ। ਇਸ ਤੋਂ ਪਹਿਲਾਂ ਸ਼ਤਾਬਦੀ ਨੂੰ ਸਮਰਪਿਤ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਵਿਚ ਕਈ ਸੈਮੀਨਾਰ ਵੀ ਕਰਵਾਏ ਸਨ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਧਰਮ ਰੱਖਿਆ ਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਸ਼ਹਾਦਤ ਦਿੱਤੀ। ਆਪ ਜੀ ਦੇ ਜੀਵਨ, ਸ਼ਹਾਦਤ ਤੇ ਆਦਰਸ਼ ਨੂੰ ਸਮਝਣ ਲਈ ਸਭ ਤੋਂ ਪਹਿਲਾਂ ਸਿੱਖ ਧਰਮ ਦੇ ਆਗਾਜ਼ ਬਾਰੇ ਗੱਲ ਕਰਨੀ ਪਏਗੀ ਤਾਂ ਹੀ ਉਸ ਨੂੰ ਸਮਝਿਆ ਜਾ ਸਕੇਗਾ, ਕਿਉਂਕਿ ਇੰਨੀ ਵੱਡੀ ਕੁਰਬਾਨੀ ਕਰਨੀ ਕੋਈ ਸੌਖੀ ਗੱਲ ਨਹੀਂ ਹੈ। ਇਸ ਦੀਆਂ ਜੜਾਂ ਗੁਰੂ ਨਾਨਕ ਕਾਲ ਤਕ ਚਲੀਆਂ ਜਾਂਦੀਆਂ ਹਨ, ਕਿਉਂਕਿ 'ਜੋਤਿ ਓਹਾ ਜੁਗਤਿ ਸਾਇ ਸਹਿ ਕਾਇਆ ਫੇਰਿ ਪਲਟੀਐ॥' ਭਾਵ ਗੁਰੂ ਨਾਨਕ ਜੋਤਿ ਹੀ ਨੌ ਜਾਮਿਆਂ ਵਿਚ ਵਿਚਰੀ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਪਹਿਲੇ ਜਾਮੇ ਵਿਚ ਜਿਹੜੇ ਜੰਞੂ ਨੂੰ ਪਾਉਣ ਤੋਂ ਇਨਕਾਰ ਕੀਤਾ ਸੀ, ਨੌਵੇਂ ਜਾਮੇ ਵਿਚ ਉਸੇ ਜੰਞੂ ਦੀ ਰਾਖੀ ਲਈ ਗੁਰੂ ਨਾਨਕ ਜੋਤਿ ਨੇ ਹੀ ਸ਼ਹਾਦਤ ਦਿੱਤੀ। ਇਸ ਵਿਚ ਦੋਵੇਂ ਥਾਵਾਂ ਤੇ ਹੀ ਧਾਰਮਿਕ ਅਜ਼ਾਦੀ ਨੂੰ ਮਾਨਤਾ ਦਿੰਦੇ ਹੋਏ ਕਿਸੇ ਪ੍ਰਕਾਰ ਦੀ ਜਬਰਦਸਤੀ ਨੂੰ ਵੰਗਾਰਿਆ ਗਿਆ ਹੈ। ਉਹ ਚਾਹੇ ਕਿਸੇ ਵੀ ਧਰਮ ਦੀਆਂ ਧਾਰਮਿਕ ਕਿਰਿਆਵਾਂ, ਪਰੰਪਰਾਵਾਂ ਹੋਣ ਜਾਂ ਧਰਮ ਪਰਿਵਰਤਨ ਹੋਵੇ। ਗੁਰਮਤਿ ਵਿਚ ਜਬਰਦਸਤੀ ਤੇ ਧੱਕਾ ਪ੍ਰਵਾਨ ਨਹੀਂ, ਕਿਉਂਕਿ ਧਰਮ ਨਿੱਜੀ ਵਰਤਾਰਾ ਹੈ ਇਸ ਨੂੰ ਕਿਸੇ ਦੂਜੇ 'ਤੇ ਥੋਪਿਆ ਨਹੀਂ ਜਾ ਸਕਦਾ, ਬਲਕਿ ਸੈ-ਇੱਛਾ ਨਾਲ ਧਾਰਨ ਕੀਤਾ ਜਾ ਸਕਦਾ, ਇਹੀ ਗੁਰੂ ਨਾਨਕ ਪਾਤਸ਼ਾਹ ਜੀ ਦੇ 'ਨਿਰਮਲ ਪੰਥ' ਦੀ ਵਿਲੱਖਣਤਾ ਹੈ।

ਦੁਨੀਆਂ ਦੇ ਤਮਾਮ ਧਰਮਾਂ ਵਿਚੋਂ ਕਾਲ-ਕ੍ਰਮ ਮੁਤਾਬਿਕ ਸਿੱਖ ਧਰਮ ਨਵਾਂ ਤੇ ਛੋਟੀ ਉਮਰ ਦਾ ਧਰਮ ਮੰਨਿਆ ਜਾਂਦਾ ਹੈ, ਪਰ ਇਸ ਦੇ ਸਿਧਾਂਤ ਤੇ ਸੰਕਲਪ ਐਸੇ ਹਨ ਜਿਨ੍ਹਾਂ ਕਰਕੇ ਇਹ ਦੂਸਰੇ ਧਰਮਾਂ ਵਿਚੋਂ ਵਿਲੱਖਣ ਧਰਮ ਕਹਿਲਾਉਣ ਦਾ ਭਾਗੀ ਹੈ। ਇਸ ਧਰਮ ਦਾ ਆਰੰਭ ਗੁਰੂ ਨਾਨਕ ਪਾਤਸ਼ਾਹ ਜੀ ਦੇ ਪ੍ਰਕਾਸ਼ ਤੋਂ ਮੰਨਿਆ ਜਾਂਦਾ ਹੈ। ਜਗਤ ਅੰਦਰ ਕਿੰਨੇ ਹੀ ਪੀਰ, ਪੈਗ਼ੰਬਰ ਤੇ ਧਰਮ ਬਾਨੀ ਹੋਏ ਹਨ, ਜਿਨ੍ਹਾਂ ਦਾ ਮਨੋਰਥ ਲੋਕ-ਭਲਾਈ ਹਿੱਤ ਕਾਰਜ ਕਰਨੇ ਤੇ ਉਨ੍ਹਾਂ ਨੂੰ ਸੱਚ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦੇਣਾ ਰਿਹਾ ਹੈ। ਪਰ ਸਮਾਂ ਪਾ ਕੇ ਇਨ੍ਹਾਂ ਦੇ ਧਾਰਮਿਕ ਆਗੂਆਂ ਵਿਚ ਭਰਮ, ਪਾਖੰਡ, ਕਰਮ-ਕਾਂਡ, ਉੱਚ-ਨੀਚ ਜਾਂ ਰੂੜੀਵਾਦੀ ਵਿਚਾਰਧਾਰਾ ਪੈਦਾ ਹੋ ਗਈ ਸੀ, ਜਿਸ ਕਰਕੇ ਇਨ੍ਹਾਂ ਦਾ ਤੇ ਇਨ੍ਹਾਂ ਦੇ ਅਨੁਯਾਈਆਂ ਦਾ ਜੀਵਨ ਨਿਘਾਰ ਵੱਲ ਨੂੰ ਚਲਾ ਗਿਆ। ਅਜਿਹੇ ਹਾਲਾਤਾਂ ਨੂੰ ਗੁਰੂ ਨਾਨਕ ਪਾਤਸ਼ਾਹ ਜੀ ਨੇ ਆਪਣੀ ਬਾਣੀ ਵਿਚ ਬਿਆਨ ਕੀਤਾ ਹੈ:

ਕਲਿ ਕਾਤੀ ਰਾਜੇ ਕਸਾਈ ਧਰਮੁ ਪੰਖ ਕਰਿ ਉਡਰਿਆ॥...
...ਕਹੁ ਨਾਨਕ ਕਿਨਿ ਬਿਧਿ ਗਤਿ ਹੋਈ॥ (ਸ੍ਰੀ ਗੁਰੂ ਗ੍ਰੰਥ ਸਾਹਿਬ, ੧੪੫)

ਅਰਥਾਤ- ਰਾਜੇ ਜਿਨ੍ਹਾਂ ਦਾ ਕੰਮ ਪਰਜਾ ਦੀ ਭਲਾਈ ਕਰਨਾ ਹੁੰਦਾ ਹੈ, ਉਹ ਕਸਾਈ ਬਣ ਗਏ ਸਨ ਤੇ ਧਰਮ ਖੰਭ ਲਾ ਕੇ ਉਡ ਗਿਆ ਸੀ। ਮੱਸਿਆ ਦੀ ਰਾਤ ਦੀ ਤਰ੍ਹਾਂ ਘੁਪ ਹਨ੍ਹੇਰਾ ਪਸਰ ਚੁੱਕਾ ਸੀ ਤੇ ਸੱਚ ਰੂਪ ਚੰਦ੍ਰਮਾ ਕਿਤੇ ਵੀ ਚੜਿਆ ਨਜ਼ਰ ਨਹੀਂ ਆ ਰਿਹਾ ਸੀ।

ਭਾਈ ਗੁਰਦਾਸ ਜੀ ਨੇ ਐਸੇ ਭਿਆਨਕ ਹਾਲਾਤਾਂ ਦਾ ਵਰਣਨ ਆਪਣੀਆਂ ਵਾਰਾਂ ਵਿਚ ਇਸ ਤਰ੍ਹਾਂ ਕੀਤਾ ਹੈ:

ਭਈ ਗਿਲਾਨਿ ਜਗਤ ਵਿਚਿ ਚਾਰਿ ਵਰਨ ਆਸ੍ਰਮ ਉਪਾਏ।
ਦਸ ਨਾਮਿ ਸੰਨਿਆਸੀਆ ਜੋਗੀ ਬਾਰਹ ਪੰਥਿ ਚਲਾਏ।...

(ਭਾਈ ਗੁਰਦਾਸ ਜੀ, ਵਾਰ ੧, ਪਉੜੀ ੧੯)

ਜਗਤ ਦੀ ਅਜਿਹੀ ਹਾਲਤ ਵਿਚ ਫਿਰ ਧਰਤੀ ਰੱਬ ਅੱਗੇ ਪੁਕਾਰ ਕਰਦੀ ਹੈ ਜਿਸ ਕਾਰਨ ਗੁਰੂ ਨਾਨਕ ਸਾਹਿਬ ਧਰਤੀ 'ਤੇ ਦੇਹ ਰੂਪ ਵਿਚ ਅਵਤਰਿਤ ਹੁੰਦੇ ਹਨ। ਇਸ ਨੂੰ ਭਾਈ ਗੁਰਦਾਸ ਜੀ ਆਪਣੇ ਸ਼ਬਦਾਂ ਵਿਚ ਇੰਝ ਬਿਆਨ ਕਰਦੇ ਹਨ:

ਸੁਣੀ ਪੁਕਾਰਿ ਦਾਤਾਰ ਪ੍ਰਭੁ ਗੁਰੁ ਨਾਨਕ ਜਗ ਮਾਹਿ ਪਠਾਇਆ।...
ਕਲਿ ਤਾਰਣਿ ਗੁਰੁ ਨਾਨਕੁ ਆਇਆ॥

(ਭਾਈ ਗੁਰਦਾਸ ਜੀ, ਵਾਰ ੧, ਪਉੜੀ ੨੩)

ਸ੍ਰੀ ਗੁਰੂ ਨਾਨਕ ਦੇਵ ਜੀ ਨੇ ਜਿੱਥੇ ਪਹਿਲਾਂ ਹੋ ਚੁੱਕੇ ਧਰਮਾਂ ਦੇ ਸੱਚ ਨਾਲ ਉਨ੍ਹਾਂ ਦੇ ਮੰਨਣ ਵਾਲਿਆਂ ਨੂੰ ਜੁੜਨ ਲਈ ਪ੍ਰੇਰਿਆ, ਉੱਥੇ ਹੀ ਨਵੇਂ ਪੰਥ ਦੇ ਆਗਾਜ਼ ਨਾਲ ਪੁਰਾਤਨ ਚੱਲ ਰਹੀਆਂ ਪਰੰਪਰਾਵਾਂ, ਸੰਕਲਪਾਂ ਤੇ ਸਿਧਾਂਤਾਂ ਨੂੰ ਨਵਿਆ ਕੇ ਲੋਕਾਈ ਅੱਗੇ ਸਰਬੱਤ ਦੇ ਭਲੇ ਲਈ ਅਤੇ ਕੁਝ ਪੁਰਾਣੇ ਚੱਲ ਰਹੇ ਸਿਧਾਂਤਾਂ ਨੂੰ ਨਵੇਂ ਅਰਥਾਂ ਵਿਚ ਵੀ ਪੇਸ਼ ਕੀਤਾ। ਗੁਰੂ ਨਾਨਕ ਪਾਤਸ਼ਾਹ ਜੀ ਦੇ ਸਮੇਂ ਜਦੋਂ ਬਾਬਰ ਚੜ੍ਹ ਕੇ ਆਇਆ ਤਾਂ ਗੁਰੂ ਪਾਤਸ਼ਾਹ ਜੀ ਨੇ ਉਸ ਨੂੰ ਜਾਬਰ ਕਹਿ ਕੇ ਵੰਗਾਰਿਆ, ਜੋ ਕਿ ਜਬਰ ਤੇ ਜ਼ੁਲਮ ਖ਼ਿਲਾਫ਼ ਉਠਾਉਣ ਵਾਲਾ ਪਹਿਲਾ ਕਦਮ ਸੀ। ਇਸ ਨੂੰ ਫਿਰ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ਼ਾਂਤਮਈ ਸ਼ਹਾਦਤ ਦੇ ਕੇ ਵਿਵਹਾਰਕ ਜੀਵਨ ਵਿਚ ਰੂਪਮਾਨ ਕੀਤਾ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਸ਼ਹਾਦਤ ਦੇ ਕੇ ਇਸੇ ਸਿਧਾਂਤ ਦੀ ਪਹਿਰੇਦਾਰੀ ਕੀਤੀ। ਸਰਬ ਲੋਕਾਈ ਦੇ ਭਲੇ ਲਈ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਯਾਤਰਾਵਾਂ ਕੀਤੀਆਂ ਜਿਸ ਨੂੰ ਚਾਰ ਉਦਾਸੀਆਂ ਕਿਹਾ ਜਾਂਦਾ ਹੈ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਵੀ ਗੁਰੂ ਨਾਨਕ ਸਾਹਿਬ ਦੇ ਇਨ੍ਹਾਂ ਆਦਰਸ਼ਾਂ ਨੂੰ ਅੱਗੇ ਵਧਾਉਂਦਿਆਂ

ਹੋਇਆਂ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਲਈ ਅਤੇ ਲੋਕਾਂ ਵਿਚ ਸੱਚਾਈ, ਪਿਆਰ ਅਤੇ ਨਿਡਰਤਾ ਦਾ ਸੰਦੇਸ਼ ਦੇਣ ਲਈ ਲੰਮੀਆਂ ਯਾਤਰਾਵਾਂ ਕੀਤੀਆਂ। ਗੁਰੂ ਜੀ ਨੇ ਤਤਕਾਲੀ ਸਮਾਜ ਵਿੱਚ ਫੈਲੀਆਂ ਸਮਾਜਿਕ ਬੁਰਾਈਆਂ ਉੱਚ-ਨੀਚ, ਅਮੀਰ-ਗਰੀਬ ਅਤੇ ਕਰਮ-ਕਾਂਡਾਂ ਵਿਚ ਫਸੀ ਲੋਕਾਈ ਨੂੰ ਇਨ੍ਹਾਂ ਅਲਾਮਤਾਂ ਤੋਂ ਦੂਰ ਕਰਨ ਦੇ ਉਪਦੇਸ਼ ਦਿੱਤੇ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਲੋਕਾਂ ਨੂੰ ਡਰ ਅਤੇ ਜ਼ੁਲਮ ਅੱਗੇ ਝੁੱਕਣ ਦੀ ਬਜਾਏ, ਸੱਚ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੱਤੀ। ਉਨ੍ਹਾਂ ਦੀਆਂ ਸਿੱਖਿਆਵਾਂ ਨੇ ਲੋਕਾਂ ਵਿੱਚ ਆਤਮ-ਵਿਸ਼ਵਾਸ ਅਤੇ ਸ੍ਵੈ-ਮਾਣ ਪੈਦਾ ਕੀਤਾ। ਜਿਸ ਨਾਲ ਉਹ ਜ਼ਾਲਮ ਸ਼ਾਸਕਾਂ ਦਾ ਸਾਹਮਣਾ ਕਰਨ ਦੇ ਸਮਰੱਥ ਹੋਏ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਨੇ ਸਿੱਖ ਧਰਮ ਦੀ ਨੀਂਹ ਨੂੰ ਹੋਰ ਮਜ਼ਬੂਤ ਕੀਤਾ ਅਤੇ ਇਹ ਸਾਬਤ ਕਰ ਦਿੱਤਾ ਕਿ ਧਰਮ ਅਤੇ ਸੱਚਾਈ ਦੀ ਰਾਖੀ ਲਈ ਸਭ ਤੋਂ ਵੱਡੀ ਕੁਰਬਾਨੀ ਵੀ ਦਿੱਤੀ ਜਾ ਸਕਦੀ ਹੈ। ਗੁਰੂ ਜੀ ਦੀ ਸਭ ਤੋਂ ਮਹਾਨ ਵਿਰਾਸਤ ਧਰਮ ਦੀ ਅਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਦਿੱਤੀ ਗਈ ਸ਼ਹਾਦਤ ਹੈ। ਜਦੋਂ ਕਸ਼ਮੀਰੀ ਪੰਡਿਤਾਂ ਨੇ ਉਨ੍ਹਾਂ ਕੋਲ ਫਰਿਆਦ ਕੀਤੀ, ਤਾਂ ਗੁਰੂ ਜੀ ਨੇ ਉਨ੍ਹਾਂ ਦੇ ਧਰਮ ਦੀ ਰੱਖਿਆ ਲਈ ਆਪਣਾ ਜੀਵਨ ਕੁਰਬਾਨ ਕਰ ਦਿੱਤਾ। ਇਹ ਘਟਨਾ ਸਿਰਫ਼ ਸਿੱਖਾਂ ਲਈ ਨਹੀਂ, ਸਗੋਂ ਪੂਰੀ ਮਨੁੱਖਤਾ ਲਈ ਧਰਮ ਦੀ ਅਜ਼ਾਦੀ ਦਾ ਪ੍ਰਤੀਕ ਬਣ ਗਈ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਅਦੁੱਤੀ ਸ਼ਹਾਦਤ ਨੇ ਮੁਗ਼ਲ ਹਕੂਮਤ ਦੇ ਜ਼ੁਲਮ ਨੂੰ ਸਪੱਸ਼ਟ ਰੂਪ ਵਿੱਚ ਦਰਸਾਇਆ। ਇਸ ਸ਼ਹਾਦਤ ਨੇ ਇਹ ਸਪੱਸ਼ਟ ਕਰ ਦਿੱਤਾ ਕਿ ਜ਼ਾਲਮ ਮੁਗ਼ਲ ਹਕੂਮਤ ਸ਼ਾਂਤੀਪੂਰਨ ਸਹਿ-ਹੋਂਦ ਨੂੰ ਸਵੀਕਾਰ ਨਹੀਂ ਕਰੇਗੀ ਅਤੇ ਧਰਮ ਦੀ ਰਾਖੀ ਲਈ ਹਥਿਆਰ ਚੁੱਕਣੇ ਜ਼ਰੂਰੀ ਹੋ ਗਏ ਹਨ। ਇਸੇ ਘਟਨਾ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਅਜਿਹੇ ਸਿੱਖਾਂ ਦੀ ਇਕ ਫੌਜ ਤਿਆਰ ਕਰਨ ਲਈ ਪ੍ਰੇਰਿਤ ਕੀਤਾ ਜੋ ਧਰਮ ਅਤੇ ਮਨੁੱਖਤਾ ਦੀ ਰਾਖੀ ਲਈ ਲੜ ਸਕਣ। ਇਸ ਨੇ ਲੋਕਾਂ ਵਿੱਚ ਜ਼ੁਲਮ ਦੇ ਵਿਰੁੱਧ ਖੜ੍ਹਨ ਦੀ ਭਾਵਨਾ ਪੈਦਾ ਕੀਤੀ। ਗੁਰੂ ਸਾਹਿਬ ਦੀ ਸ਼ਹਾਦਤ ਨੇ ਇਕ ਅਜਿਹੀ ਮਿਸਾਲ ਕਾਇਮ ਕੀਤੀ ਜਿਸ ਤੋਂ ਪ੍ਰੇਰਿਤ ਹੋ ਕੇ, ਉਨ੍ਹਾਂ ਦੇ ਫਰਜ਼ੰਦ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਖ਼ਾਲਸਾ ਪੰਥ ਦੀ ਸਿਰਜਣਾ ਕੀਤੀ, ਜੋ ਜ਼ੁਲਮ ਦੇ ਖ਼ਿਲਾਫ਼ ਲੜਨ ਵਾਲੀ ਇਕ ਸ਼ਕਤੀਸ਼ਾਲੀ ਕੌਮ ਬਣੀ। ਗੁਰੂ ਸਾਹਿਬ ਦੁਆਰਾ ਸਥਾਪਿਤ ਸ੍ਰੀ ਅਨੰਦਪੁਰ ਸਾਹਿਬ ਬਾਅਦ ਵਿੱਚ ਸਿੱਖਾਂ ਦਾ ਇੱਕ ਮਹੱਤਵਪੂਰਨ ਧਾਰਮਿਕ ਅਤੇ ਇਤਿਹਾਸਿਕ ਕੇਂਦਰ ਬਣਿਆ। ਇੱਥੇ ਹੀ ਖ਼ਾਲਸਾ ਪੰਥ ਦੀ ਸਾਜਨਾ ਹੋਈ, ਜਿਸ ਨੇ ਸਿੱਖ ਇਤਿਹਾਸ ਨੂੰ ਇਕ ਨਵਾਂ ਮੋੜ ਦਿੱਤਾ। ਖ਼ਾਲਸਾ ਫੌਜ ਤਿਆਰ ਕਰਨ ਦਾ ਉਦੇਸ਼ ਸਿਰਫ਼ ਸਿੱਖਾਂ ਦੀ ਰਾਖੀ ਕਰਨਾ ਨਹੀਂ ਸੀ, ਬਲਕਿ ਇਹ ਇਕ ਅਜਿਹੀ ਸੰਸਥਾ ਸੀ ਜੋ ਜ਼ੁਲਮ ਦੇ ਵਿਰੁੱਧ ਲੜਨ ਲਈ ਹਮੇਸ਼ਾ ਤਿਆਰ ਰਹੇ। ਹਰ ਕਿਸੇ ਦੀ ਧਾਰਮਿਕ ਅਜ਼ਾਦੀ ਦਾ ਸਤਿਕਾਰ ਅਤੇ ਉਸ ਦੀ ਰਾਖੀ ਵੀ ਕਰੇ, ਨਿਆਂ ਅਤੇ ਸੱਚਾਈ ਲਈ ਸੰਘਰਸ਼ ਕਰੇ। ਇਸ ਤਰ੍ਹਾਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੇ ਇੱਕ ਸ਼ਾਂਤਮਈ ਲਹਿਰ ਨੂੰ ਇੱਕ ਸਸ਼ਕਤ ਫੌਜੀ ਸ਼ਕਤੀ ਵਿੱਚ ਬਦਲਣ ਦਾ ਕੰਮ ਕੀਤਾ। ਉਨ੍ਹਾਂ ਦੀ ਸ਼ਹੀਦੀ ਸਦਕਾ ਹੀ ਸਿੱਖ ਕੌਮ ਨੇ ਜ਼ੁਲਮ ਦਾ ਟਾਕਰਾ ਕਰ ਕੇ ਪੰਜਾਬ ਜਾਂ ਭਾਰਤ ਹੀ ਨਹੀਂ, ਬਲਕਿ ਸਮੁੱਚੇ ਜਗਤ ਵਿੱਚ ਧਾਰਮਿਕ ਅਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਇਕ ਨਵਾਂ ਅਧਿਆਏ ਸ਼ੁਰੂ ਕੀਤਾ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਅਡੋਲ ਵਿਸ਼ਵਾਸ ਅਤੇ ਜ਼ੁਲਮ ਦੇ ਖਿਲਾਫ਼ ਲੜਨ ਦਾ ਸਾਹਸ ਤੇ ਉਨ੍ਹਾਂ ਦੇ ਅਨਿੰਨ ਸਿੱਖਾਂ ਦੀ ਸ਼ਹਾਦਤ ਆਉਣ ਵਾਲੀਆਂ ਪੀੜ੍ਹੀਆਂ ਲਈ ਕੁਰਬਾਨੀ ਅਤੇ ਨਿਡਰਤਾ ਦਾ ਪ੍ਰਤੀਕ ਬਣੀ। ਇਸ ਨੇ ਲੋਕਾਂ ਨੂੰ ਸਿਖਾਇਆ ਕਿ ਸੱਚਾਈ ਅਤੇ ਧਰਮ ਦੀ ਰੱਖਿਆ ਲਈ ਵੱਡੀ ਤੋਂ ਵੱਡੀ ਕੁਰਬਾਨੀ ਦੇਣ ਤੋਂ ਵੀ ਪਿੱਛੇ ਨਹੀਂ ਹਟਣਾ ਚਾਹੀਦਾ। ਆਪ ਜੀ ਨੂੰ 'ਹਿੰਦ ਦੀ ਚਾਦਰ' ਅਤੇ

'ਧਰਮ ਦੀ ਚਾਦਰ' ਵਜੋਂ ਯਾਦ ਕੀਤਾ ਜਾਂਦਾ ਹੈ, ਕਿਉਂਕਿ ਉਨ੍ਹਾਂ ਨੇ ਦੂਜਿਆਂ ਦੇ ਧਰਮ ਦੀ ਰਾਖੀ ਲਈ ਆਪਣਾ ਜੀਵਨ ਕੁਰਬਾਨ ਕੀਤਾ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਜਿੱਥੇ ਆਪਣੀ ਜੀਵਨ ਯਾਤਰਾ ਰਾਹੀਂ ਸਿੱਖ ਧਰਮ ਨੂੰ ਭੂਗੋਲਿਕ ਤੌਰ 'ਤੇ ਵਿਸਥਾਰ ਦਿੱਤਾ, ਉੱਥੇ ਸਥਾਨਿਕ ਲੋਕਾਂ ਵਿਚ ਐਸੀ ਸਮਾਜਿਕ ਚੇਤਨਾ ਵੀ ਪੈਦਾ ਕੀਤੀ ਜਿਸ ਨੇ ਉਕਤ ਅਨੁਸਾਰ ਭਵਿੱਖ ਵਿੱਚ ਕੌਮ ਨੂੰ ਜ਼ੁਲਮ ਦੇ ਵਿਰੁੱਧ ਸੰਘਰਸ਼ ਕਰਨ ਲਈ ਤਿਆਰ ਕੀਤਾ। ਆਪ ਜੀ ਦਾ ਜੀਵਨ, ਬਾਣੀ ਤੇ ਸ਼ਹਾਦਤ ਅੱਜ ਵੀ ਮਨੁੱਖਤਾ ਨੂੰ ਨਿਡਰਤਾ, ਤਿਆਗ ਅਤੇ ਧਰਮ ਦੀ ਅਜ਼ਾਦੀ ਲਈ ਖੜ੍ਹਨ ਤੇ ਲੜਨ-ਮਰਨ ਦੀ ਪ੍ਰੇਰਣਾ ਦਿੰਦਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ

ਧਰਮ ਪ੍ਰਚਾਰ ਕਮੇਟੀ ਵੱਲੋਂ

ਦੋ-ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ

ਪੰਜਾਬੀ/ਹਿੰਦੀ/ਅੰਗਰੇਜ਼ੀ ਮੀਡੀਅਮ ਵਿਚ ਕਰਵਾਇਆ ਜਾਂਦਾ ਹੈ।

ਇਸ ਕੋਰਸ ਵਿਚ ਗੁਰਬਾਣੀ, ਇਤਿਹਾਸ, ਸਿੱਖ ਸਿਧਾਂਤ ਅਤੇ ਸਿੱਖ ਰਹਿਤ ਮਰਯਾਦਾ ਦੀ ਜਾਣਕਾਰੀ ਦਿੱਤੀ ਜਾਂਦੀ ਹੈ। ਦਾਖ਼ਲਾ ਲੈਣ ਵਾਲੇ ਨੂੰ ਕੋਰਸ ਦੇ ਸਿਲੇਬਸ ਨਾਲ ਸੰਬੰਧਿਤ ਪਾਠ ਸਮੱਗਰੀ ਭੇਟਾ-ਰਹਿਤ ਦਿੱਤੀ ਜਾਂਦੀ ਹੈ।

* ਇਸ ਕੋਰਸ ਵਿਚ ਹਰ ਧਰਮ, ਹਰ ਖੇਤਰ ਨਾਲ ਸੰਬੰਧਿਤ ਵਿਅਕਤੀ, ਜਿਸ ਦੀ ਉਮਰ 16 ਸਾਲ ਤੋਂ ਉੱਪਰ ਹੋਵੇ, ਦਾਖ਼ਲਾ ਲੈ ਕੇ ਘਰ ਬੈਠਿਆਂ ਦੋ ਸਾਲ ਵਿਚ ਸਿੱਖ ਧਰਮ ਸਬੰਧੀ ਭਰਪੂਰ ਜਾਣਕਾਰੀ ਪ੍ਰਾਪਤ ਕਰ ਸਕਦਾ ਹੈ।
* ਕੋਰਸ ਦੀ ਦਾਖ਼ਲਾ ਫੀਸ ਭਾਰਤੀ ਨਾਗਰਿਕਾਂ ਲਈ ਕੇਵਲ 100/- ਰੁਪਏ ਅਤੇ ਵਿਦੇਸ਼ੀ ਨਾਗਰਿਕਾਂ ਲਈ 30 ਅਮਰੀਕੀ ਡਾਲਰ ਜਾਂ 20 ਪੌਂਡ (ਯੂ.ਕੇ.) ਜਾਂ ਭਾਰਤੀ ਮੁਦਰਾ ਵਿਚ 1500/- ਸੌ ਰੁਪਏ ਹੈ। ਦਾਖ਼ਲਾ ਫੀਸ ਸਕੱਤਰ, ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਨਾਮ ਬੈਂਕ ਡਰਾਫਟ ਜਾਂ ਈ-ਮਨੀਆਰਡਰ ਜਾਂ ਨਗਦ ਰੂਪ ਵਿਚ ਦਫ਼ਤਰ, ਧਾਰਮਿਕ ਪ੍ਰੀਖਿਆ ਵਿਖੇ ਜਮ੍ਹਾਂ ਕਰਵਾਈ ਜਾ ਸਕਦੀ ਹੈ। ਇਸ ਸਬੰਧੀ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਜਾਂ ਸਿੱਖ ਮਿਸ਼ਨ ਦੇ ਇੰਚਾਰਜ ਸਾਹਿਬਾਨ ਨਾਲ ਵੀ ਸੰਪਰਕ ਕੀਤਾ ਜਾ ਸਕਦਾ ਹੈ।
* ਕੋਰਸ ਵਿਚ ਪਹਿਲਾ, ਦੂਸਰਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਪ੍ਰੀਖਿਆਰਥੀਆਂ ਨੂੰ ਕ੍ਰਮਵਾਰ 5100/-, 4100/- ਤੇ 3100/- ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਂਦਾ ਹੈ ਅਤੇ 80% ਤੋਂ ਵੱਧ ਨੰਬਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ 1100/- ਰੁਪਏ ਪ੍ਰਤੀ ਵਿਦਿਆਰਥੀ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ।

ਚਿੱਠੀ ਪੱਤਰ ਲਈ ਪਤਾ:- ਇੰਚਾਰਜ ਧਾਰਮਿਕ ਪ੍ਰੀਖਿਆ,
ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
ਫੋਨ: 0183-2553956-59, ਐਕਸ: 305, ਫੈਸਕ: 91-0183-2553919
E-mail: religiousexam@gmail.com Web: www.sgpc.net
ਸਮਾਂ ਸਵੇਰੇ 9:30 ਵਜੇ ਤੋਂ ਸ਼ਾਮ 4:30 ਵਜੇ ਤਕ

ਵੱਡੇ ਸਾਹਿਬਜ਼ਾਦਿਆਂ ਦੀ ਸ਼ਹਾਦਤ

-ਪ੍ਰੋ. ਕਿਰਪਾਲ ਸਿੰਘ ਬਡੂੰਗਰ*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੀ ਦਿਲ-ਕੰਬਾਊ, ਨਿਵੇਕਲੀ, ਲਾਮਿਸਾਲ ਅਤੇ ਇਤਿਹਾਸਿਕ ਘਟਨਾ ਹੈ। ਇਸ ਘਟਨਾ ਨੂੰ ਪੂਰੀ ਤਰ੍ਹਾਂ ਸਮਝਣ ਲਈ ਭਾਰਤ ਦੇ ਉਸ ਤੋਂ ਪਿਛਲੇ ਇਤਿਹਾਸ ਤਥਾ ਸਮੇਂ ਦੇ ਧਾਰਮਿਕ, ਆਰਥਿਕ, ਸਮਾਜਿਕ ਅਤੇ ਰਾਜਨੀਤਿਕ ਹਾਲਾਤ ਬਾਰੇ ਜਾਣਨਾ ਉਪਯੋਗੀ ਹੋਵੇਗਾ। ਸੰਖੇਪ ਵਿਚ ਇਹ ਸਮਝਣ ਦੀ ਲੋੜ ਹੈ ਕਿ ਕਿਸੇ ਸਮੇਂ ਇਹ ਦੇਸ਼ "ਸੋਨੇ ਦੀ ਚਿੜੀ" ਸੀ। ਵਿੱਦਿਆ ਦਾ ਗੜ੍ਹ, ਸਭਿਅਤਾ ਦਾ ਪੰਘੂੜਾ, ਰਾਜਨੀਤਿਕ ਤੌਰ 'ਤੇ ਬਲਵਾਨ ਵਜੋਂ ਜਾਣਿਆ ਜਾਂਦਾ ਸੀ। ਇਹ ਦੇਸ਼, ਭਾਰਤੀ ਸਮਾਜ ਦੀ ਕੀਤੀ ਗਈ ਜਾਤ-ਵੰਡ, ਵਰਣ-ਵੰਡ, ਆਸ਼ਰਮ-ਵੰਡ, ਧਾਰਮਿਕ ਕੱਟੜਤਾ, ਛੂਤ-ਛਾਤ, ਊਚ-ਨੀਚ ਆਦਿ ਕਾਰਨ ਲੀਰੋ-ਲੀਰ ਹੋ ਗਿਆ। ਇਸ ਦੇ ਨਾਲ ਹੀ ਇੱਥੋਂ ਦੇ ਦੇਸੀ ਰਿਆਸਤੀ ਰਾਜਿਆਂ ਦੇ ਐਸ਼-ਪ੍ਰਸਤੀ, ਲੁੱਟ-ਕੁੱਟ, ਆਪਸੀ ਵੈਰ-ਵਿਰੋਧ, ਆਰਥਿਕ ਕਾਣੀ ਵੰਡ ਨੇ ਬਲਦੀ ਉੱਤੇ ਤੇਲ ਪਾਉਣ ਦਾ ਕੰਮ ਕੀਤਾ। ਨਤੀਜੇ ਵਜੋਂ ਦੇਸ਼ ਅੰਦਰ ਢੇਰ ਸਾਰੀਆਂ ਕਮੀਆਂ-ਕਮਜ਼ੋਰੀਆਂ ਆ ਗਈਆਂ। ਦੇਸ਼ ਆਪਣੇ ਧਰਮ, ਗੈਰਤ, ਅਣਖ ਅਤੇ ਸਰਹੱਦਾਂ ਦੀ ਰੱਖਿਆ ਕਰਨ ਤੋਂ ਅਸਮਰੱਥ ਹੋ ਗਿਆ। ਹਾਲਾਤ ਐਸੇ ਬਣ ਗਏ ਕਿ ਹਜ਼ਰਤ ਮੁਹੰਮਦ ਸਾਹਿਬ ਦੇ ੬੩੨ ਈ: ਵਿਚ ਵਫ਼ਾਤ (ਮੌਤ) ਤੋਂ ੮੦ ਸਾਲ ਬਾਅਦ ੭੧੨ ਈ: ਵਿਚ ਅਫਗਾਨਿਸਤਾਨ ਦਾ ੧੮ ਸਾਲ ਦਾ ਛੋਕਰਾ ਮੁਹੰਮਦ-ਬਿਨ-ਕਾਸਮ ੨੦੦ ਘੋੜ ਸਵਾਰ ਲੈ ਕੇ ਦੇਸ਼ ਉੱਤੇ ਹਮਲਾਵਰ ਹੋ ਕੇ ਆਇਆ ਅਤੇ ਸਾਰੇ ਦੇਸ਼ ਨੂੰ ਲੁੱਟ ਅਤੇ ਕੁੱਟ ਕੇ ਵਾਪਸ ਚਲਾ ਗਿਆ। ਇਸ ਤੋਂ ਵੱਡੀ ਤ੍ਰਾਸਦੀ ਕਿਸੇ ਦੇਸ਼ ਦੀ ਹੋਰ ਕੀ ਹੋ ਸਕਦੀ ਹੈ? ਇਨ੍ਹਾਂ ਅਫ਼ਗਾਨੀ ਹਮਲਿਆਂ ਦਾ ਦੌਰ ਜਾਰੀ ਰਿਹਾ ਅਤੇ ਅੰਤ ੧੧੯੨ ਈ: ਵਿਚ ਦੇਸ਼ ਇਸ ਨਵੀਂ ਉਭਰੀ "ਮੁਗ਼ਲ ਸ਼ਕਤੀ" ਦਾ ਗੁਲਾਮ ਹੋ ਗਿਆ। ਆਪਣਾ ਧਰਮ, ਦੇਸ਼ ਅਤੇ ਸਮਾਜਿਕ ਤਾਣਾ-ਬਾਣਾ ਬਚਾਉਣ ਦੀ ਥਾਂ ਇੱਥੋਂ ਦੇ ਰਜਵਾੜਿਆਂ ਅਤੇ ਦੇਸ਼ ਦੇ ਲੋਕਾਂ ਨੇ ਗੁਲਾਮੀ ਨੂੰ ਹੀ ਕਬੂਲ ਕਰ ਲਿਆ। ਧਰਮ ਤਬਦੀਲੀ ਸ਼ੁਰੂ ਹੋ ਗਈ। "ਅੰਤਰਿ ਪੂਜਾ ਪੜਹਿ ਕਤੇਬਾ ਸੰਜਮੁ ਤੁਰਕਾ ਭਾਈ॥" ਦਾ ਬੋਲਬਾਲਾ ਹੋ ਗਿਆ। ਭਾਰਤੀ ਰਿਆਸਤੀ ਰਾਜਿਆਂ, ਧਾਰਮਿਕ ਕੱਟੜਵਾਦੀ ਸ਼ਕਤੀਆਂ ਅਤੇ ਮੁਗ਼ਲ ਰਾਜਕੀ ਸ਼ਕਤੀ ਦੇ ਜ਼ੁਲਮਾਂ ਹੇਠ ਭਾਰਤੀ ਕਿਰਤੀ ਜਮਾਤ ਤਰਾਹ-ਤਰਾਹ ਕਰ ਰਹੀ ਸੀ। ਉਨ੍ਹਾਂ ਪਾਸ ਨਾ ਹੀ ਗੁਰੂ ਸੀ, ਨਾਂ ਹੀ ਧਰਮ ਸੀ, ਨਾ ਹੀ ਕੋਈ ਸ਼ਕਤੀ ਸੀ ਅਤੇ ਨਾ ਹੀ ਉਨ੍ਹਾਂ ਦੀ ਅਗਵਾਈ ਕਰਨ ਵਾਲਾ ਕੋਈ ਸਮਰੱਥ ਅਤੇ ਯੋਗ ਰਾਜਨੀਤਿਕ ਨੇਤਾ ਸੀ। ਹਾਲਾਤ ਇੱਥੋਂ ਤਕ ਨਿਘਰ ਗਏ ਕਿ ਜਿਨ੍ਹਾਂ ਰਾਜਿਆਂ ਨੇ ਦੇਸ਼ ਦੀ ਜਾਨ-ਮਾਲ ਅਤੇ ਸਰਹੱਦਾਂ ਅਤੇ ਧਰਮ ਦੀ ਰਾਖੀ ਕਰਨੀ ਸੀ, ਉਨ੍ਹਾਂ ਨੇ ਛੋਟੇ-ਛੋਟੇ ਵਕਤੀ ਲਾਭਾਂ ਹਿਤ ਗੁਲਾਮੀ ਹੀ ਕਬੂਲ ਕਰ ਲਈ। ਰਾਜਪੂਤ ਰਾਜਾ ਮਾਨ ਸਿਹੁੰ ਨੇ ਆਪਣੀ ਭੈਣ ਜੋਧਾ ਬਾਈ ਦਾ ਡੋਲਾ ਹੀ ਬਾਦਸ਼ਾਹ ਅਕਬਰ ਦੇ ਹਵਾਲੇ ਕਰ ਦਿੱਤਾ। ਆਪ ਉਸ ਦੇ ਦਰਬਾਰ ਵਿਚ ਅਹਿਲਕਾਰੀ ਪ੍ਰਾਪਤ ਕਰ ਲਈ। ਅਜਿਹੇ ਸਮੇਂ ੧੨ਵੀਂ, ੧੩ਵੀਂ, ੧੪ਵੀਂ ਸਦੀ ਵਿਚ ਪਹਿਲਾਂ "ਸੂਫੀ ਲਹਿਰ" ਤੇ "ਭਗਤੀ ਲਹਿਰ" ਨੇ ਲੋਕਾਂ ਨੂੰ ਜਗਾਉਣ ਦਾ ਯਤਨ ਕੀਤਾ। ਇਸ ਲਹਿਰ ਨੂੰ ਪੂਰਾ ਬਲ ਤੇ ਸਰਬਪੱਖੀ ਅਗਵਾਈ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਰੂਪ ਵਿਚ ਹੀ ਮਿਲੀ। ਗੁਰੂ ਜੀ ਦਾ ਸਿਧਾਂਤ

**ਸਾਬਕਾ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

ਨਿਮਾਣਿਆਂ ਨੂੰ ਮਾਣ, ਨਿਤਾਣਿਆਂ ਨੂੰ ਤਾਣ, ਨਿਓਟਿਆਂ ਨੂੰ ਓਟ-ਆਸਰਾ, ਅਗਵਾਈ ਹੀਣ ਲੋਕਾਂ ਨੂੰ ਮਿਸਾਲੀ ਅਗਵਾਈ ਦੇਣ, ਧਰਮ-ਹੀਣ ਕੀਤੇ ਗਏ ਲੋਕਾਂ ਨੂੰ ਧਰਮ, ਅਣਖ, ਗੌਰਵ, ਗੈਰਤ, ਮਨੁੱਖੀ ਬਰਾਬਰੀ ਅਤੇ ਜਾਤ-ਪਾਤ ਤੇ ਛੂਤ-ਛਾਤ ਰਹਿਤ ਵਾਲਾ ਬਿਲਕੁਲ ਨਿਰਾਲਾ ਅਤੇ ਕ੍ਰਾਂਤੀਕਾਰੀ ਸੀ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਆਪ ਨੂੰ ਦੇਸ਼ ਦੀ ਕਿਰਤੀ ਅਤੇ ਅਖੌਤੀ ਨੀਚ ਜਾਤ ਨਾਲ ਹੀ ਖੜਾ ਕੀਤਾ। ਉਨ੍ਹਾਂ ਦੇ ਉਥਾਨ ਲਈ ਕ੍ਰਾਂਤੀਕਾਰੀ ਅਵਾਜ਼ ਬੁਲੰਦ ਕੀਤੀ। ਇਸ ਸਰਬਪੱਖੀ ਕ੍ਰਾਂਤੀ ਦਾ ਸਾਰ-ਅੰਸ਼ ਇੰਞ ਕਹਿ ਸਕਦੇ ਹਾਂ:-

- *ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ॥*
  ਨਾਨਕੁ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ॥ (ਪੰਨਾ ੧੫)
- *ਜਿਨ ਕੀ ਜਾਤ ਔਰ ਕੁਲ ਮਾਂਹੀ*
  ਸਰਦਾਰੀ ਨਹਿ ਭਈ ਕਦਾਂਹੀ...।
  ਇਨ ਹੀ ਕੋ ਸਰਦਾਰ ਬਨਾਵੋਂ
  ਤਬੈ ਗੁਬਿੰਦ ਸਿੰਘ ਨਾਮ ਸਦਾਵੋਂ॥ (ਪੰਥ ਪ੍ਰਕਾਸ਼)

ਸ੍ਰੀ ਗੁਰੂ ਨਾਨਕ ਦੇਵ ਜੀ ਦਾ ਅਖੌਤੀ ਨੀਚ ਜਾਤਾਂ ਦੇ ਹੱਕ ਵਿਚ ਜੋਰਦਾਰ ਅਵਾਜ਼ ਉਠਾਉਣਾ, ਭਾਈ ਮਰਦਾਨਾ ਜੀ ਨੂੰ ਆਪਣਾ ਸਾਥੀ ਬਣਾਉਣਾ, ਕਥਾ ਤੇ ਕੀਰਤਨ ਵਿਚ ਬਿਨਾਂ ਕਿਸੇ ਜਾਤ-ਪਾਤ, ਭੇਦ-ਭਾਵ ਦੇ ਸ਼ਾਮਲ ਹੋਣ ਦੀ ਖੁੱਲ੍ਹ ਸੀ। ਸ੍ਰੀ ਗੁਰੂ ਅੰਗਦ ਦੇਵ ਜੀ ਵੱਲੋਂ ਸੰਗਤ-ਪੰਗਤ ਵਿਚ ਬਿਨਾਂ ਕਿਸੇ ਜਾਤ-ਪਾਤ ਵਿਤਕਰੇ ਦੇ ਸ਼ਾਮਲ ਹੋਣ ਦੀ ਖੁੱਲ੍ਹ, ਸ੍ਰੀ ਗੁਰੂ ਅਮਰਦਾਸ ਜੀ ਵੱਲੋਂ "ਪਹਿਲੇ ਪੰਗਤ ਪਾਛੇ ਸੰਗਤ" ਦਾ ਸਿਧਾਂਤ ਦ੍ਰਿੜ੍ਹ ਕਰਵਾਇਆ। ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਸੁਸ਼ੋਭਿਤ ਕੀਤੇ ਸ੍ਰੀ ਅੰਮ੍ਰਿਤਸਰ ਸਰੋਵਰ ਵਿਚ ਬਿਨਾਂ ਕਿਸੇ ਭਿੰਨ-ਭੇਦ ਦੇ ਲੋਕਾਈ ਦੇ ਹਰ ਬਸਰ ਨੂੰ ਇਸ਼ਨਾਨ ਦੀ ਖੁੱਲ੍ਹ-ਸਾਂਝ ਸਥਾਪਿਤ ਕੀਤੀ। ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਸੰਪਾਦਤ "ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ" ਵਿਚ ਬਿਨਾਂ ਕਿਸੇ ਵਿਤਕਰੇ ਦੇ ਸੰਤਾਂ-ਭਗਤਾਂ ਖਾਸ ਕਰਕੇ ਅਖੌਤੀ ਨੀਚ ਜਾਤਾਂ ਨਾਲ ਸੰਬੰਧਿਤ ਭਗਤਾਂ ਦੀ ਬਾਣੀ ਨੂੰ ਸ਼ਾਮਲ ਕੀਤਾ। ਸ੍ਰੀ ਹਰਿਮੰਦਰ ਸਾਹਿਬ ਵਿਚ ਹਰ ਕਿਸੇ ਨੂੰ ਕੀਰਤਨ ਸਰਵਣ ਕਰਨ ਅਤੇ ਸੰਗਤ ਵਿਚ ਜੁੜਨ ਦਾ ਹੱਕ ਪ੍ਰਦਾਨ ਕੀਤਾ। ਇਨ੍ਹਾਂ ਕਾਰਨਾਂ ਕਰਕੇ ਦੇਸੀ ਰਾਜੇ, ਪੁਜਾਰੀ ਵਰਗ, ਅਖੌਤੀ ਉੱਚ ਜਾਤੀਆਂ ਦੇ ਲੋਕ ਅਤੇ ਇਸਲਾਮੀ ਸ਼ਕਤੀ ਸਭ ਇੱਕ ਜੁੱਟ ਹੋ ਕੇ ਵਿਰੋਧ ਵਿਚ ਡੱਟ ਗਏ। ਇਸ ਤਰ੍ਹਾਂ ਇਹ ਕ੍ਰਾਂਤੀਕਾਰੀ ਲੋਕ-ਪੱਖੀ ਲਹਿਰ ਸਮੇਂ ਦੀ ਰਾਜਸੀ ਸ਼ਕਤੀ, ਕੱਟੜਪੰਥੀਆਂ, ਲੋਕਾਂ ਦੇ ਹੱਕਾਂ ਉੱਤੇ ਡਾਕੇ ਮਾਰਨ, ਲੁੱਟ ਅਤੇ ਕੁੱਟ ਕਰਨ ਵਾਲਿਆਂ ਲਈ ਕਾਬਲ-ਏ-ਬਰਦਾਸ਼ਤ ਨਹੀਂ ਸੀ। ਇਸ ਲਈ ਦੇਸੀ ਰਿਆਸਤੀ ਰਾਜਿਆਂ, ਧਾਰਮਿਕ ਕੱਟੜਪੰਥੀਆਂ ਅਤੇ ਇਸਲਾਮੀ ਸ਼ਕਤੀ ਵੱਲੋਂ ਇਸ ਨਵੀਂ ਰੋਸ਼ਨੀ, ਨਵੀਂ ਸ਼ਕਤੀ ਅਤੇ ਮੁਕੰਮਲ ਇਨਕਲਾਬੀ ਲਹਿਰ ਨੂੰ ਆਪਣੇ ਰਸਤੇ ਦਾ ਰੋੜਾ ਮੰਨ ਲਿਆ ਗਿਆ। ਇਨ੍ਹਾਂ ਸਾਰੀਆਂ ਹੀ ਸ਼ਕਤੀਆਂ ਵੱਲੋਂ ਸਵੈ-ਵਿਰੋਧ ਹੋਣ ਦੇ ਬਾਵਜੂਦ ਇਕ-ਜੁੱਟ ਹੋ ਕੇ ਸਿੱਖ ਲਹਿਰ ਦਾ ਡੱਟ ਕੇ ਵਿਰੋਧ ਸ਼ੁਰੂ ਹੋ ਗਿਆ। ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਨੂੰ ਇਸ ਸੰਦਰਭ ਵਿਚ ਵੇਖਣ ਦੀ ਲੋੜ ਹੈ। ਬਾਦਸ਼ਾਹ ਜਹਾਂਗੀਰ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਸ਼ਹੀਦ ਕਰਨ ਲਈ ਦਿੱਤੇ ਫੈਸਲੇ ਨੂੰ ਜਾਇਜ ਠਹਿਰਾਉਣ ਲਈ ਜੋ ਤੁਜ਼ਕ-ਏ-ਜਹਾਂਗੀਰੀ ਵਿਚ ਦਰਜ ਹੈ, ਉਹ ਇਸ ਤੱਥ ਦੀ ਪੁਸ਼ਟੀ ਕਰਦਾ ਹੈ।

ਜਿਨ੍ਹਾਂ ਨੂੰ ਧਰਮ ਪਿਆਰਾ ਸੀ ਉਹ ਬਲਹੀਣ ਹੋਣ ਕਰਕੇ ਧਰਮ ਦੀ ਰੱਖਿਆ ਕਰਨੋਂ ਅਸਮਰੱਥ ਸਨ। ਕਸ਼ਮੀਰੀ ਬ੍ਰਾਹਮਣ ਪੰਡਤ ਕਿਰਪਾ ਰਾਮ ਦੀ ਅਗਵਾਈ ਵਿਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਦਰਬਾਰ ਵਿਚ ਫਰਿਆਦੀ ਬਣ ਕੇ ਪਹੁੰਚੇ। ਗੁਰੂ ਸਾਹਿਬ ਨੇ ਉਨ੍ਹਾਂ ਦੀ ਬਾਂਹ ਫੜੀ, "ਬਾਹੇਂ ਜਿਨ੍ਹਾਂ ਦੀ

ਪਕੜੀਏ ਸਿਰ ਦੀਜੈ ਬਾਂਹੇ ਨ ਛੋੜੀਏ" ਦਾ ਕੌਤਕ ਮਹਾਨ ਬਲੀਦਾਨ ਦੇ ਕੇ ਰਚਾਇਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇਸ ਸ਼ਹੀਦੀ ਬਾਰੇ ਇਉਂ ਪੁਸ਼ਟੀ ਕਰਦੇ ਹਨ, *"ਤਿਲਕੁ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ॥"*

ਸ੍ਰੀ ਗੁਰੂ ਨਾਨਕ ਦੇਵ ਜੀ ਨੇ ਉਸ ਸਮੇਂ ਦੇ ਧਾਰਮਿਕ, ਰਾਜਨੀਤਿਕ ਅਤੇ ਸਮਾਜਿਕ ਹਾਲਾਤ ਬਾਰੇ ਆਪਣੀ ਬਾਣੀ ਵਿਚ ਭਰਪੂਰ ਜਾਣਕਾਰੀ ਦਿੱਤੀ ਹੈ:

- *ਕਾਦੀ ਕੂੜੁ ਬੋਲਿ ਮਲੁ ਖਾਇ॥ ਬ੍ਰਾਹਮਣੁ ਨਾਵੈ ਜੀਆ ਘਾਇ॥*
  ਜੋਗੀ ਜੁਗਤਿ ਨ ਜਾਣੈ ਅੰਧੁ॥ ਤੀਨੇ ਓਜਾੜੇ ਕਾ ਬੰਧੁ॥ (ਪੰਨਾ ੬੬੨)
- *ਰਾਜੇ ਸੀਹ ਮੁਕਦਮ ਕੁਤੇ॥ ਜਾਇ ਜਗਾਇਨਿ੍ ਬੈਠੇ ਸੁਤੇ॥*
  ਚਾਕਰ ਨਹਦਾ ਪਾਇਨਿ੍ ਘਾਉ॥ ਰਤੁ ਪਿਤੁ ਕੁਤਿਹੋ ਚਟਿ ਜਾਹੁ॥ (ਪੰਨਾ ੧੨੮੮)
- *ਖਤ੍ਰੀਆ ਤ ਧਰਮੁ ਛੋਡਿਆ ਮਲੇਛ ਭਾਖਿਆ ਗਹੀ॥*
  ਸ੍ਰਿਸਟਿ ਸਭ ਇਕ ਵਰਨ ਹੋਈ ਧਰਮ ਕੀ ਗਤਿ ਰਹੀ॥ (ਪੰਨਾ ੬੬੩)
- *ਰਾਜੇ ਪਾਪੁ ਕਮਾਂਵਦੇ ਉਲਟੀ ਵਾੜ ਖੇਤ ਕਉ ਖਾਈ।*
  ਕਾਜੀ ਹੋਏ ਰਿਸਵਤੀ ਵਢੀ ਲੈ ਕੈ ਹਕੁ ਗਵਾਈ।
  ਇਸਤ੍ਰੀ ਪੁਰਖੈ ਦਾਮਿ ਹਿਤੁ ਭਾਵੈ ਆਇ ਕਿਥਾਊਂ ਜਾਈ।
  ਵਰਤਿਆ ਪਾਪੁ ਸਭਸਿ ਜਗਿ ਮਾਂਹੀ। (ਵਾਰ ੧:੩੦)

ਭਾਰਤੀ ਜਨਤਾ ਨੂੰ ਅਪਮਾਨਜਨਕ ਜਿੰਦਗੀ ਵਿੱਚੋਂ ਕੱਢ ਕੇ ਇਕ ਨਰੋਆ, ਸੰਤੁਲਿਤ, ਮਨੁੱਖੀ-ਬਰਾਬਰੀ, ਸਾਂਝੀਵਾਲਤਾ, ਗੈਰਤ, ਗੌਰਵ ਅਤੇ ਅਣਖ-ਭਰਪੂਰ ਜੀਵਨ ਮੁਹੱਈਆ ਕਰਾਉਣ ਹਿਤ ਗੁਰੂ ਸਾਹਿਬਾਨ ਨੇ ਇਕ ਸਰਬਪੱਖੀ ਕ੍ਰਾਂਤੀ ਦਾ ਮੁੱਢ ਬੰਨ੍ਹਿਆ। ਇਸ ਨਵੀਂ ਰੋਸ਼ਨੀ ਦੇ ਪ੍ਰਕਾਸ਼ ਨਾਲ ਭਾਰਤੀ ਸਮਾਜ ਦੇ ਹਰ ਪਹਿਲੂ ਉੱਤੇ ਕਾਬਜ਼ ਲੋਕਾਂ ਨੇ ਡੱਟ ਕੇ ਵਿਰੋਧ ਸ਼ੁਰੂ ਕਰ ਦਿੱਤਾ। ਇਸ ਤਰ੍ਹਾਂ ਇੱਕ ਟਕਰਾਅ ਅਰੰਭ ਹੋ ਗਿਆ। ਇਸ ਲੰਮੇ ਸੰਘਰਸ਼ ਦੌਰਾਨ ਗੁਰੂ ਪਰਵਾਰਾਂ, ਅਣਗਿਣਤ ਸਿੰਘਾਂ-ਸਿੰਘਣੀਆਂ ਅਤੇ ਭੁਝੰਗੀਆਂ ਨੂੰ ਤਸੀਹੇ ਝੱਲਣੇ ਪਏ। ਜੰਗਲਾਂ ਵਿਚ ਜੀਵਨ ਬਤੀਤ ਕਰਨ ਲਈ ਮਜਬੂਰ ਹੋਣਾ ਪਿਆ। ਲਾਮਿਸਾਲ ਸ਼ਹੀਦੀਆਂ ਪਾ ਕੇ ਦੇਸ਼ ਦੇ ਧਰਮ, ਗੌਰਵ, ਅਣਖ, ਹੋਂਦ-ਹਸਤੀ ਨੂੰ ਬਚਾਅ ਲਿਆ। ਇਨ੍ਹਾਂ ਲਾਮਿਸਾਲ ਸ਼ਹੀਦੀਆਂ ਨੂੰ ਹਰ ਰੋਜ਼ ਸਮੁੱਚਾ ਸਿੱਖ ਜਗਤ ਅਰਦਾਸ ਵਿਚ ਯਾਦ ਕਰ ਕੇ ਉਨ੍ਹਾਂ ਮਹਾਨ ਸ਼ਹੀਦਾਂ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਦਾ ਹੈ। ਕਿਸੇ ਮਸ਼ਹੂਰ ਸ਼ਾਇਰ ਨੇ ਠੀਕ ਹੀ ਕਿਹਾ ਹੈ:

ਨਾ ਕਹੂੰ ਅਬ ਕੀ ਨਾ ਕਹੂੰ ਤਬ ਕੀ
ਅਗਰ ਨਾ ਹੋਤੇ ਗੁਰੂ ਗੋਬਿੰਦ ਸਿੰਘ
ਸੁੰਨਤ ਹੋਤੀ ਸਭ ਕੀ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੁਨੀਆਂ ਦੇ ਇਤਿਹਾਸ ਵਿਚ ਸਭ ਤੋਂ ਵੱਧ ਦਰਦਨਾਕ ਘਟਨਾ ਹੈ। ਇਹ ਦਿਲ ਨੂੰ ਕੰਬਾਅ ਦੇਣ ਵਾਲਾ ਘੋਰ ਪਾਪ ਅਤੇ ਘਿਨਾਉਣੇ ਜ਼ੁਲਮ ਦਾ ਸਾਕਾ ਹੈ। ਇਹ ਘਟਨਾ ਮਨੁੱਖੀ ਦਰਿੰਦਗੀ ਦਾ ਘਿਨਾਉਣਾ ਚਿੱਤਰ ਪੇਸ਼ ਕਰਦੀ ਹੈ। ਸਾਹਿਬਜ਼ਾਦਿਆਂ ਦੇ ਅੰਦਰ ਜੂਝ ਮਰਨ, ਦ੍ਰਿੜ੍ਹਤਾ ਅਤੇ ਸਿੱਖੀ ਸਿਦਕ ਦੀ ਭਾਵਨਾ ਦੇ ਸਿਖਰ ਨੂੰ ਪ੍ਰਗਟ ਕਰਦੀ ਹੈ। ੮ ਪੋਹ ੧੭੬੧ ਬਿਕ੍ਰਮੀ ਨੂੰ ਗੁਰੂ ਜੀ ਦੇ ਦੋ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ ਅਤੇ ਬਾਬਾ ਜੁਝਾਰ ਸਿੰਘ ਜੀ ਚਮਕੌਰ ਦੀ ਜੰਗ ਲੜਦੇ ਹੋਏ ਸ਼ਹੀਦ ਹੋ ਗਏ। ੧੩ ਪੋਹ ੧੭੬੧ ਬਿਕ੍ਰਮੀ ਨੂੰ ਦੋ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ ਸੂਬਾ ਸਰਹਿੰਦ ਵੱਲੋਂ ਜਿਉਂਦੇ-ਜੀਅ ਕੰਧਾਂ ਵਿਚ ਚਿਣਵਾ ਕੇ ਅਕਹਿ ਤਸੀਹੇ ਦੇ ਕੇ ਸ਼ਹੀਦ ਕਰ ਦਿੱਤੇ ਗਏ। ਇਸ ਸ਼ਹਾਦਤ

ਦੀ ਮਹਾਨਤਾ ਬਾਰੇ 'ਮੈਥਿਲੀ ਸ਼ਰਣ ਗੁਪਤ' ਨੇ ਲਿਖਿਆ ਹੈ:

ਜਿਸ ਕੁਲ ਜਾਤੀ ਦੇਸ਼ ਕੇ ਬੱਚੇ, ਦੇ ਸਕਤੇ ਹੈਂ ਯੌਂ ਬਲੀਦਾਨ।
ਉਸ ਕਾ ਵਰਤਮਾਨ ਕੁਛ ਭੀ ਹੋ, ਭਵਿਸ਼ਯ ਹੈ ਮਹਾਂ ਮਹਾਨ।

ਗੁਰਮਤਿ ਅਨੁਸਾਰ ਅਧਿਆਤਮਿਕ ਅਨੰਦ ਦੀ ਪ੍ਰਾਪਤੀ ਲਈ ਮਨੁੱਖ ਨੂੰ ਆਪਾ ਮਿਟਾਉਣ ਦੀ ਲੋੜ ਹੁੰਦੀ ਹੈ। ਇਹ ਮਾਰਗ ਇੱਕ ਮਹਾਨ ਸੂਰਮਗਤੀ ਦਾ ਮਾਰਗ ਹੈ। ਸਿੱਖ ਧਰਮ ਦੀ ਨੀਂਹ ਰੱਖਣ ਵਾਲੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਿੱਖੀ ਮਾਰਗ ਤੇ ਚੱਲਣ ਲਈ ਸਿਰ ਭੇਟ ਕਰਨ ਦੀ ਸ਼ਰਤ ਰੱਖੀ ਸੀ। ਇਸੇ ਲੀਹ 'ਤੇ ਤੁਰਦਿਆਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ੧੬੯੯ ਈ: ਨੂੰ ਖਾਲਸੇ ਦੀ ਸਾਜਨਾ ਕੀਤੀ। ਖਾਲਸਾ ਇੱਕ ਆਦਰਸ਼ਕ, ਸੰਪੂਰਨ ਅਤੇ ਸੁਤੰਤਰ ਮਨੁੱਖ ਹੈ। ਗੁਰਬਾਣੀ ਵਿਚ ਇਸ ਨੂੰ ਸਚਿਆਰ, ਗੁਰਮੁਖ ਅਤੇ ਬ੍ਰਹਮ ਗਿਆਨੀ ਗੁਰਸਿਖ ਅਤੇ ਸੰਤ-ਸਿਪਾਹੀ ਕਿਹਾ ਗਿਆ ਹੈ। ਖਾਲਸਾ ਸਦਗੁਣ ਭਰਪੂਰ ਨਿਰਾਲੀ ਸ਼ਖ਼ਸੀਅਤ ਹੈ। ਖਾਲਸਾ ਗੁਰੂ ਨੂੰ ਤਨ, ਮਨ ਤੇ ਧਨ ਸੌਂਪ ਦਿੰਦਾ ਹੈ। ਜਬਰ-ਜ਼ੁਲਮ ਦੇ ਟਾਕਰੇ ਲਈ ਜੂਝ ਮਰਨ ਤੋਂ ਝਿਜਕਦਾ ਨਹੀਂ ਹੈ। ਸਤਿਗੁਰਾਂ ਦਾ ਇਸ ਮਾਰਗ ਦੇ ਪਾਂਧੀ ਲਈ ਸਿਧਾਂਤ ਇਸ ਪ੍ਰਕਾਰ ਹੈ:

- *ਜਉ ਤਉ ਪ੍ਰੇਮ ਖੇਲਣ ਕਾ ਚਾਉ ਸਿਰੁ ਧਰਿ ਤਲੀ ਗਲੀ ਮੇਰੀ ਆਉ॥*
  ਇਤੁ ਮਾਰਗਿ ਪੈਰੁ ਧਰੀਜੈ ਸਿਰ ਦੀਜੈ ਕਾਣਿ ਨ ਕੀਜੈ॥ (ਪੰਨਾ ੧੪੧੨)
- *ਸੀਸੁ ਵਢੇ ਕਰਿ ਬੈਸਣੁ ਦੀਜੈ ਵਿਣੁ ਸਿਰ ਸੇਵ ਕਰੀਜੈ॥ (ਪੰਨਾ ੫੫੮)*
- *ਤਨੁ ਮਨੁ ਕਾਟਿ ਕਾਟਿ ਸਭੁ ਅਰਪੀ ਵਿਚਿ ਅਗਨੀ ਆਪੁ ਜਲਾਈ॥*
  (ਪੰਨਾ ੭੫੭)
- *ਅਰੁ ਸਿਖ ਹੋਂ ਆਪਨੇ ਹੀ ਮਨ ਕੌ ਇਹ ਲਾਲਚ ਹਉ ਗੁਨ ਤਉ ਉਚਰੋਂ॥*
  ਜਬ ਆਵ ਕੀ ਅਉਧ ਨਿਦਾਨ ਬਨੈ ਅਤ ਹੀ ਰਨ ਮੈ ਤਬ ਜੂਝ ਮਰੋਂ॥
  (ਚੰਡੀ ਚਰਿਤ੍ਰ)

ਪਹਿਲਾਂ ਪਹਾੜੀ ਰਾਜੇ ਅਤੇ ਮੁਗ਼ਲ ਸਲਤਨਤ ਇਕੱਠੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਭੰਗਾਣੀ ਦੇ ਯੁੱਧ ਵਿਚ ਟਕਰਾਏ ਫਿਰ ਪਹਾੜੀ ਰਾਜੇ ਤੇ ਸੂਬਾ ਸਰਹਿੰਦ ਗੁਰੂ ਜੀ ਦੇ ਵਿਰੁੱਧ ਇੱਕ-ਜੁਟ ਹੋ ਗਏ ਸਨ। ੧੭੦੪ ਈ: ਵਿਚ ਮੁਗ਼ਲ ਅਤੇ ਪਹਾੜੀ ਰਾਜਿਆਂ ਦੀਆਂ ਫੌਜਾਂ ਨੇ ਸਾਂਝੀ ਕਮਾਨ ਹੇਠ ਸ੍ਰੀ ਅਨੰਦਪੁਰ ਸਾਹਿਬ ਨੂੰ ਘੇਰਾ ਪਾ ਲਿਆ। ਘੇਰਾ ਲੰਮਾ ਹੋਣ ਤੇ ਦੁਸ਼ਮਣ ਵੱਲੋਂ ਗੁਰੂ ਜੀ ਨਾਲ ਸਮਝੌਤਾ ਕੀਤਾ ਗਿਆ। ਸਮਝੌਤੇ ਦੀ ਸ਼ਰਤ ਇਹ ਸੀ ਕਿ ਇਕ ਵਾਰ ਗੁਰੂ ਜੀ ਸ੍ਰੀ ਅਨੰਦਪੁਰ ਸਾਹਿਬ ਛੱਡ ਦੇਣ ਉਨ੍ਹਾਂ ਨੂੰ ਬੇਰੋਕ ਜਾਣ ਦਿੱਤਾ ਜਾਵੇਗਾ। ਇਸ ਬਾਰੇ ਲਿਖਤੀ ਕਸਮਾਂ ਵੀ ਗੁਰੂ ਜੀ ਨੂੰ ਭੇਜੀਆਂ ਗਈਆਂ। ਦੀਨਾ ਕਾਂਗੜ ਤੋਂ ਬਾਦਸ਼ਾਹ ਔਰੰਗਜ਼ੇਬ ਨੂੰ ਗੁਰੂ ਜੀ ਵੱਲੋਂ ਭੇਜੇ ਜ਼ਫ਼ਰਨਾਮੇ ਵਿਚ ਕੀਤੇ ਜ਼ਿਕਰ ਤੋਂ ਇਨ੍ਹਾਂ ਤੱਥਾਂ ਦੀ ਪੁਸ਼ਟੀ ਹੁੰਦੀ ਹੈ। ਗੁਰੂ ਜੀ ਔਰੰਗਜ਼ੇਬ ਨੂੰ ਲਿਖਦੇ ਹਨ ਕਿ ਜੇਕਰ ਉਸ ਨੂੰ ਲੋੜ ਮਹਿਸੂਸ ਹੋਵੇ ਤਾਂ ਉਹ ਉਸ ਨੂੰ ਲਿਖਤੀ ਕੀਤੇ ਵਾਅਦੇ, ਖਾਧੀਆਂ ਪਵਿੱਤਰ ਕੁਰਾਨ ਸ਼ਰੀਫ ਦੀਆਂ ਕਸਮਾਂ ਭੇਜ ਸਕਦੇ ਹਨ:-

ਤੁਰਾ ਗਰ ਬਬਾਯਦ ਕਉਲਿ ਕੁਰਾਂ।
ਬਨਿਜ਼ਦੇ ਸ਼ੁਮਾ ਰਾ ਰਸਾਨਮ ਹਮਾਂ। (ਜ਼ਫ਼ਰਨਾਮਾ)

ਗੁਰੂ ਜੀ ਦੇ ਕਿਲ੍ਹਾ ਖਾਲੀ ਕਰ ਕੇ ਜਾਣ 'ਤੇ ਦੁਸ਼ਮਣ ਨੇ ਸਾਰੀਆਂ ਕਸਮਾਂ ਤੋੜ ਕੇ ਉਨ੍ਹਾਂ ਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ। ਇਹ ਧਰਮਹੀਣ ਰਾਜ ਸੱਤਾ ਦਾ ਹੀ ਨੰਗਾ ਨਾਚ ਸੀ। ਬੇਈਮਾਨੀ, ਵਾਇਦਾ-ਖਿਲਾਫੀ, ਚੰਗੇਜ਼ੀ ਅਤੇ ਦਰਿੰਦਗੀ ਦਾ ਘਿਨਾਉਣਾ ਕਾਰਾ ਸੀ। ਕਵੀ ਅਲਾਮਾ ਇਕਬਾਲ ਅਜਿਹੇ

ਹਾਲਾਤ ਬਾਰੇ ਇਉਂ ਲਿਖਦੇ ਹਨ:

ਜਲਾਲ-ਏ-ਪਾਤਸ਼ਾਹੀ ਹੋ ਕਿ ਜਮਹੂਰੀ ਤਮਾਸ਼ਾ ਹੋ।
ਜ਼ੁਦਾ ਹੋ ਦੀਂ ਸੇ ਸਿਆਸਤ ਤੋ ਰਹਿ ਜਾਤੀ ਹੈ ਚੰਗੇਜ਼ੀ।

ਸਰਸਾ ਨਦੀ ਦੇ ਨੇੜੇ ਪਹੁੰਚਦਿਆਂ ਗਹਿਗੱਚ ਲੜਾਈ ਹੋਈ ਜਿਸ ਦੌਰਾਨ ਦੋਹਾਂ ਧਿਰਾਂ ਦਾ ਭਾਰੀ ਜਾਨੀ ਅਤੇ ਮਾਲੀ ਨੁਕਸਾਨ ਹੋਇਆ। ਇਸੇ ਘਮਸਾਨ ਦੇ ਯੁੱਧ ਦੌਰਾਨ ਸਤਿਗੁਰਾਂ ਦਾ ਪਰਵਾਰ ਤਿੰਨ ਹਿੱਸਿਆਂ ਵਿਚ ਵੰਡਿਆ ਗਿਆ ਅਤੇ ਆਪਸ ਵਿਚ ਵਿੱਛੜ ਗਿਆ। ਗੁਰੂ ਜੀ ਦੇ ਦੋ ਛੋਟੇ ਸਾਹਿਬਜ਼ਾਦੇ ਤੇ ਮਾਤਾ ਗੁਜਰੀ ਜੀ ਵਹੀਰ ਤੋਂ ਇਕ ਪਾਸੇ ਨੂੰ ਵੱਖ ਹੋ ਗਏ। ਮਾਤਾ ਸੁੰਦਰੀ ਜੀ ਅਤੇ ਕੁਝ ਸਿੰਘ ਹੋਰ ਪਾਸੇ ਨੂੰ ਹੋ ਗਏ। ਦੁਨੀਆਂ ਦੇ ਜੰਗਾਂ-ਯੁੱਧਾਂ ਦੇ ਇਤਿਹਾਸ ਵਿਚ ਇਹ ਇੱਕੋ-ਇੱਕ ਘਟਨਾ ਹੋਈ ਜਦੋਂ ਮਰਦ-ਏ-ਮੈਦਾਨ, ਸ਼ਹਿਨਸ਼ਾਹ-ਏ-ਸ਼ਹਿਨਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪਾਸ ਜਿੱਥੇ ਜੰਗ ਦਾ ਸਾਜ਼ੋ-ਸਮਾਨ ਤੀਰ, ਤੇਗ, ਢਾਲ, ਬਰਛਾ, ਛਵੀ ਆਦਿ ਸਨ, ਉੱਥੇ ਗੁਰਮਤਿ ਸੰਗੀਤ ਦੇ ਸਾਜ਼ ਸਿਰੰਦਾ, ਸਿਤਾਰ ਆਦਿ ਵੀ ਨਾਲ ਸਨ। ੬ ਅਤੇ ੭ ਪੋਹ ਦੀ ਰਾਤ ਦਾ ਸਮਾਂ ਅੰਮ੍ਰਿਤ ਵੇਲੇ ਦਾ ਹੋਇਆ। ਦੁਸ਼ਮਣਾਂ ਨੇ ਭਾਰੀ ਹਮਲਾ ਬੋਲਿਆ ਹੋਇਆ ਸੀ, ਪਾਤਸ਼ਾਹ ਨੇ ਆਪਣੇ ਵੱਡੇ ਸਪੁੱਤਰ ਬਾਬਾ ਅਜੀਤ ਸਿੰਘ, ਭਾਈ ਜੀਵਨ ਸਿੰਘ (ਜੈਤਾ ਜੀ), ਭਾਈ ਉਦੇ ਸਿੰਘ ਨੂੰ ਹੋਰ ਸਿੰਘਾਂ ਸਮੇਤ ਹਮਲਾਵਰਾਂ ਦਾ ਮੁਕਾਬਲਾ ਕਰਨ ਦਾ ਹੁਕਮ ਕੀਤਾ। ਦੂਜੇ ਪਾਸੇ ਭਾਈ ਦਇਆ ਸਿੰਘ ਆਦਿ ਨੂੰ "ਅੰਮ੍ਰਿਤ ਵੇਲਾ ਸਚੁ ਨਾਉ ਵਡਿਆਈ ਵੀਚਾਰੁ" ਅਨੁਸਾਰ "ਆਸਾ ਕੀ ਵਾਰ" ਦਾ ਕੀਰਤਨ ਕਰਨ ਲਈ ਕਿਹਾ। ਅਜਿਹਾ ਕਾਰਜ ਕੇਵਲ ਤੇ ਕੇਵਲ ਦਸਮੇਸ਼ ਪਿਤਾ ਹੀ ਕਰ ਸਕਦੇ ਸਨ, ਜਦੋਂ ਅਜਿਹੇ ਅਤਿ ਬਿਖਮ, ਖ਼ਤਰੇ ਭਰਪੂਰ ਹਾਲਾਤ ਵਿਖੇ ਅਤੇ ਮੈਦਾਨ-ਏ-ਜੰਗ ਵਿਚ ਉਹ ਆਪਣਾ 'ਫਰਜ਼-ਏ-ਇਲਾਹੀ' ਨਹੀਂ ਭੁੱਲੇ। ਦੁਨੀਆਂ ਦੇ ਇਤਿਹਾਸ ਵਿਚ ਇਹ ਇੱਕੋ-ਇੱਕ ਅਲੋਕਾਰੀ ਅਤੇ ਨਿਵੇਕਲੀ ਘਟਨਾ ਸੀ। ਸਰਸਾ ਨਦੀ ਵਿਚ ਭਾਰੀ ਹੜ੍ਹ ਅਤੇ ਦੁਸ਼ਮਣਾਂ ਦਾ ਜ਼ੋਰਦਾਰ ਹਮਲਾ ਇਉਂ ਜਾਪਦਾ ਸੀ ਜਿਵੇਂ ਦੋਵੇਂ ਇਕ ਦੂਜੇ ਨਾਲ ਇਸ ਘਿਨਾਉਣੇ ਕਾਰਨਾਮੇ ਵਿਚ ਸ਼ਾਮਲ ਹੋ ਗਏ ਹੋਣ। ਭਾਵੇਂ ਇਸ ਯੁੱਧ ਵਿਚ ਸੈਂਕੜੇ ਹੀ ਮਰਜੀਵੜੇ ਸਿੰਘਾਂ ਸਮੇਤ ਭਾਈ ਜੀਵਨ ਸਿੰਘ (ਜੈਤਾ ਜੀ) ਅਤੇ ਭਾਈ ਉਦੇ ਸਿੰਘ ਸ਼ਹੀਦ ਹੋ ਗਏ। ਪਰੰਤੂ ਦੁਸ਼ਮਣ ਦੇ ਦੰਦ ਖੱਟੇ ਕਰ ਦਿੱਤੇ। ਜਿੱਥੋਂ ਗੁਰੂ ਸਾਹਿਬ ਦੇ ਕਾਫ਼ਲੇ ਨਾਲੋਂ ਗੁਰੂ-ਪਰਵਾਰ ਵਿੱਛੜਿਆ, ਉਸ ਸਥਾਨ ਉੱਤੇ ਗੁਰਦੁਆਰਾ 'ਪਰਵਾਰ ਵਿਛੋੜਾ' ਸਾਹਿਬ ਸੁਸ਼ੋਭਿਤ ਹੈ, ਜੋ ਇਤਿਹਾਸ ਦੀ ਇਸ ਦਰਦਨਾਕ ਘਟਨਾ ਦੀ ਯਾਦ ਨੂੰ ਸੰਭਾਲੇ ਹੋਏ ਹਨ। ਉਪਰੰਤ ਸਰਸਾ ਪਾਰ ਕਰ ਕੇ ਗੁਰੂ ਜੀ ਨੇ ਇੱਕ ਦਿਨ ਰੋਪੜ ਦੇ ਨੇੜੇ ਨਿਹੰਗ ਖਾਨ ਦੀ ਗੜ੍ਹੀ (ਕੋਟਲਾ ਨਿਹੰਗ ਖਾਨ) ਵਿਚ ਬਿਤਾਇਆ। ਰਾਤ ਨੂੰ ਅੱਗੇ ਚੱਲ ਪਏ, ਪਰ ਦੁਸ਼ਮਣ ਦੀਆਂ ਫੌਜਾਂ ਨੇ ਵੀ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ। ਗੁਰੂ ਜੀ ਨੇ ਚਮਕੌਰ ਦੀ ਕੱਚੀ ਗੜ੍ਹੀ ਵਿਚ ਦਾਖਲ ਹੋ ਕੇ ਮੋਰਚਾ-ਬੰਦੀ ਕਰ ਲਈ। ਗੁਰੂ ਜੀ ਦੇ ਨਾਲ ਦੋ ਵੱਡੇ ਸਾਹਿਬਜ਼ਾਦੇ ਤੇ ਪੰਜ ਪਿਆਰਿਆਂ ਸਮੇਤ ਚਾਲ੍ਹੀ ਕੁ ਸਿੰਘ ਸਨ। ਦੁਸ਼ਮਣ ਦੀ ਦਸ ਲੱਖ ਫੌਜ ਨੇ ਗੜ੍ਹੀ ਨੂੰ ਘੇਰਾ ਪਾ ਲਿਆ। ਸਾਰਾ ਦਿਨ ਜੰਗ ਹੁੰਦੀ ਰਹੀ। ਸ਼ਾਮ ਤੱਕ ਗੁਰੂ ਜੀ ਕੋਲ ਤਕਰੀਬਨ ਸਾਰਾ ਗੋਲੀ ਸਿੱਕਾ ਖ਼ਤਮ ਹੋ ਗਿਆ। ਹੁਣ ਸਿੰਘਾਂ ਨੇ ਗੜ੍ਹੀ ਤੋਂ ਬਾਹਰ ਆ ਕੇ ਲੜਨਾ ਸ਼ੁਰੂ ਕਰ ਦਿੱਤਾ। ਗੁਰੂ ਜੀ ਨੇ ਆਪ ਵਾਰੋ-ਵਾਰੀ ਬਾਬਾ ਅਜੀਤ ਸਿੰਘ ਜੀ ਅਤੇ ਬਾਬਾ ਜੁਝਾਰ ਸਿੰਘ ਜੀ ਨੂੰ ਪੂਰੇ ਸ਼ਸਤਰ ਸਜਾ ਕੇ ਮੈਦਾਨ-ਏ-ਜੰਗ ਵਿਚ ਭੇਜਿਆ। ਅੰਤ ਵੱਡੇ ਜੰਗਜੂ ਯੋਧਿਆਂ ਵਾਲੇ ਜੌਹਰ ਵਿਖਾਉਂਦਿਆਂ ਸਾਥੀ ਸਿੰਘਾਂ ਦੇ ਨਾਲ ਗੁਰੂ ਜੀ ਦੇ ਦੋਵੇਂ ਵੱਡੇ ਸਾਹਿਬਜ਼ਾਦੇ ਬੜੀ ਸੂਰਮਗਤੀ ਨਾਲ ਗੁਰੂ ਜੀ ਦੇ ਸਾਹਮਣੇ ਮੈਦਾਨ-ਏ-ਜੰਗ ਵਿਚ ਜੂਝਦੇ ਹੋਏ ਸ਼ਹੀਦ ਹੋ ਗਏ। ਬਾਬਾ ਅਜੀਤ ਸਿੰਘ ਜੀ ਨੇ ਅਜੇ ਜਵਾਨੀ ਵਿਚ ਪੈਰ ਰੱਖਿਆ ਹੀ ਸੀ। ਬਾਬਾ ਜੁਝਾਰ ਸਿੰਘ ਜੀ ਤਾਂ ਅਜੇ ਕਿਸ਼ੋਰ ਅਵਸਥਾ ਵਿਚ ਸਨ। ਇਰਾਕ ਦੇਸ਼ ਦੇ ਸ਼ਹਿਰ ਕਰਬਲਾ ਦੇ ਮੈਦਾਨ ਵਿਚ ਹਸਨ ਹੁਸੈਨ ਦੀ

ਸ਼ਹੀਦੀ ਤੋਂ ਇਲਾਵਾ ਦੁਨੀਆਂ ਦੇ ਇਤਿਹਾਸ ਵਿਚ ਇਸ ਤਰ੍ਹਾਂ ਦੀ ਕੋਈ ਹੋਰ ਮਿਸਾਲ ਨਹੀਂ ਮਿਲਦੀ। ਸਤਿਗੁਰ ਜੇਕਰ ਚਾਹੁੰਦੇ ਤਾਂ ਆਪਣੇ ਸਪੁੱਤਰਾਂ ਨੂੰ ਬਚਾਉਣ ਲਈ ਯਤਨ ਕਰ ਸਕਦੇ ਸਨ ਪਰੰਤੂ ਉਨ੍ਹਾਂ ਨੇ ਅਜਿਹਾ ਨਹੀਂ ਕੀਤਾ। ਦੁਨੀਆਵੀ ਲੋਕ ਆਪਣੇ ਨਿੱਜੀ ਸਵਾਰਥਾਂ ਦੀ ਖਾਤਰ ਸਾਰੇ ਅਸੂਲ, ਸਿਧਾਂਤ ਅਤੇ ਕੌਮੀ ਹਿੱਤਾਂ ਨੂੰ ਵੀ ਕੁਰਬਾਨ ਕਰਨ ਤੋਂ ਨਹੀਂ ਝਿੱਜਕਦੇ। ਅਜਿਹੇ ਲੋਕਾਂ ਨੂੰ ਇਤਿਹਾਸ ਵਿਚ ਘਿਰਣਾ ਦੀ ਨਜ਼ਰ ਨਾਲ ਹੀ ਵੇਖਿਆ ਜਾਂਦਾ ਹੈ। ਗੁਰੂ ਜੀ ਲਈ ਸਿੰਘਾਂ ਅਤੇ ਸਪੁੱਤਰਾਂ ਵਿਚਕਾਰ ਕੋਈ ਅੰਤਰ ਨਹੀਂ ਸੀ। ਸਤਿਗੁਰਾਂ ਵੱਲੋਂ ਮੈਦਾਨ-ਏ-ਜੰਗ ਵਿਚ ਜੂਝਦਿਆਂ ਸ਼ਹੀਦੀ ਪਾਉਣ ਲਈ ਕੀਤੀ ਤਿਆਰੀ ਅਤੇ ਰਹਿੰਦੇ ਮਹੱਤਵਪੂਰਨ ਪੰਥਕ ਕਾਰਜਾਂ ਦੀ ਪੂਰਤੀ ਨੂੰ ਮੁੱਖ ਰੱਖਦਿਆਂ ਪੰਜ ਸਿੰਘਾਂ ਵੱਲੋਂ ਗੁਰੂ ਰੂਪ ਹੋ ਕੇ ਸਤਿਗੁਰਾਂ ਨੂੰ ਗੜ੍ਹੀ ਛੱਡ ਕੇ ਚਲੇ ਜਾਣ ਲਈ ਕਿਹਾ ਗਿਆ। ਖਾਲਸੇ ਦਾ ਹੁਕਮ ਮੰਨਦਿਆਂ ਜਦੋਂ ਗੁਰੂ ਜੀ ਨੇ ਤਾੜੀ ਮਾਰ ਕੇ ਮੁਗ਼ਲਾਂ ਨੂੰ ਵੰਗਾਰ ਕੇ ਬਾਹਰ ਨੂੰ ਚਾਲੇ ਪਾਏ।

ਕਰਬਲਾ ਦੀ ਜੰਗ ਅਤੇ ਚਮਕੌਰ ਦੀ ਜੰਗ ਵਿਚ ਇੱਕ ਵੱਡਾ ਅੰਤਰ ਸੀ। ਕਰਬਲਾ ਦੀ ਜੰਗ ਵਿਚ ਦੋਵੇਂ ਫੌਜਾਂ ਬਰਾਬਰ ਦੀਆਂ ਸਨ। ਇਸ ਦੇ ਮੁਕਾਬਲੇ 'ਤੇ ਚਮਕੌਰ ਦੀ ਜੰਗ ਦੁਨੀਆਂ ਦੀ ਸਭ ਤੋਂ ਵੱਧ ਅਸਾਵੀਂ ਜੰਗ ਸੀ। ਇਸ ਜੰਗ ਦਾ ਜ਼ਿਕਰ ਕਰਦਿਆਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਔਰੰਗਜ਼ੇਬ ਨੂੰ ਲਿਖੇ ਜ਼ਫ਼ਰਨਾਮੇ ਵਿਚ ਲਿਖਿਆ ਹੈ ਕਿ ਭੁੱਖੇ-ਭਾਣੇ ਚਾਲ੍ਹੀ ਆਦਮੀ ਕੀ ਕਰ ਸਕਦੇ ਹਨ, ਜੇ ਉਨ੍ਹਾਂ 'ਤੇ ਬੇਸ਼ੁਮਾਰ ਲਸ਼ਕਰ ਅਚਾਨਕ ਟੁੱਟ ਪਵੇ:

ਗੁਰਸਨ : ਚਿਹ ਕਾਰੇ ਕੁਨੱਦ ਚਿਹਲ ਨਰ।
ਕਿ ਦਹ ਲੱਕ ਬਿਆਯਦ ਬਰੋ ਬੇਖ਼ਬਰ। (ਜ਼ਫ਼ਰਨਾਮਾ)

ਇਸ ਤਰ੍ਹਾਂ ਦੀਆਂ ਅਸਾਵੀਂਆਂ ਜੰਗਾਂ ਦੀਆਂ ਮਿਸਾਲਾਂ ਸਿੱਖ ਇਤਿਹਾਸ ਵਿਚ ਸ੍ਰੀ ਮੁਕਤਸਰ ਸਾਹਿਬ ਅਤੇ ਸਾਰਾਗੜ੍ਹੀ ਦੀ ਜੰਗ ਦੀਆਂ ਮਿਲਦੀਆਂ ਹਨ, ਪਰ ਬਾਕੀ ਕੌਮਾਂ ਦੇ ਇਤਿਹਾਸ ਵਿਚ ਸ਼ਾਇਦ ਨਾ ਦੇ ਬਰਾਬਰ ਹਨ।

ਮਹਾਨ ਸ਼ਹੀਦਾਂ ਦਾ ਪਵਿੱਤਰ ਖ਼ੂਨ ਡੁੱਲ੍ਹਣ ਨਾਲ ਚਮਕੌਰ ਦੀ ਧਰਤੀ ਚਮਕੌਰ ਸਾਹਿਬ ਬਣ ਗਈ ਅਤੇ ਇੱਥੇ ਚਮਕੌਰ ਸਾਹਿਬ ਦੀ ਇਤਿਹਾਸਿਕ ਜੰਗ ਦੀ ਯਾਦ ਵਿਚ ਗੁਰਦੁਆਰਾ ਕਤਲਗੜ੍ਹ ਸਾਹਿਬ, ਗੁਰਦੁਆਰਾ ਕੱਚੀ ਗੜ੍ਹੀ ਸਾਹਿਬ, ਗੁਰਦੁਆਰਾ ਦਮਦਮਾ ਸਾਹਿਬ, ਗੁਰਦੁਆਰਾ ਤਾੜੀ ਸਾਹਿਬ, ਗੁਰਦੁਆਰਾ ਰਣਜੀਤਗੜ੍ਹ ਸਾਹਿਬ ਸੁਸ਼ੋਭਿਤ ਹੈ। ਇਸ ਮਹਾਨ ਪਵਿੱਤਰ ਸ਼ਹੀਦੀ ਅਸਥਾਨ ਉੱਤੇ ਹਰ ਸਾਲ ਸਿੱਖ ਸੰਗਤਾਂ ਜੋੜ-ਮੇਲੇ 'ਤੇ ਇਕੱਤਰ ਹੋ ਕੇ ਉਨ੍ਹਾਂ ਮਹਾਨ ਸ਼ਹੀਦਾਂ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਦੀਆਂ ਹਨ।

ਅੱਲਾ ਯਾਰ ਖਾਂ ਜੋਗੀ ਤਾਂ ਦੁਨੀਆਂ ਦੇ ਤੀਰਥ ਅਸਥਾਨਾਂ ਨਾਲੋਂ ਸਾਹਿਬਜ਼ਾਦਿਆਂ ਦੇ ਸ਼ਹੀਦੀ ਸਥਾਨਾਂ ਨੂੰ ਧਰਮ-ਯਾਤਰਾ ਲਈ ਉੱਚਤਮ ਮੰਨਦਾ ਹੈ, ਕਿਉਂਕਿ ਅਜਿਹੀ ਸ਼ਹੀਦੀ ਦੁਨੀਆਂ ਦੇ ਇਤਿਹਾਸ ਵਿਚ ਨਾ ਤਾਂ ਪਹਿਲਾਂ ਕਦੀ ਹੋਈ ਅਤੇ ਨਾ ਹੀ ਭਵਿੱਖ ਵਿਚ ਆਸ ਹੈ। ਜੋਗੀ ਜੀ ਇਉਂ ਲਿਖਦੇ ਹਨ:

ਬਸ ਏਕ ਹਿੰਦ ਮੇਂ ਤੀਰਥ ਹੈ ਯਾਤ੍ਰਾ ਕੇ ਲੀਯੇ।
ਕਟਾਏ ਬਾਪ ਨੇ ਬੱਚੇ ਜਹਾਂ ਖ਼ੁਦਾ ਕੇ ਲੀਯੇ।

ਸਾਹਿਬਜ਼ਾਦਿਆਂ ਦੀ ਲਾਮਿਸਾਲ ਸ਼ਹੀਦੀ ਨੂੰ ਯਾਦ ਕਰਦਿਆਂ ਜਦੋਂ ਆਪਣੇ ਆਲੇ ਦੁਆਲੇ ਵੱਲ ਝਾਤ ਮਾਰਦੇ ਹਾਂ ਅਤੇ ਸਿੱਖ ਕੌਮ ਅੰਦਰ ਆ ਚੁੱਕੇ ਘੋਰ ਨਿਘਾਰ ਨੂੰ ਮਹਿਸੂਸ ਕਰਦੇ ਹਾਂ ਤਾਂ ਸਿਰ ਸ਼ਰਮ ਨਾਲ ਝੁਕ ਜਾਂਦਾ ਹੈ। ਕੀ ਅਸੀਂ ਸੋਚਾਂਗੇ ਕਿ ਅਸੀਂ ਕਿਧਰ ਨੂੰ ਜਾ ਰਹੇ ਹਾਂ? ਸਤਿਗੁਰੂ ਨੇ ਆਪਣੇ ਲਖਤੇ-ਜਿਗਰ ਸਾਹਿਬਜ਼ਾਦਿਆਂ ਨੂੰ ਸ਼ਹੀਦ ਕਰਵਾ ਕੇ ਭਾਰਤ ਵਾਸੀਆਂ ਅਤੇ ਸਿੱਖ ਕੌਮ ਨੂੰ ਜ਼ਿੰਦਗੀ ਬਖ਼ਸ਼ੀ ਸੀ। ਸਾਹਿਬਜ਼ਾਦਿਆਂ ਨੇ ਆਪਣੇ ਸੀਸ ਭੇਟ ਕਰ ਕੇ ਭਾਰਤ ਦਾ ਸੀਸ, ਧਰਮ, ਅਣਖ,

ਗੌਰਵ ਅਤੇ ਸਭਿਆਚਾਰ ਨੂੰ ਬਚਾਇਆ। ਪਰੰਤੂ ਅਸੀਂ ਕੌਮ ਨੂੰ ਤਬਾਹੀ ਵੱਲ ਧੱਕ ਕੇ ਆਪਣੀ ਅਤੇ ਆਪਣੀ ਔਲਾਦ ਦੇ ਕੂੜੇ ਸੁੱਖ-ਅਰਾਮ ਅਤੇ ਵਕਤੀ ਸ਼ਾਨ-ਓ-ਸ਼ੌਕਤ ਲਈ ਤੱਤਪਰ ਹਾਂ। ਉਹ ਕੌਮਾਂ ਦੁਨੀਆਂ ਦੇ ਤਖਤੇ ਤੋਂ ਮਿਟ ਗਈਆਂ, ਜਿਨ੍ਹਾਂ ਨੇ ਖੁਦਗਰਜ਼ੀ ਕਾਰਨ ਆਪਣੇ ਧਾਰਮਿਕ ਸਿਧਾਂਤ, ਮਹਾਨ ਵਿਰਾਸਤ, ਇਤਿਹਾਸ ਅਤੇ ਸ਼ਹੀਦਾਂ ਨੂੰ ਅਣਗੌਲਿਆਂ ਕਰ ਕੇ ਆਪਣੀਆਂ ਕੂੜੀਆਂ ਲਾਲਸਾਵਾਂ ਨੂੰ ਪੂਰੀਆਂ ਕਰਨ ਵਿਚ ਹੀ ਗਲਤਾਨ ਹੋ ਗਈਆਂ। ਇਸ ਦੇ ਨਾਲ ਹੀ ਪੰਥ-ਵਿਰੋਧੀ ਸ਼ਕਤੀਆਂ ਤਰ੍ਹਾਂ-ਤਰ੍ਹਾਂ ਦੀਆਂ ਸਾਜਸ਼ਾਂ ਅਤੇ ਮਨਘੜਤ ਕਹਾਣੀਆਂ ਘੜ ਕੇ ਸਿੱਖ ਸਿਧਾਂਤ, ਮਹਾਨ ਵਿਰਾਸਤ, ਸ਼ਾਨਾਂਮੱਤੇ ਇਤਿਹਾਸ ਅਤੇ ਮਰਿਆਦਾ ਨੂੰ ਸੱਟ ਮਾਰਨ ਲਈ ਪੂਰੀ ਤਰ੍ਹਾਂ ਸਰਗਰਮ ਹਨ। ਜੋ ਕਿ ਅਤੀ ਖਤਰਨਾਕ ਮਸਲਾ ਹੈ। ਸਾਨੂੰ ਇਸ ਖਤਰੇ ਤੋਂ ਸਾਵਧਾਨ ਹੋਣ ਦੀ ਲੋੜ ਹੈ, ਵਰਨਾ ਸਰਬਨਾਸ਼ ਯਕੀਨੀ ਹੈ। ਆਓ! ਅਸੀਂ ਆਪਣੇ ਮਹਾਨ ਸਿਧਾਂਤ ਅਤੇ ਵਿਰਾਸਤ ਦੇ ਸਹੀ ਵਾਰਿਸ ਬਣਨ ਦਾ ਯਤਨ ਕਰੀਏ ਅਤੇ "ਅਪਨਾ ਬਿਗਾਰ ਬਿਰਾਂਨਾ ਸਾਂਢੈ" ਦੇ ਸਿਧਾਂਤ ਉੱਤੇ ਪਹਿਰਾ ਦੇਈਏ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਸੇਧ ਲੈਂਦੇ ਹੋਏ ਇਸ ਕਾਰਜ ਵਿਚ ਤਨੋਂ ਮਨੋਂ ਆਪੋ-ਆਪਣਾ ਯੋਗਦਾਨ ਪਾਈਏ ਅਤੇ ਆਪਣਾ ਜਨਮ ਸਕਾਰਥਾ ਕਰੀਏ ਅਤੇ ਆਪਣੇ ਦੇਸ਼ ਅਤੇ ਕੌਮ ਦੇ ਗੌਰਵ, ਅਣਖ ਅਤੇ ਸ਼ਾਨ ਨੂੰ ਉੱਚਾ ਕਰੀਏ, ਰੌਸ਼ਨ ਕਰੀਏ।

ਸੇਵਾ

ਸੇਵਾ ਸਿੱਖ ਧਰਮ ਦਾ ਇਕ ਉੱਘਾ ਅੰਗ ਹੈ। ਇਸ ਨੂੰ ਨਮੂਨੇ ਮਾਤ੍ਰ ਸਿਖਾਉਣ ਲਈ ਗੁਰਦੁਆਰਿਆਂ 'ਚ ਹੀ ਪ੍ਰਬੰਧ ਕੀਤਾ ਹੁੰਦਾ ਹੈ। ਸਾਧਾਰਨ ਰੂਪ ਇਸ ਦੇ ਇਹ ਹਨ- ਗੁਰਦੁਆਰੇ ਦਾ ਝਾੜੂ, ਲੇਪਣ, ਸੰਗਤਾਂ ਦੀ ਪਾਣੀ ਪੱਖੇ ਦੀ ਸੇਵਾ, ਲੰਗਰ ਦੀ ਸੇਵਾ, ਜੋੜੇ ਝਾੜਨਾ ਆਦਿ।

(ੳ) ਗੁਰੂ ਕਾ ਲੰਗਰ - ਇਸ ਦੇ ਦੋ ਭਾਵ ਹਨ : ਇਕ ਸਿੱਖਾਂ ਨੂੰ ਸੇਵਾ ਸਿਖਾਉਣਾ, ਦੂਜਾ, ਊਚ-ਨੀਚ, ਛੂਤ-ਛਾਤ ਦਾ ਭਰਮ ਮਿਟਾਉਣਾ।

(ਅ) ਗੁਰੂ ਕੇ ਲੰਗਰ ਵਿਚ ਬੈਠ ਕੇ ਊਚ-ਨੀਚ, ਕਿਸੇ ਜ਼ਾਤ ਜਾਂ ਵਰਣ ਦਾ ਪ੍ਰਾਣੀ ਪ੍ਰਸ਼ਾਦ ਛਕ ਸਕਦਾ ਹੈ। ਪੰਗਤ ਵਿਚ ਬਿਠਾਣ ਲੱਗਿਆਂ ਕਿਸੇ ਦੇਸ਼, ਵਰਣ, ਜ਼ਾਤ ਜਾਂ ਮਜ਼ਹਬ ਦਾ ਵਿਤਕਰਾ ਨਹੀਂ ਕਰਨਾ। ਹਾਂ, ਇਕ ਥਾਲੀ ਵਿਚ ਕੇਵਲ ਅੰਮ੍ਰਿਤਧਾਰੀ ਸਿੱਖ ਹੀ ਛਕ ਸਕਦੇ ਹਨ।

(ਸਿੱਖ ਰਹਿਤ ਮਰਯਾਦਾ, ਪੰਨਾ 26)



ਸ੍ਰੀ ਨਨਕਾਣਾ ਸਾਹਿਬ ਲਈ ਸਿੱਖ ਸ਼ਰਧਾਲੂਆਂ ਦਾ ਜਥਾ ਰਵਾਨਾ ਹੋਣ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਰਦਾਸ ਕਰਦੇ ਹੋਏ ਜਥੇ ਨਾਲ ਲੀਡਰ ਵਜੋਂ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਿੰਦਰ ਕੌਰ ਭੋਲੂਵਾਲ, ਡਿਪਟੀ ਲੀਡਰ ਵਜੋਂ ਸ. ਗੁਰਮੀਤ ਸਿੰਘ ਬੂਹ, ਸ. ਰਾਮਪਾਲ ਸਿੰਘ ਬਹਿਣੀਵਾਲ ਅਤੇ ਜਨਰਲ ਪ੍ਰਬੰਧਕ ਸੁਪਰਵਾਈਜ਼ਰ ਸ. ਨਿਸ਼ਾਨ ਸਿੰਘ, ਨੂੰ ਰਵਾਨਾ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਫੁੰਮਣ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਹੋਰ। (4 ਨਵੰਬਰ)



ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਨਗਰ ਕੀਰਤਨ ਦਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਿਕਰਮਾਂ ਵਿਚ ਮਨਮੋਹਕ ਦ੍ਰਿਸ਼। (4 ਨਵੰਬਰ)





ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਜਾਏ ਗਏ ਜਲੌ ਦਾ ਦ੍ਰਿਸ਼ ਅਤੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਅਰਦਾਸ ਵਿਚ ਸ਼ਾਮਲ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਰਜਿੰਦਰ ਸਿੰਘ ਰੂਬੀ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਹੋਰ ਕਰਮਚਾਰੀ ਤੇ ਸੰਗਤਾਂ। (5 ਨਵੰਬਰ)



ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਸ. ਅਜਮੇਰ ਸਿੰਘ ਖੇੜਾ, ਸ. ਚਰਨਜੀਤ ਸਿੰਘ ਕਾਲੇਵਾਲ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਵਿਦਿਆਰਥੀਆਂ ਵੱਲੋਂ ਚੱਲ ਰਹੇ 'ਪੰਜਾਬ ਯੂਨੀਵਰਸਿਟੀ ਬਚਾਓ' ਮੋਰਚੇ ਵਿਚ ਵਿਦਿਆਰਥੀਆਂ ਨਾਲ ਗੱਲਬਾਤ ਕਰਦੇ ਹੋਏ। (7 ਨਵੰਬਰ)



ਸ਼੍ਰੋਮਣੀ ਕਮੇਟੀ ਹੜ੍ਹ ਪੀੜਤ ਰਾਹਤ ਫੰਡ ਲਈ 11 ਲੱਖ ਰੁਪਏ ਦਾ ਚੈਕ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨੂੰ ਸੌਂਪਦੇ ਹੋਏ ਸ੍ਰੀ ਪਾਉਂਟਾ ਸਾਹਿਬ ਕਮੇਟੀ ਦੇ ਪ੍ਰਬੰਧਕ ਮੈਂਬਰ ਬਾਬਾ ਨਾਗਰ ਸਿੰਘ ਅਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਜਗੀਰ ਸਿੰਘ। (8 ਨਵੰਬਰ)



350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਏ ਗਏ ਵਿਸ਼ਾਲ ਗੁਰਮਤਿ ਸਮਾਗਮ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਬਲਜੀਤ ਸਿੰਘ ਜਲਾਲਉਸਮਾ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ ਤੇ ਹੋਰ। (9 ਨਵੰਬਰ)



350 ਸਾਲਾ ਸ਼ਤਾਬਦੀ ਸਮਾਗਮਾਂ ਸਬੰਧੀ ਜੰਮੂ ਅਤੇ ਕਸ਼ਮੀਰ ਦੇ ਹਿੰਦੂ ਸਮਾਜ ਨਾਲ ਸਬੰਧਿਤ ਪ੍ਰਮੁੱਖ ਆਗੂਆਂ ਅਤੇ ਕਸ਼ਮੀਰੀ ਪੰਡਿਤ ਭਾਈਚਾਰੇ ਦੇ ਨੁਮਾਇੰਦਿਆਂ ਨਾਲ ਇਕੱਤਰਤਾ ਦੌਰਾਨ ਸੰਬੋਧਨ ਕਰਦੇ ਹੋਏ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਤੇ ਹਾਜ਼ਰ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਹਰਭਿੰਦਰ ਸਿੰਘ, ਕੋਆਰਡੀਨੇਟਰ ਭਾਈ ਜਗਤਾਰ ਸਿੰਘ, ਸ. ਅਜੀਤ ਸਿੰਘ, ਬਾਬਾ ਜਸਬੀਰ ਸਿੰਘ, ਹਿੰਦੂ ਆਗੂਆਂ ਵਿੱਚ ਸ਼੍ਰੀ ਰਾਜੇਸ਼ ਗੁਪਤਾ, ਸ਼੍ਰੀ ਕ੍ਰਿਸ਼ਨ ਭੱਟ, ਸ਼੍ਰੀ ਐਸ ਕੇ ਕੰਦਰੂ, ਸ਼੍ਰੀ ਚਾਂਦ ਪੰਡਤਾ, ਸ਼੍ਰੀ ਰਤਨ ਲਾਲ ਤੇ ਹੋਰ। (10 ਨਵੰਬਰ)



ਸ਼੍ਰੋਮਣੀ ਕਮੇਟੀ ਹੜ੍ਹ ਪੀੜਤ ਰਾਹਤ ਫੰਡ ਲਈ ਹਰਿਆਣਾ ਦੇ ਪਲਵਲ ਨੇੜਲੇ ਪਿੰਡ ਬਡੋਕੀ ਦੀ ਸੰਗਤ ਵੱਲੋਂ 4 ਲੱਖ 61 ਹਜ਼ਾਰ 250 ਰੁਪਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨੂੰ ਸੌਂਪਦੇ ਹੋਏ ਸ਼੍ਰੀ ਵਰਿੰਦਰ ਸਿੰਘ, ਸ਼੍ਰੀ ਬੱਚੂ ਸਿੰਘ, ਸ਼੍ਰੀ ਮਾਵੀ ਸਿੰਘ, ਸ਼੍ਰੀ ਕਿਸ਼ਨ ਚੰਦ, ਸ਼੍ਰੀ ਕਿਸ਼ਨ ਕੁਮਾਰ, ਸ਼੍ਰੀ ਰਾਜਬੀਰ ਸਿੰਘ, ਸ਼੍ਰੀ ਧਰਮਵੀਰ ਸਿੰਘ ਤੇ ਹੋਰ। (13 ਨਵੰਬਰ)



350 ਸਾਲਾ ਸ਼ਤਾਬਦੀ ਸਮਾਗਮਾਂ ਚ ਸ਼ਮੂਲੀਅਤ ਲਈ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਯੋਗੀ ਅਦਿਤਿਆ ਨਾਥ ਨੂੰ ਸੱਦਾ ਪੱਤਰ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਉੱਤਰ ਪ੍ਰਦੇਸ਼ ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ, ਨਾਲ ਹਨ ਉੱਤਰ ਪ੍ਰਦੇਸ਼ ਸਰਕਾਰ ਦੇ ਖੇਤੀਬਾੜੀ ਮੰਤਰੀ ਸ. ਬਲਦੇਵ ਸਿੰਘ ਔਲਖ। (14 ਨਵੰਬਰ)



350 ਸਾਲਾ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੰਮੂ ਕਸ਼ਮੀਰ ਦੀਆਂ ਗੁਰਦੁਆਰਾ ਕਮੇਟੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਸ਼ਹੀਦ ਬੁੰਗਾ ਸ੍ਰੀਨਗਰ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਵਿੱਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸ. ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ ਤੇ ਹੋਰ। (14 ਨਵੰਬਰ)



350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਮਟਨ ਸਾਹਿਬ ਕਸ਼ਮੀਰ ਤੋਂ ਵਿਸ਼ਾਲ ਨਗਰ ਕੀਰਤਨ ਦੀ ਆਰੰਭਤਾ ਮੌਕੇ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਸੰਗਤਾਂ। (15 ਨਵੰਬਰ)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਦਿਵਸ ਮੌਕੇ ਕਰਵਾਏ ਗਏ ਗੁਰਮਤਿ ਸਮਾਗਮ ਵਿਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ, ਸ. ਬਿਜੈ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸੁਪਰਡੈਂਟ ਸ. ਨਿਸ਼ਾਨ ਸਿੰਘ ਤੇ ਸਮੂਹ ਕਰਮਚਾਰੀ। (15 ਨਵੰਬਰ)



ਚਿੱਟੀ ਸਿੰਘਪੁਰਾ ਸ੍ਰੀਨਗਰ ਪੁੱਜੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਐਲਾਨ ਕੀਤਾ ਕਿ ਉਹ ਇਥੇ ਸਥਾਪਿਤ ਖਾਲਸਾ ਸਕੂਲ ਨੂੰ ਮੁੜ ਚਲਾਉਣ ਲਈ ਯਤਨ ਕਰਨਗੇ, ਇਸ ਸਮੇਂ ਨਾਲ ਹਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਅਤੇ ਸਥਾਨਕ ਸਿੱਖ ਆਗੂ ਮੌਜੂਦ ਸਨ। (16 ਨਵੰਬਰ)



ਨੌਵੇਂ ਪਾਤਸ਼ਾਹ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਦੀ ਆਰੰਭਤਾ ਸਮੇਂ ਅਰਦਾਸ ਵਿਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਅੰਤ੍ਰਿਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਬਲਵਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ, ਬਾਬਾ ਗੁਰਦੇਵ ਸਿੰਘ ਤਰਨਾ ਦਲ ਸ਼ਹੀਦੀ ਬਾਗ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਗੁਰਨਾਮ ਸਿੰਘ, ਸ. ਕੁਲਦੀਪ ਸਿੰਘ ਰੋਡੇ ਤੇ ਹੋਰ ਸ਼ਖਸੀਅਤਾਂ। (21 ਨਵੰਬਰ)



ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ 'ਸ੍ਰੀ ਗੁਰੂ ਤੇਗ ਬਹਾਦਰ ਜੀ: ਜੀਵਨ, ਬਾਣੀ ਤੇ ਸ਼ਹਾਦਤ ਅਜੋਕੇ ਸੰਦਰਭ ਵਿਚ' ਵਿਸ਼ੇ 'ਤੇ ਕਰਵਾਏ ਇਕ ਰੋਜ਼ਾ ਅੰਤਰ-ਰਾਸ਼ਟਰੀ ਸੈਮੀਨਾਰ 'ਚ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀ. ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਡਾ. ਇੰਦਰਜੀਤ ਸਿੰਘ ਗੋਗੋਆਣੀ, ਅਤੇ ਹਾਜ਼ਰ ਅੰਤ੍ਰਿੰਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਅਜਮੇਰ ਸਿੰਘ ਖੇੜਾ, ਸਿੱਖ ਚਿੰਤਕ ਪ੍ਰੋ. ਬਲਕਾਰ ਸਿੰਘ, ਪ੍ਰੋਫੈਸਰ ਤੇ ਵਿਦਿਆਰਥੀ। (20 ਨਵੰਬਰ)



ਸ਼੍ਰੋਮਣੀ ਕਮੇਟੀ ਵਲੋਂ ਕਾਰ-ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਦੇ ਸਹਿਯੋਗ ਨਾਲ ਗੁ. ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਚਾਂਦੀ ਦੇ ਪੰਜ ਜੋੜੀਆਂ ਦਰਵਾਜ਼ੇ ਲਾਉਣ ਦੀ ਸੇਵਾ ਮੁਕੰਮਲ ਹੋਣ ਸਮੇਂ ਹਾਜ਼ਰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਕਾਰ-ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ ਬਾਬਾ ਸਤਨਾਮ ਸਿੰਘ, ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਗੁਰਦੇਵ ਸਿੰਘ ਤਰਨਾ ਦਲ ਸ਼ਹੀਦੀ ਬਾਗ਼ ਵਾਲੇ, ਬਾਬਾ ਬਚਨ ਸਿੰਘ, ਬਾਬਾ ਮਹਿੰਦਰ ਸਿੰਘ ਕਾਰ-ਸੇਵਾ ਦਿੱਲੀ ਵਾਲੇ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ, ਬਾਬਾ ਅਜੀਤ ਸਿੰਘ ਦੇਹਲਾਂ, ਭਾਈ ਇੰਦਰਜੀਤ ਸਿੰਘ ਬਿੱਟੂ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਯੂ.ਕੇ., ਸੇਵਕ ਜਥਾ ਮੁੰਬਈ ਤੋਂ ਸ. ਰਾਮ ਸਿੰਘ ਰਾਠੌਰ, ਅੰਤ੍ਰਿੰਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, (21 ਨਵੰਬਰ)



ਗੁਰਦੁਆਰਾ ਬਿਬਾਣਗੜ੍ਹ ਸਾਹਿਬ ਕੀਰਤਪੁਰ ਸਾਹਿਬ ਦੇ ਨਵੇਂ ਦਰਬਾਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਨ ਸਮੇਂ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਅੰਤ੍ਰਿੰਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਬਾਬਾ ਮਹਿੰਦਰ ਸਿੰਘ ਕਾਰ ਸੇਵਾ ਵਾਲੇ, ਬਾਬਾ ਗੁਲਜ਼ਾਰ ਸਿੰਘ, ਬਾਬਾ ਕੁਲਦੀਪ ਸਿੰਘ ਤੇ ਹੋਰ। (21 ਨਵੰਬਰ)



ਸ਼੍ਰੋਮਣੀ ਕਮੇਟੀ ਹੜ੍ਹ ਪੀੜਤ ਫੰਡ ਲਈ ਅਮਰੀਕਾ ਨਿਵਾਸੀ ਸ.ਹਰਕਿਸ਼ਨ ਸਿੰਘ ਭੱਟੀ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ 4400 ਅਮਰੀਕੀ ਡਾਲਰ ਅਤੇ ਇੱਕ ਲੱਖ ਰੁਪਏ ਮੁੱਖ ਸਕੱਤਰ ਸ.ਕੁਲਵੰਤ ਸਿੰਘ ਮੰਨਣ ਨੂੰ ਸੌਂਪਣ ਸਮੇਂ ਹਾਜ਼ਰ ਓਐਸਡੀ ਸ. ਸਤਬੀਰ ਸਿੰਘ ਧਾਮੀ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਤੇ ਹੋਰ। (22 ਨਵੰਬਰ)



ਸ਼੍ਰੋਮਣੀ ਕਮੇਟੀ ਹੜ੍ਹ ਪੀੜਤ ਫੰਡ ਲਈ ਅਰਾਏਪੁਰ ਦੀ ਸੰਗਤ ਵੱਲੋਂ 5 ਲੱਖ ਰੁਪਏ ਦਾ ਚੈੱਕ ਸ.ਚਰਨਜੀਤ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ ਟਾਟੀਬੰਧ ਰਾਏਪੁਰ (ਛੱਤੀਸਗੜ੍ਹ) ਰਾਹੀਂ ਸੌਂਪਣ ਸਮੇਂ ਸੰਗਤ ਨੂੰ ਸਨਮਾਨਿਤ ਕਰਦੇ ਹੋਏ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸ. ਸਤਬੀਰ ਸਿੰਘ ਓਐਸਡੀ, ਸ. ਹਰਭਜਨ ਸਿੰਘ ਵਕਤਾ ਮੀਤ ਸਕੱਤਰ, ਸ. ਹਰਭਿੰਦਰ ਸਿੰਘ ਇੰਚਾਰਜ ਸਿੱਖ ਮਿਸ਼ਨ ਜੰਮੂ ਕਸ਼ਮੀਰ ਤੇ ਹੋਰ। (22 ਨਵੰਬਰ)



ਨੌਵੇਂ ਪਾਤਸ਼ਾਹ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਇਲਾਕੇ ਦੇ ਪਤਵੰਤਿਆਂ ਨਾਲ ਮੀਟਿੰਗ ਦੌਰਾਨ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਨਾਲ ਹਨ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਤੇ ਹੋਰ। (22 ਨਵੰਬਰ)



ਸ੍ਰੀ ਅਨੰਦਪੁਰ ਸਾਹਿਬ ਦੇ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਵਿਚ ਪੁੱਜੇ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਨੂੰ ਸਨਮਾਨਿਤ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਗੁਰਬਖਸ਼ ਸਿੰਘ ਖ਼ਾਲਸਾ, ਸਕੱਤਰ ਸ. ਪ੍ਰਤਾਪ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਹੋਰ ਸ਼ਖਸੀਅਤਾਂ। (23 ਨਵੰਬਰ)



ਸ੍ਰੀ ਅਨੰਦਪੁਰ ਸਾਹਿਬ ਦੇ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਵਿਚ ਪੁੱਜੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਹੋਰ। (23 ਨਵੰਬਰ)



ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਤਾਬਦੀ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸਟੇਜ 'ਤੇ ਮੌਜੂਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਹੋਰ ਸ਼ਖਸੀਅਤਾਂ। (23 ਨਵੰਬਰ)



ਗੁਰਦੁਆਰਾ ਗੁਰੂ ਕੇ ਮਹਿਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਤਾਬਦੀ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਨਾਲ ਹਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਮੈਂਬਰ ਸ. ਅਵਤਾਰ ਸਿੰਘ ਰਿਆ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ ਤੇ ਹੋਰ ਸ਼ਖਸੀਅਤਾਂ। (23 ਨਵੰਬਰ)



ਧਰਮ ਪ੍ਰਚਾਰ ਕਮੇਟੀ ਵੱਲੋਂ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਤੌਰ 'ਤੇ ਤਿਆਰ ਕਰਵਾਇਆ ਸੋਵੀਨਰ, ਕਿਤਾਬਾਂ ਡਾ. ਬਲਵੰਤ ਸਿੰਘ ਢਿੱਲੋਂ ਦੁਆਰਾ ਰਚਿਤ 'ਹੁਕਮਨਾਮੇ ਸ੍ਰੀ ਗੁਰੂ ਤੇਗ ਬਹਾਦਰ ਜੀ ਨਾਲ ਸੰਵਾਦ', ਡਾ. ਪਰਮਵੀਰ ਸਿੰਘ ਦੁਆਰਾ ਲਿਖੀ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਜੀਵਨ, ਮਹਿਮਾ ਅਤੇ ਚਰਨ ਛੋਹ ਅਸਥਾਨ' ਅਤੇ ਡਾ. ਧਰਮ ਸਿੰਘ ਤੇ ਡਾ. ਪਰਮਵੀਰ ਸਿੰਘ ਦੀ ਅੰਗਰੇਜ਼ੀ ਪੁਸਤਕ 'ਜੀਵਨੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ' ਜਾਰੀ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਅਵਤਾਰ ਸਿੰਘ ਰਿਆ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਸੁਖਬੀਰ ਸਿੰਘ, ਪ੍ਰੋ. ਡਾ. ਬਲਵੰਤ ਸਿੰਘ ਢਿੱਲੋਂ , ਪ੍ਰੋ. ਡਾ. ਪਰਮਵੀਰ ਸਿੰਘ, ਡਾ. ਰਾਜਵਿੰਦਰ ਸਿੰਘ ਜੋਗਾ, ਸਾਬਕਾ ਵਧੀਕ ਸਕੱਤਰ ਸ. ਸਿਮਰਜੀਤ ਸਿੰਘ, ਸਾਬਕਾ ਮੀਤ ਸਕੱਤਰ ਸ. ਸੁਖਦੇਵ ਸਿੰਘ ਤੇ ਸ. ਸੁਰਿੰਦਰ ਸਿੰਘ ਕਿਸ਼ਨਪੁਰਾ ਤੇ ਹੋਰ ਸ਼ਖਸੀਅਤਾਂ। (23 ਨਵੰਬਰ)



ਸ਼ਹੀਦੀ ਸ਼ਤਾਬਦੀ ਸਬੰਧੀ ਅਸਾਮ ਤੋਂ ਆਰੰਭ ਹੋਇਆ ਨਗਰ ਕੀਰਤਨ 92 ਦਿਨਾਂ ਬਾਅਦ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜਣ 'ਤੇ ਸਵਾਗਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀ. ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਭੁਪਿੰਦਰ ਸਿੰਘ ਭਲਵਾਨ, ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਅਜਮੇਰ ਸਿੰਘ ਖੇੜਾ, ਧਰਮ ਪ੍ਰਚਾਰ ਕਮੇਟੀ ਮੈਂਬਰ ਸ. ਅਜੈਬ ਸਿੰਘ ਅਭਿਆਸੀ ਤੇ ਹੋਰ ਸ਼ਖਸੀਅਤਾਂ। (23 ਨਵੰਬਰ)



ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਨਗਰ ਕੀਰਤਨ ਦੀ ਆਰੰਭਤਾ ਸਮੇਂ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਨਰਿੰਦਰ ਸਿੰਘ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਬਿਕਰਮ ਸਿੰਘ ਝੰਗੀ, ਸ. ਬਲਵਿੰਦਰ ਸਿੰਘ ਦਿਓਲ, ਮੀਤ ਮੈਨੇਜਰ ਸ. ਜਸਵੀਰ ਸਿੰਘ ਤੇ ਹੋਰ। (24 ਨਵੰਬਰ)



ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰਮਤਿ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸਟੇਜ 'ਤੇ ਬੈਠੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਹੋਰ ਸ਼ਖਸੀਅਤਾਂ। (24 ਨਵੰਬਰ)



ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰੋ. ਸੁਖਵੰਤ ਸਿੰਘ ਦੇ ਸਹਿਯੋਗ ਨਾਲ ਤਿਆਰ ਕਰਵਾਇਆ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਪਾਵਨ ਬਾਣੀ ਦਾ ਨਿਰਧਾਰਿਤ ਰਾਗਾਂ ਦਾ ਰਾਗਾਤਮਕ ਕੀਰਤਨ ਪ੍ਰੋਜੈਕਟ ਜਾਰੀ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਧਰਮ ਪ੍ਰਚਾਰ ਕਮੇਟੀ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸ. ਨਵਤੇਜ ਸਿੰਘ ਕਾਉਣੀ, ਸ. ਅਵਤਾਰ ਸਿੰਘ ਵਣਵਾਲਾ, ਓਐਸਡੀ ਸ. ਸਤਬੀਰ ਸਿੰਘ, ਧਰਮ ਪ੍ਰਚਾਰ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਸੁਖਬੀਰ ਸਿੰਘ, ਸ. ਬਲਵਿੰਦਰ ਸਿੰਘ ਖੇਰਾਬਾਦ ਤੇ ਹੋਰ ਸ਼ਖਸੀਅਤਾਂ। (24 ਨਵੰਬਰ)



350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਗਏ ਲਾਈਟ ਐਂਡ ਸਾਊਂਡ ਧਾਰਮਿਕ ਡਰਾਮੇ ਸਮੇਂ ਹਾਜ਼ਰ ਸੀਨੀਅਰ ਅਕਾਲੀ ਆਗੂ ਸ. ਗੁਲਜ਼ਾਰ ਸਿੰਘ ਰਣੀਕੇ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਰਘਬੀਰ ਸਿੰਘ ਸਹਾਰਨਮਾਜਰਾ, ਭਾਈ ਅਜੈਬ ਸਿੰਘ ਅਭਿਆਸੀ, ਸ. ਨਵਤੇਜ ਸਿੰਘ ਕਾਉਣੀ, ਸ. ਅਵਤਾਰ ਸਿੰਘ ਵਣਵਾਲਾ, ਸ. ਅਵਤਾਰ ਸਿੰਘ ਰਿਆ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਅਮਰੀਕ ਸਿੰਘ ਸਾਹਪੁਰ, ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਸ਼ਹਿਰੀ ਸ. ਸੁਰਜੀਤ ਸਿੰਘ ਭਲਵਾਨ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ ਤੇ ਹਾਜ਼ਰ ਸਰੇਤੇ। (24 ਨਵੰਬਰ)



ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸੀਸ ਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਗਏ ਮੁੱਖ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸਟੇਜ 'ਤੇ ਮੌਜੂਦ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ ਮੁਖੀ ਬਾਬਾ ਜੋਗਾ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਸ. ਬਲਵਿੰਦਰ ਸਿੰਘ ਭੂੰਦੜ, ਸ. ਤਜਿੰਦਰ ਸਿੰਘ ਮਿੱਡੂਖੇੜਾ, ਸ. ਸੁਰਜੀਤ ਸਿੰਘ ਭੁਲਵਾਨ, ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਜਗਜੀਤ ਸਿੰਘ ਹਰਖੋਵਾਲ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ ਵਾਲੇ, ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲੇ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਅਜਾਇਬ ਸਿੰਘ ਅਭਿਆਸੀ, ਬਾਬਾ ਬੂਟਾ ਸਿੰਘ ਤੇ ਹੋਰ ਧਾਰਮਿਕ, ਪੰਥਕ, ਰਾਜਨੀਤਕ ਅਤੇ ਸਮਾਜਿਕ ਸ਼ਖਸੀਅਤਾਂ। (25 ਨਵੰਬਰ)



ਸ਼੍ਰੋਮਣੀ ਕਮੇਟੀ ਵੱਲੋਂ ਆਯੋਜਿਤ 'ਸੀਸ ਮਾਰਗ ਨਗਰ ਕੀਰਤਨ' ਦਿੱਲੀਂ ਤੋਂ ਸ੍ਰੀ ਅਨੰਦਪੁਰ ਸਾਹਿਬ ਲਈ ਆਰੰਭ ਹੋਣ ਸਮੇਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਮਿੰਦਰ ਸਿੰਘ ਮਠਾਰੂ, ਵਧੀਕ ਸਕੱਤਰ ਸ. ਬਿਜੈ ਸਿੰਘ, ਇੰਚਾਰਜ ਸ. ਮਲਕੀਤ ਸਿੰਘ, ਸ. ਪਰਮਜੀਤ ਸਿੰਘ ਰਾਣਾ, ਸ. ਸੁਰਿੰਦਰ ਸਿੰਘ, ਸ. ਕਰਤਾਰ ਸਿੰਘ ਚਾਵਲਾ, ਭਾਈ ਬਲਵੰਤ ਸਿੰਘ ਐਨਕੋਟ ਤੇ ਸ਼ਖਸੀਅਤਾਂ। (25 ਨਵੰਬਰ)



ਨੌਵੇਂ ਪਾਤਸ਼ਾਹ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਕਮੇਟੀ ਵਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਗਏ ਮਹਾਨ ਇਸਤਰੀ ਗੁਰਮਤਿ ਸੰਮੇਲਨ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਚੰਡੀਗੜ੍ਹ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ ਤੇ ਹੋਰ। (25 ਨਵੰਬਰ)



ਸ਼੍ਰੋਮਣੀ ਕਮੇਟੀ ਦਫਤਰ ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਸ਼ਾਮਲ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਬੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰਾਨ ਤੇ ਅਧਿਕਾਰੀ। (27 ਨਵੰਬਰ)



ਅੰਮ੍ਰਿਤਸਰ ਦੇ ਅਕਾਲੀ ਮਾਰਕੀਟ ਸਥਾਨ 'ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਕੰਪਲੈਕਸ ਦਾ ਨੀਂਹ ਪੱਥਰ ਰੱਖਣ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ, ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ, ਮੈਂਬਰ ਸ. ਸੁਰਜੀਤ ਸਿੰਘ ਭਿੰਟੇਵੱਡ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਫੁੰਮਣ ਸਿੰਘ, ਸ. ਨਵਤੇਜ ਸਿੰਘ ਕਾਉਣੀ, ਭਾਈ ਅਜੈਬ ਸਿੰਘ ਅਭਿਆਸੀ, ਸ. ਗੁਰਨਾਮ ਸਿੰਘ ਜੱਸਲ, ਸ. ਅਮਰੀਕ ਸਿੰਘ ਕੋਟਸ਼ਮੀਰ, ਬਾਬਾ ਬੂਟਾ ਸਿੰਘ, ਸ. ਦਰਸ਼ਨ ਸਿੰਘ ਸ਼ੇਰਖਾਂ, ਜਥੇਦਾਰ ਕੌਰ ਸਿੰਘ, ਸ. ਪ੍ਰੀਤਮ ਸਿੰਘ ਮਲਸੀਹਾਂ, ਬੀਬੀ ਜੋਗਿੰਦਰ ਕੌਰ, ਓਐਸਡੀ ਸਤਬੀਰ ਸਿੰਘ ਧਾਮੀ, ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਅਤੇ ਹੋਰ। (27 ਨਵੰਬਰ)



ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਾਈ ਮਰਦਾਨਾ ਜੀ ਦੇ ਅਕਾਲ ਚਲਾਣਾ ਦਿਵਸ ਮੌਕੇ ਅਰਦਾਸ ਵਿਚ ਸ਼ਾਮਲ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਮੀਤ ਮੈਨੇਜਰ ਸ. ਜੈ ਸਿੰਘ ਸਮੇਤ ਵਿਸ਼ਵ ਰਬਾਬੀ ਭਾਈ ਮਰਦਾਨਾ ਜੀ ਵੈਲਫੇਅਰ ਸੁਸਾਇਟੀ ਦੇ ਨੁਮਾਇੰਦੇ ਤੇ ਸੰਗਤਾਂ। (28 ਨਵੰਬਰ)



350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਕਰਵਾਏ ਨੈਸ਼ਨਲ ਗੱਤਕਾ ਮੁਕਾਬਲੇ ਦੀ ਸ਼ੁਰੂਆਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਅੰਤ੍ਰਿੰਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਅਵਤਾਰ ਸਿੰਘ ਰਿਆ, ਭਾਈ ਅਜੈਬ ਸਿੰਘ ਅਭਿਆਸੀ, ਓ.ਐਸ.ਡੀ. ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਸੁਖਬੀਰ ਸਿੰਘ ਤੇ ਹੋਰ। (28 ਨਵੰਬਰ)

ਸ਼ਹੀਦੀ ਨਗਰ ਕੀਰਤਨ ਦੇ ਵੱਖ-ਵੱਖ ਪੜਾਵਾਂ ਦੀਆਂ ਤਸਵੀਰਾਂ










ਸ਼ਹੀਦੀ ਨਗਰ ਕੀਰਤਨ ਦੇ ਵੱਖ-ਵੱਖ ਪੜਾਵਾਂ ਦੀਆਂ ਤਸਵੀਰਾਂ






ਸੀਸ ਮਾਰਗ ਨਗਰ ਕੀਰਤਨ ਦੇ ਵੱਖ-ਵੱਖ ਪੜਾਵਾਂ ਦੀਆਂ ਤਸਵੀਰਾਂ






ਸ਼੍ਰੋਮਣੀ ਕਮੇਟੀ ਖ਼ਬਰਨਾਮਾ

ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਲਈ ਸਿੱਖ ਸ਼ਰਧਾਲੂਆਂ ਦਾ ਜਥਾ ਰਵਾਨਾ

ਅੰਮ੍ਰਿਤਸਰ-ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਅੱਜ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿਚ ਜੈਕਾਰਿਆਂ ਦੀ ਗੂੰਜ ਵਿਚ ਰਵਾਨਾ ਹੋਇਆ। ਇਸ ਮੌਕੇ ਜਥੇਦਾਰ ਗੜਗੱਜ ਵੱਲੋਂ ਅਰਦਾਸ ਕੀਤੀ ਗਈ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਫੂੰਮਣ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ ਸਮੇਤ ਹੋਰ ਅਧਿਕਾਰੀਆਂ ਨੇ ਜਥੇ ਦੇ ਆਗੂਆਂ ਅਤੇ ਸ਼ਰਧਾਲੂਆਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ।ਜਥੇ ਨਾਲ ਲੀਡਰ ਵਜੋਂ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਿੰਦਰ ਕੌਰ ਭੋਲੂਵਾਲ, ਡਿਪਟੀ ਲੀਡਰ ਵਜੋਂ ਸ. ਗੁਰਮੀਤ ਸਿੰਘ ਬੂਹ, ਸ. ਰਾਮਪਾਲ ਸਿੰਘ ਬਹਿਣੀਵਾਲ ਅਤੇ ਜਨਰਲ ਪ੍ਰਬੰਧਕ ਸੁਪਰਵਾਈਜ਼ਰ ਸ. ਨਿਸ਼ਾਨ ਸਿੰਘ ਸ਼ਾਮਲ ਹਨ।

ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਹਰ ਸਿੱਖ ਦੇ ਮਨ ਦੀ ਰੀਝ ਹੈ ਕਿ ਉਹ ਪਾਕਿਸਤਾਨ ਸਥਿਤ ਆਪਣੇ ਗੁਰਧਾਮਾਂ ਦੇ ਦਰਸ਼ਨ ਕਰੇ। ਉਨ੍ਹਾਂ ਸਰਕਾਰਾਂ ਨੂੰ ਜਿਥੇ ਜਥਿਆਂ ਨੂੰ ਬੇਰੋਕ ਜਾਰੀ ਰੱਖਣ ਲਈ ਆਖਿਆ, ਉਥੇ ਹੀ ਖੁਲ੍ਹਦਿਲੀ ਨਾਲ ਵੀਜੇ ਦੇਣ ਦੀ ਅਪੀਲ ਵੀ ਕੀਤੀ। ਜਥੇਦਾਰ ਗੜਗੱਜ ਨੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲਣ ਦੀ ਅਪੀਲ ਕਰਦਿਆ ਕਿਹਾ ਕਿ ਇਹ ਕੇਵਲ ਲਾਂਘਾ ਹੀ ਨਹੀਂ, ਸਗੋਂ ਦੋਵਾਂ ਦੇਸ਼ਾਂ ਦੇ ਲੋਕਾਂ ਦੇ ਦਿਲਾਂ ਦੀ ਸ਼ਾਂਝ ਵੀ ਹੈ ਜਿਸ ਨੂੰ ਜਾਰੀ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਬੰਦੀ ਸਿੰਘਾਂ ਦੀ ਰਿਹਾਈ ਅਤੇ ਵਿਸ਼ਵ ਭਰ ਵਿਚ ਅਮਨ ਤੇ ਭਾਈਚਾਰਕ ਸਾਂਝ ਲਈ ਅਰਦਾਸ ਵੀ ਕੀਤੀ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ 'ਤੇ ਗੁਰਪੁਰਬ ਸਮਾਗਮਾਂ ਵਿਚ ਸ਼ਮੂਲੀਅਤ ਕਰਨੀ ਸਿੱਖ ਸ਼ਰਧਾਲੂਆਂ ਲਈ ਵੱਡੇ ਭਾਗਾਂ ਵਾਲੀ ਗੱਲ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਸਿੱਖ ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਦਾ ਧਿਆਨ ਰੱਖਦਿਆਂ ਪ੍ਰਕ੍ਰਿਆ ਨੂੰ ਸੁਖਾਲੀ ਬਣਾਇਆ ਜਾਵੇ, ਤਾਂ ਜੋ ਹਰ ਸਿੱਖ ਦੇ ਮਨ ਵਿਚ ਤਾਂਘ ਪੂਰੀ ਹੋ ਸਕੇ। ਉਨ੍ਹਾਂ ਦੱਸਿਆ ਕਿ ਇਸ ਵਾਰ ੧੭੯੬ ਸ਼ਰਧਾਲੂਆਂ ਨੂੰ ਪਾਕਿਸਤਾਨ ਹਾਈ ਕਮਿਸ਼ਨ ਵੱਲੋਂ ਵੀਜ਼ੇ ਦਿੱਤੇ ਗਏ ਹਨ। ਇਹ ਜਥਾ

ਅੱਜ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਜਾਵੇਗਾ, ਜਿਥੇ ੫ ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਵਿਚ ਸ਼ਮੂਲੀਅਤ ਕਰੇਗਾ। ਇਸੇ ਤਰ੍ਹਾਂ ਜਥੇ ਦੇ ਸ਼ਰਧਾਲੂ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਹਸਨ ਅਬਦਾਲ, ਗੁਰਦੁਆਰਾ ਕਰਤਾਰਪੁਰ ਸਾਹਿਬ ਨਾਰੋਵਾਲ, ਗੁਰਦੁਆਰਾ ਸ੍ਰੀ ਰੋੜੀ ਸਾਹਿਬ ਐਮਨਾਬਾਦ ਅਤੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਲਾਹੌਰ ਸਮੇਤ ਵੱਖ ਵੱਖ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਕੇ ੧੩ ਨਵੰਬਰ ਨੂੰ ਭਾਰਤ ਵਾਪਸ ਪਰਤਣਗੇ

ਇਸੇ ਦੌਰਾਨ ਜਥੇ ਦੇ ਆਗੂ ਬੀਬੀ ਗੁਰਿੰਦਰ ਕੌਰ ਭੋਲੂਵਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਜਥੇ ਦੀ ਅਗਵਾਈ ਕਰਨਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਹਰ ਸਿੱਖ ਦੇ ਮਨ ਅੰਦਰ ਪਾਕਿਸਤਾਨ ਸਥਿਤ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਦੀ ਰੀਝ ਹੈ ਅਤੇ ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਸ਼ਰਧਾਲੂਆਂ ਨੂੰ ਵੱਧ ਤੋਂ ਵੱਧ ਵੀਜੇ ਦੇਣ।

ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਥੇ ਦੀ ਰਵਾਨਗੀ ਮੌਕੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਫੁੰਮਣ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਮਨਜੀਤ ਸਿੰਘ ਤਲਵੰਡੀ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਸਮੇਤ ਸੰਗਤਾਂ ਮੌਜੂਦ ਸਨ।

ਪ੍ਰਕਾਸ਼ ਗੁਰਪੁਰਬ ਦੀ ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ਦਿੱਤੀ ਵਧਾਈ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸਿੱਖ ਜਗਤ ਨੂੰ ਵਧਾਈ ਦਿੰਦਿਆਂ ਗੁਰੂ ਸਾਹਿਬ ਵੱਲੋਂ ਬਖ਼ਸ਼ਿਸ਼ ਕੀਤੇ ਉਪਦੇਸ਼ਾਂ 'ਤੇ ਚੱਲਣ ਦੀ ਪ੍ਰੇਰਣਾ ਕੀਤੀ।ਐਡਵੋਕੇਟ ਧਾਮੀ ਨੇ ਕਿਹਾ ਕਿ ਸੰਸਾਰ ਦੇ ਸਰਬਸਾਂਝੇ ਰਹਿਬਰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੀਵਨ ਮਾਨਵਤਾ ਲਈ ਕਲਿਆਣਕਾਰੀ ਹੈ। ਗੁਰੂ ਸਾਹਿਬ ਨੇ ਮਨੁੱਖਤਾ ਨੂੰ ਬਰਾਬਰਤਾ ਅਤੇ ਸਾਂਝੀਵਾਲਤਾ ਦਾ ਉਪਦੇਸ਼ ਦਿੰਦਿਆਂ ਜਾਤ-ਪਾਤ ਦੀ ਵਲਗਣ ਵਿੱਚੋਂ ਕੱਢਿਆ ਅਤੇ ਦੱਬੀ ਕੁਚਲੀ, ਲਤਾੜੀ ਤੇ ਦਬਾਈ ਜਾ ਰਹੀ ਲੋਕਾਈ ਵਾਸਤੇ ਆਸ ਅਤੇ ਧਰਵਾਸ ਬਣੇ। ਉਨ੍ਹਾਂ ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ ਦੇ ਉਪਦੇਸ਼ ਨਾਲ ਦੁਨੀਆਂ ਦੇ ਧਰਮ ਇਤਿਹਾਸ ਅੰਦਰ ਵਿਲੱਖਣ ਮਾਰਗ ਨਿਰਧਾਰਤ ਕੀਤਾ। ਐਡਵੋਕੇਟ ਧਾਮੀ ਨੇ ਸੰਗਤ ਨੂੰ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਗੁਰਬਾਣੀ ਉਪਦੇਸ਼ਾਂ ਅਨੁਸਾਰ ਆਪਣਾ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਕਰਦਿਆਂ ਕਿਹਾ ਕਿ ਸਾਡਾ ਸਭ ਦਾ ਫਰਜ ਹੈ ਕਿ ਅਸੀਂ ਗੁਰੂ ਸਾਹਿਬ ਵੱਲੋਂ ਬਖਸ਼ੇ ਫਲਸਫੇ ਨੂੰ ਸੰਸਾਰ ਵਿਚ ਫੈਲਾਉਣ ਦਾ ਯਤਨ ਕਰੀਏ। ੪ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਸੁਲਤਾਨਪੁਰ ਲੋਧੀ ਤੋਂ ਅਗਲੇ ਪੜਾਅ ਸ੍ਰੀ ਗੋਇੰਦਵਾਲ ਸਾਹਿਬ ਲਈ ਰਵਾਨਾ

ਸੁਲਤਾਨਪੁਰ ਲੋਧੀ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ

੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ ਵਿਖੇ ਸਜੇ ਧਾਰਮਿਕ ਦੀਵਾਨ 'ਚ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਨਗਰ ਕੀਰਤਨ 'ਚ ਬਾਬਾ ਜਗਜੀਤ ਸਿੰਘ ਹਰਖੋਵਾਲ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਜਰਨੈਲ ਸਿੰਘ ਡੋਗਰਾਂਵਾਲਾ, ਬੀਬੀ ਗੁਰਪ੍ਰੀਤ ਕੌਰ, ਇੰਜੀ: ਸਰਵਨ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਸਤਨਾਮ ਸਿੰਘ, ਇੰਚਾਰਜ ਸ. ਬਲਜੀਤ ਸਿੰਘ, ਚੀਫ ਸ. ਜਗਦੀਸ਼ ਸਿੰਘ ਬੁੱਟਰ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਪ੍ਰਚਾਰਕ ਭਾਈ ਹਰਜੀਤ ਸਿੰਘ, ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਦੇ ਮੈਨੇਜਰ ਸ. ਅਵਤਾਰ ਸਿੰਘ, ਸਾਬਕਾ ਮੈਨੇਜਰ ਸ. ਜਰਨੈਲ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੪ ਨਵੰਬਰ

ਐਡਵੋਕੇਟ ਧਾਮੀ ਨੇ ਮਜੀਠਾ ਦੇ ਪਿੰਡ ਰੁਮਾਣਾ ਚੱਕ 'ਚ ਸਰਕਾਰੀ ਸ਼ਹਿਰ 'ਤੇ ਗੁਰਦੁਆਰਾ ਸਾਹਿਬ 'ਤੇ ਕਬਜ਼ਾ ਕਰਨਾ ਦੀ ਘਟਨਾ ਦਾ ਲਿਆ ਸਖ਼ਤ ਨੋਟਿਸ

ਅੰਮ੍ਰਿਤਸਰ-ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਲਕਾ ਮਜੀਠਾ ਦੇ ਪਿੰਡ ਰੁਮਾਣਾ ਚੱਕ 'ਚ ਬਾਬਾ ਸਤਿੰਦਰ ਸਿੰਘ ਮੁਕੇਰੀਆ ਵਾਲਿਆਂ ਦੇ ਪ੍ਰਬੰਧ ਹੇਠ ਚੱਲ ਰਹੇ ਗੁਰਦੁਆਰਾ ਸਾਹਿਬ 'ਤੇ ਪਿੰਡ ਦੇ ਸਰਪੰਚ ਵੱਲੋਂ ਸਰਕਾਰੀ ਸ਼ਹਿ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਦਾ ਸਖ਼ਤ ਨੋਟਿਸ ਲੈਂਦਿਆਂ ਸਰਕਾਰ ਨੂੰ ਧਾਰਮਿਕ ਅਸਥਾਨਾਂ ਨਾਲ ਸਬੰਧਤ ਮਾਮਲਿਆਂ ਵਿਚ ਦਖ਼ਲਅੰਦਾਜ਼ੀ ਤੋਂ ਦੂਰ ਰਹਿਣ ਦੀ ਤਾੜਨਾ ਕੀਤੀ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਪਿੰਡ ਰੁਮਾਣਾ ਚੱਕ ਦੇ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਬਾਬਾ ਸਤਿੰਦਰ ਸਿੰਘ ਮੁਕੇਰੀਆ ਵਾਲਿਆਂ ਵੱਲੋਂ ਪਿੰਡ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਚਲਾਇਆ ਜਾ ਰਿਹਾ ਹੈ, ਜਦਕਿ ਸਰਕਾਰ ਆਪਣੇ ਕਰਿੰਦਿਆਂ ਨੂੰ ਪ੍ਰਬੰਧ 'ਤੇ ਕਾਬਜ ਕਰਨ ਦੇ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਦੇ ਵਿਰੋਧ ਦੇ ਬਾਵਜੂਦ ਵੀ ਪੁਲਿਸ ਪ੍ਰਸ਼ਾਸਨ ਵੱਲੋਂ ਕਿਸੇ ਤਰ੍ਹਾਂ ਵੀ ਸੰਗਤ ਦਾ ਸਹਿਯੋਗ ਨਾ ਕਰਨਾ ਸਿੱਧੇ ਤੌਰ 'ਤੇ ਆਮ ਆਦਮੀ ਪਾਰਟੀ ਦੇ ਸਰਪੰਚ ਦੀ ਧੱਕੇਸ਼ਾਹੀ ਦੀ ਹਮਾਇਤ ਹੈ। ਉਨ੍ਹਾਂ ਆਖਿਆ ਕਿ ਪੁਲਿਸ ਪ੍ਰਸ਼ਾਸਨ ਵੱਲੋਂ ਪੂਰੀ ਸ਼ਕਤੀ ਨਾਲ ਜਬਰੀ ਕਬਜ਼ਾ ਦਿਵਾਉਣ ਦੀ ਕੋਸ਼ਿਸ਼ ਸਿੱਖ ਸੰਗਤਾਂ ਦੇ ਮਨਾਂ ਅੰਦਰ ਰੋਸ ਪੈਦਾ ਕਰ ਰਹੀ ਹੈ, ਜਿਸ ਨੂੰ ਸੰਗਤਾਂ ਕਦੇ ਵੀ ਬਰਦਾਸ਼ਤ ਨਹੀਂ ਕਰਨਗੀਆਂ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਵੱਲੋਂ ਧਾਰਮਿਕ ਅਸਥਾਨਾਂ 'ਤੇ ਕਬਜ਼ਿਆਂ ਦੀ ਹਰਕਤ ਬੇਹੱਦ ਗੰਭੀਰ ਮਾਮਲਾ ਹੈ, ਜਿਸ ਦੀ ਪੈਰਵਾਈ ਲਈ ਸ਼੍ਰੋਮਣੀ ਕਮੇਟੀ ਮੈਂਬਰ ਸ. ਜੋਧ ਸਿੰਘ ਸਮਰਾ ਦੀ ਵਿਸ਼ੇਸ਼ ਤੌਰ 'ਤੇ ਡਿਊਟੀ ਲਗਾਈ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਸਿੱਖ ਧਰਮ ਦੇ ਮੂਲ ਹਨ, ਜਿਨ੍ਹਾਂ 'ਤੇ ਸਰਕਾਰੀ ਸ਼ਹਿ 'ਤੇ ਕਬਜ਼ਿਆਂ ਨੂੰ ਕੌਮ ਕਦੇ ਵੀ ਪ੍ਰਵਾਨ ਨਹੀਂ ਕਰੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਵੱਲੋਂ ਗੁਰਦੁਆਰਾ ਸਾਹਿਬਾਨ 'ਚੋਂ ਗੋਲਕਾਂ ਚੁੱਕਣ ਦੇ ਬਿਆਨ ਦਾ ਵੀ ਗੰਭੀਰ ਨੋਟਿਸ ਲੈਂਦਿਆਂ ਕਿਹਾ ਕਿ ਜਦੋਂ ਮਨੁੱਖਤਾ ਦੇ ਆਏ ਸੰਕਟ ਸਮੇਂ ਸਰਕਾਰਾਂ ਵੀ ਹੱਥ ਖੜ੍ਹੇ ਕਰ ਜਾਣ ਤਾਂ ਗੁਰੂ ਦੀਆਂ ਇਹੀ ਗੋਲਕਾਂ ਲੋਕਾਂ ਦੀ ਧਰਵਾਸ ਬਣਦੀਆਂ ਹਨ। ੪ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ

ਸ੍ਰੀ ਗੋਇੰਦਵਾਲ ਸਾਹਿਬ ਤੋਂ ਤਰਨ ਤਾਰਨ ਲਈ ਹੋਇਆ ਰਵਾਨਾ

ਗੋਇੰਦਵਾਲ ਸਾਹਿਬ/ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਗੋਇੰਦਵਾਲ ਸਾਹਿਬ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਰਸਤੇ ਵਿਚ ਜਿਥੇ ਵੱਖ ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ ਉਥੇ ਖੰਡੂਰ ਸਾਹਿਬ ਵਿਖੇ ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ ਨੇ ਵੀ ਸੰਗਤਾਂ ਦਾ ਭਰਵਾਂ ਸਵਾਗਤ ਕੀਤਾ। ਸਾਰੇ ਰਸਤੇ ਸੰਗਤਾਂ ਅੰਦਰ ਵੱਡਾ ਉਤਸ਼ਾਹ ਸੀ। ਭਲਕੇ ੬ ਨਵੰਬਰ ਨੂੰ ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਤੋਂ ਛੇਹਰਟਾ ਸਾਹਿਬ ਜਾਵੇਗਾ।

ਨਗਰ ਕੀਰਤਨ 'ਚ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸਾਬਕਾ ਵਿਧਾਇਕ ਸ. ਰਵਿੰਦਰ ਸਿੰਘ ਬ੍ਰਹਮਪੁਰਾ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਇੰਚਾਰਜ ਸ. ਬਲਜੀਤ ਸਿੰਘ, ਚੀਫ ਸ. ਜਗਦੀਸ਼ ਸਿੰਘ ਬੁੱਟਰ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਦੇ ਮੈਨੇਜਰ ਸ. ਗੁਰਾ ਸਿੰਘ, ਵਧੀਕ ਮੈਨੇਜਰ ਸ. ਸਰਬਜੀਤ ਸਿੰਘ, ਸ. ਨਿਰਮਲਜੀਤ ਸਿੰਘ ਕਾਹਲਵਾਂ, ਪ੍ਰਚਾਰਕ ਭਾਈ ਹਰਜੀਤ ਸਿੰਘ, ਭਾਈ ਲਖਬੀਰ ਸਿੰਘ, ਭਾਈ ਦਿਲਬਾਗ ਸਿੰਘ ਸਭਰਾ, ਭਾਈ ਹਰਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੫ ਨਵੰਬਰ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਸਜਾਏ ਜਲੌ

ਅੰਮ੍ਰਿਤਸਰ-ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਜੀ ਵਿਖੇ ਅਲੌਕਿਕ ਜਲੌ ਸਜਾਏ ਗਏ ਜਿਸ ਦੇ ਸੰਗਤਾਂ ਨੇ ਦਰਸ਼ਨ ਕੀਤੇ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨਾਂ 'ਤੇ ਦੀਪਮਾਲਾ ਵੀ ਕੀਤੀ ਗਈ। ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਦੇ ਜਥੇ ਵੱਲੋਂ ਇਲਾਹੀ ਗੁਰਬਾਣੀ ਕੀਰਤਨ ਕੀਤਾ ਗਿਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸਰਵਣ ਕਰਵਾਇਆ। ਉਨ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਵਿਚਾਰਾਂ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੇ ਉਪਦੇਸ਼ ਸਮੁੱਚੀ ਮਾਨਵਤਾ ਲਈ ਜੀਵਨ ਰੁਸ਼ਨਾਉਣ ਵਾਲੇ ਹਨ। ਗੁਰੂ ਸਾਹਿਬ ਨੇ ਉੱਚ-ਨੀਚ, ਜਾਤ-ਪਾਤ ਤੇ ਵਰਨ-ਵੰਡ ਦੀਆਂ ਵਲਗਣਾਂ ਨੂੰ ਤੋੜ ਕੇ ਇਕ ਅਕਾਲ ਪੁਰਖ ਦੇ ਲੜ ਲਾਇਆ। ਉਨ੍ਹਾਂ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਦੀ ਪ੍ਰੇਰਨਾ ਵੀ ਕੀਤੀ।

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਦੌਰਾਨ ਪ੍ਰਚਾਰਕ ਢਾਡੀ, ਕਵੀਸ਼ਰ ਜਥਿਆਂ ਨੇ ਗੁਰ ਇਤਿਹਾਸ ਸਰਵਣ ਕਰਵਾਇਆ ਗਿਆ ਅਤੇ ਕਵੀ ਦਰਬਾਰ ਚ ਕਵੀਆਂ ਨੇ ਕਵਿਤਾਵਾਂ ਰਾਹੀਂ ਗੁਰੂ ਜਸ ਸਰਵਣ ਕਰਵਾਇਆ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਅਜੈਬ ਸਿੰਘ ਅਭਿਆਸੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪਰਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਰਜਿੰਦਰ ਸਿੰਘ ਰੂਬੀ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਸ., ਜਸਬੀਰ ਸਿੰਘ, ਸ. ਰਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਪ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ: ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਤਰਨ ਤਾਰਨ ਤੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਛੇਹਰਟਾ ਲਈ ਹੋਇਆ ਰਵਾਨਾ

ਤਰਨ ਤਾਰਨ/ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ

ਦੀ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਤੋਂ ਅਗਲੇ ਪੜਾਅ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਛੇਹਰਟਾ ਅੰਮ੍ਰਿਤਸਰ ਲਈ ਰਵਾਨਾ ਹੋਇਆ। ਤਰਨ ਤਾਰਨ ਤੋਂ ਨਗਰ ਕੀਰਤਨ ਦੀ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਦਲ ਬਾਬਾ ਬਿਧੀ ਚੰਦ ਸੰਪਰਦਾ ਦੇ ਮੁੱਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਸਮੇਤ ਸ਼੍ਰੋਮਣੀ ਕਮੇਟੀ ਦੇ ਮੈਂਬਰ ਤੇ ਪ੍ਰਮੁੱਖ ਸ਼ਖਸੀਅਤਾਂ ਸ਼ਾਮਲ ਸਨ।

ਇਸ ਮੌਕੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਸੰਬੋਧਿਨ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਨਾਲ ਸਬੰਧਤ ਸ਼ਤਾਬਦੀ ਦਿਹਾੜੇ ਸਿੱਖ ਕੌਮ ਲਈ ਅਹਿਮ ਮਹੱਤਤਾ ਰੱਖਦੇ ਹਨ ਅਤੇ ਇਸ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਕਰਨਾ ਹਰ ਸਿੱਖ ਦਾ ਫਰਜ ਹੈ। ਉਨ੍ਹਾਂ ਕਿਹਾ ਕਿ ਸ਼ਤਾਬਦੀ ਨੂੰ ਸਮਰਪਿਤ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਪ੍ਰਤੀ ਸੰਗਤਾਂ ਦਾ ਉਤਸ਼ਾਹ ਗੁਰੂ ਸਾਹਿਬ ਪ੍ਰਤੀ ਸਮਰਪਣ ਭਾਵਨਾ ਦਾ ਪ੍ਰਤੀਕ ਹੈ। ਉਨ੍ਹਾਂ ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ੨੩ ਨਵੰਬਰ ਤੋਂ ੨੯ ਨਵੰਬਰ ਤੱਕ ਹੋਣ ਵਾਲੇ ਸਮਾਗਮਾਂ ਸਮੇਂ ਪਰਿਵਾਰਾਂ ਸਮੇਤ ਹਾਜ਼ਰੀਆਂ ਭਰਨ ਦੀ ਪ੍ਰੇਰਨਾ ਵੀ ਕੀਤੀ।

ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਭਾਈ। ਰਸਤੇ ਵਿਚ ਵੱਖ-ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।

ਇਸ ਮੌਕੇ ਦਲ ਬਾਬਾ ਬਿਧੀ ਚੰਦ ਸੰਪਰਦਾ ਦੇ ਮੁੱਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਬੀਬੀ ਹਰਜਿੰਦਰ ਕੌਰ, ਸਾਬਕਾ ਵਿਧਾਇਕ ਸ. ਰਵਿੰਦਰ ਸਿੰਘ ਬ੍ਰਹਮਪੁਰਾ, ਤਰਨ ਤਾਰਨ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ, ਅਕਾਲੀ ਆਗੂ ਸ. ਇਕਬਾਲ ਸਿੰਘ ਸੰਧੂ, ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਇੰਚਾਰਜ ਸ. ਬਲਜੀਤ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਮੈਨੇਜਰ ਸ. ਹਰਜਿੰਦਰ ਸਿੰਘ ਪੱਟੀ, ਬਾਬਾ ਹੀਰਾ ਸਿੰਘ, ਬਾਬਾ ਬਲਬੀਰ ਸਿੰਘ, ਬਾਬਾ ਹਰਵਿੰਦਰ ਸਿੰਘ, ਬਾਬਾ ਜਸਪਾਲ ਸਿੰਘ, ਬਾਬਾ ਵੀਰ ਸਿੰਘ, ਬਾਬਾ ਰਜਿੰਦਰਪਾਲ ਸਿੰਘ, ਜਥੇਦਾਰ ਲਾਭ ਸਿੰਘ, ਬਾਬਾ ਸੁਖਦੇਵ ਸਿੰਘ, ਬਾਬਾ ਦਵਿੰਦਰ ਸਿੰਘ, ਪ੍ਰਚਾਰਕ ਭਾਈ ਹਰਜੀਤ ਸਿੰਘ, ਭਾਈ ਲਖਬੀਰ ਸਿੰਘ, ਭਾਈ ਦਿਲਬਾਗ ਸਿੰਘ ਸਭਰਾ, ਭਾਈ ਹਰਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਏ ਨਵੰਬਰ

ਕਾਂਗਰਸ ਪਾਰਟੀ ਵੱਲੋਂ ਰਾਜਸੀ ਲਾਹੇ ਲਈ ਗੁਰੂ ਸਾਹਿਬ ਦੀ ਤਸਵੀਰ ਵਰਤਣਾ ਸਿੱਖ ਭਾਵਨਾਵਾਂ ਨਾਲ ਖਿਲਵਾੜ- ਐਡਵੋਕੇਟ ਧਾਮੀ

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੋਸ਼ੀ ਵਿਅਕਤੀਆਂ 'ਤੇ ਪਰਚਾ ਦਰਜ ਕਰਨ ਦੀ ਕੀਤੀ ਮੰਗ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਾਂਗਰਸ ਪਾਰਟੀ ਵੱਲੋਂ ਆਪਣੇ ਸਿਆਸੀ ਪ੍ਰਚਾਰ ਲਈ ਲਗਾਏ ਬੈਨਰਾਂ 'ਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਲੈ ਕੇ ਆ ਰਹੇ ਭਾਈ ਜੀਵਨ ਸਿੰਘ ਦੀ ਤਸਵੀਰ ਵਰਤਣ ਦਾ ਨੋਟਿਸ ਲੈਂਦਿਆਂ ਦੋਸ਼ੀਆਂ ਖਿਲਾਫ਼ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਲਈ ਪਰਚਾ ਦਰਜ ਕਰਨ ਦੀ ਮੰਗ ਕੀਤੀ ਹੈ।

ਦਫ਼ਤਰ ਤੋਂ ਜਾਰੀ ਬਿਆਨ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰੂ ਸਾਹਿਬ ਦੀ ਤਸਵੀਰ ਉੱਪਰ ਕਿਸੇ ਸਖ਼ਸ ਦੀ ਫੋਟੋ ਲਗਾਉਣਾ ਵੱਡੀ ਕੁਤਾਹੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਬੇਹੱਦ ਦੁਖਦਾਈ ਹੈ ਕਿ ਕਾਂਗਰਸ ਪਾਰਟੀ ਨੇ ਆਪਣੇ ਰਾਜਨੀਤਕ ਮਨੋਰਥ ਲਈ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਭਾਈ ਜੀਵਨ ਸਿੰਘ ਜੀ ਵਰਗੀਆਂ ਮਹਾਨ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਦੇ ਉੱਪਰ ਆਪਣੇ ਸਿਆਸੀ ਨੇਤਾਵਾਂ ਦੀਆਂ ਫੋਟੋਆਂ ਲਗਾ ਕੇ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਸੱਟ ਮਾਰੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਰਾਜਸੀ ਪਾਰਟੀ ਵੱਲੋਂ ਲੋਕਾਂ ਨੂੰ ਪ੍ਰਭਾਵਿਤ ਕਰਨ ਲਈ ਸਿੱਖ ਗੁਰੂਆਂ ਦੀਆਂ ਤਸਵੀਰਾਂ ਵਰਤਣਾ ਤਾਂ ਗੁਨਾਹ ਹੈ, ਪਰ ਤਸਵੀਰਾਂ ਦੇ ਉੱਪਰ ਆਪਣੇ ਸਿਆਸੀ ਆਗੂਆਂ ਦੀਆਂ ਫੋਟੋ ਛਾਪਣੀਆਂ ਉਸ ਤੋਂ ਵੀ ਵੱਡੀ ਗ਼ਲਤੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਹਰਕਤ ਲਈ ਜਿਥੇ ਕਾਂਗਰਸ ਪਾਰਟੀ ਨੂੰ ਤੁਰੰਤ ਸਿੱਖ ਕੌਮ ਪਾਸੋਂ ਮੁਆਫ਼ੀ ਮੰਗਣ ਲਈ ਆਖਿਆ, ਉਥੇ ਹੀ ਪੁਲਿਸ ਪ੍ਰਸ਼ਾਸਨ ਪਾਸੋਂ ਜ਼ੁੰਮੇਵਾਰ ਵਿਅਕਤੀਆਂ 'ਤੇ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਲਈ ਪਰਚਾ ਦਰਜ ਕਰਨ ਦੀ ਮੰਗ ਵੀ ਕੀਤੀ। ੬ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਾ ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ

ਵੱਡੀ ਗਿਣਤੀ 'ਚ ਹਾਜ਼ਰ ਸੰਗਤਾਂ ਨੇ ਨਗਰ ਕੀਰਤਨ ਦਾ ਕੀਤਾ ਭਰਵਾਂ ਸਵਾਗਤ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜਾ, ਜਿਥੇ ਸੰਗਤਾਂ ਨੇ ਨਗਰ ਕੀਰਤਨ ਦਾ ਖ਼ਾਲਸਾਈ ਜਾਹੋ-ਜਲਾਲ ਨਾਲ ਭਰਵਾਂ ਸਵਾਗਤ ਕੀਤਾ।

ਇਹ ਨਗਰ ਕੀਰਤਨ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਛੇਹਰਟਾ ਤੋਂ ਗੁਰਮਤਿ ਸਮਾਗਮ ਮਗਰੋਂ ਰਵਾਨਾ ਹੋਇਆ। ਇਸ ਮੌਕੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ

ਨੇ ਕਥਾ ਵਿਚਾਰ ਕਰਦਿਆਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਆਸ਼ੇ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਦਿੱਤਾ। ਛੇਹਰਟਾ ਸਾਹਿਬ ਤੋਂ ਸ੍ਰੀ ਦਰਬਾਰ ਸਾਹਿਬ ਤੱਕ ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।

ਇਸ ਮੌਕੇ ਬਾਬਾ ਗੁਰਦੇਵ ਸਿੰਘ ਕੁੱਲ੍ਹੀਵਾਲੇ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਸ. ਗੁਰਪ੍ਰੀਤ ਸਿੰਘ ਝੱਬਰ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਭਾਈ ਅਜੈਬ ਸਿੰਘ ਅਭਿਆਸੀ, ਬੀਬੀ ਕਿਰਨਜੋਤ ਕੌਰ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਗੁਰਨਾਮ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਘੇੜਾ, ਸ਼੍ਰੋਮਣੀ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਸ. ਸੁਰਜੀਤ ਸਿੰਘ ਭਲਵਾਨ, ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਇੰਚਾਰਜ ਸ. ਸੁਖਦੀਪ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ, ਸ. ਸਰਬਜੀਤ ਸਿੰਘ, ਗੁਰਦੁਆਰਾ ਛੇਹਰਟਾ ਸਾਹਿਬ ਦੇ ਮੈਨੇਜਰ ਸ. ਗੁਰਪ੍ਰੀਤ ਸਿੰਘ ਖੈਰਾਬਾਦ, ਹੈੱਡ ਗ੍ਰੰਥੀ ਗਿਆਨੀ ਗੁਰਸੇਵਕ ਸਿੰਘ, ਕਥਾਵਾਚਕ ਭਾਈ ਸ਼ਿਵਤਾਰ ਸਿੰਘ, ਪ੍ਰਚਾਰਕ ਭਾਈ ਤਰਸੇਮ ਸਿੰਘ, ਭਾਈ ਸਤਵੰਤ ਸਿੰਘ, ਭਾਈ ਗੁਰਵਿੰਦਰ ਸਿੰਘ ਖੋਦੇਬੇਟ, ਭਾਈ ਇੰਦਰਜੀਤ ਸਿੰਘ, ਸ. ਸੁਰਜੀਤ ਸਿੰਘ ਖਾਪੜਖੇੜੀ, ਸ. ਸਵਿੰਦਰ ਸਿੰਘ ਕੋਟ ਖਾਲਸਾ, ਬੀਬੀ ਕੁਲਬੀਰ ਕੌਰ, ਸਾਬਕਾ ਮੀਤ ਸਕੱਤਰ ਸ. ਗੁਰਚਰਨ ਸਿੰਘ ਕੁਹਾਲਾ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ♁ ਨਵੰਬਰ

ਪੰਜਾਬ ਯੂਨੀਵਰਸਿਟੀ ਬਚਾਓ ਮੋਰਚੇ 'ਚ ਸ਼ਾਮਲ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ

ਸ਼੍ਰੋਮਣੀ ਕਮੇਟੀ 10 ਨਵੰਬਰ ਦੇ ਇਕੱਠ 'ਚ ਭਰਵੀਂ ਸ਼ਮੂਲੀਅਤ ਕਰਨ ਦੇ ਨਾਲ-ਨਾਲ ਪ੍ਰਬੰਧਾਂ 'ਚ ਵੀ ਕਰੇਗੀ ਸਹਿਯੋਗ- ਐਡਵੋਕੇਟ ਧਾਮੀ

ਚੰਡੀਗੜ੍ਹ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅੱਜ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਵਿਦਿਆਰਥੀਆਂ ਵੱਲੋਂ ਚੱਲ ਰਹੇ 'ਪੰਜਾਬ ਯੂਨੀਵਰਸਿਟੀ ਬਚਾਓ' ਮੋਰਚੇ ਵਿਚ ਸ਼ਾਮਲ ਹੋਏ ਅਤੇ ਉਨ੍ਹਾਂ ੧੦ ਨਵੰਬਰ ਨੂੰ ਮੋਰਚੇ ਵੱਲੋਂ ਕੀਤੇ ਜਾ ਰਹੇ ਇਕੱਠ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਸਾਡੀ ਉਹ ਵਿਰਾਸਤ ਹੈ, ਜਿਸ ਨੇ ਸੱਭਿਆਚਾਰ ਅਤੇ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਵੱਡੀ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਇਸ ਯੂਨੀਵਰਸਿਟੀ ਦੀ ਇਹ ਖਾਸੀਅਤ ਰਹੀ ਹੈ ਕਿ ਇਸ ਦੇ ਸੈਨੇਟ ਅਤੇ ਸਿੰਡੀਕੇਟ ਵੱਖ-ਵੱਖ ਖੇਤਰਾਂ ਵਿੱਚੋਂ ਲੋਕਤੰਤਰਿਕ ਪ੍ਰਕਿਰਿਆ ਨਾਲ ਚੁਣੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਲੁਕਵੇਂ ਤਰੀਕੇ ਨਾਲ ਇਸ ਦੀਆਂ ਪ੍ਰੰਪਰਾਵਾਂ ਨੂੰ ਖ਼ਤਮ ਕਰਕੇ ਇਸ ਨੂੰ ਪੂਰੀ ਤਰ੍ਹਾਂ ਆਪਣੇ ਅਧੀਨ ਕਰਨਾ ਚਾਹੁੰਦੀ ਹੈ, ਜੋ ਪੰਜਾਬ ਬੇਇਨਸਾਫ਼ੀ ਹੈ। ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿਚ ਪੰਜਾਬ ਦੇ ਹੱਕਾਂ ਹਿੱਤਾਂ ਦੀ ਤਰਜ਼ਮਾਨੀ ਕਰਦੀ ਰਹੇਗੀ ਅਤੇ ਸੰਘਰਸ਼ ਵਿਚ ਹਰ ਪੱਧਰ 'ਤੇ ਸਹਿਯੋਗ ਵੀ ਕਰੇਗੀ। ਉਨ੍ਹਾਂ ਕਿਹਾ ਕਿ ੧੦ ਨਵੰਬਰ ਦੇ ਇਕੱਠ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਭਰਵੀਂ ਸ਼ਮੂਲੀਅਤ ਕੀਤੀ

ਜਾਵੇਗੀ, ਉਥੇ ਹੀ ਲੋੜੀਂਦੇ ਪ੍ਰਬੰਧ ਵੀ ਕੀਤੇ ਜਾਣਗੇ। ਉਨ੍ਹਾਂ ਕਿਹਾ ਇਹ ਪੰਜਾਬ ਦੇ ਹੱਕਾਂ ਦਾ ਮਾਮਲਾ ਹੈ, ਜਿਸ ਪ੍ਰਤੀ ਹਰ ਪੰਜਾਬੀ ਤੇ ਸੰਸਥਾ ਦੀ ਜ਼ੁੰਮੇਵਾਰੀ ਹੈ ਕਿ ਉਹ ਇਸ ਸੰਘਰਸ਼ ਵਿਚ ਸ਼ਾਮਲ ਹੋਵੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਬੀਤੇ ਦਿਨੀਂ ਆਪਣੇ ਜਨਰਲ ਇਜਲਾਸ ਵਿਚ ਵੀ ਸਰਕਾਰ ਦੀ ਇਸ ਬੇਇਨਸਾਫ਼ੀ ਖ਼ਿਲਾਫ਼ ਮਤਾ ਪਾਸ ਕਰਦਿਆਂ ਅਜਿਹੀਆਂ ਕਾਰਵਾਈਆਂ ਨੂੰ ਤੁਰੰਤ ਰੋਕਣ ਦੀ ਮੰਗ ਕੀਤੀ ਸੀ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜਥੇਬੰਦੀਆਂ ਇਸ ਹੋ ਰਹੀ ਬੇਇਨਸਾਫ਼ੀ ਦੇ ਖਿਲਾਫ਼ ਸੰਘਰਸ਼ ਕਰ ਰਹੀਆਂ ਹਨ, ਜਿਸ ਦੀ ਉਹ ਪੂਰਨ ਤੌਰ 'ਤੇ ਹਮਾਇਤ ਕਰਦੇ ਹਨ ਅਤੇ ਕਰਦੇ ਰਹਿਣਗੇ। ਐਡਵੋਕੇਟ ਧਾਮੀ ਨੇ ਪੰਜਾਬ ਦੇ ਲੋਕਾਂ ਅਤੇ ਸਿਆਸੀ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਵਿਰਾਸਤ ਨੂੰ ਬਚਾਉਣ ਲਈ ਅੱਗੇ ਆਉਣ ਅਤੇ ਵਿਦਿਆਰਥੀਆਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦਾ ਹਿੱਸਾ ਬਣਨ।

ਇਸ ਮੌਕੇ ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਸ. ਅਜਮੇਰ ਸਿੰਘ ਖੇੜਾ, ਸ. ਚਰਨਜੀਤ ਸਿੰਘ ਕਾਲੇਵਾਲ, ਸਕੱਤਰ ਇੰਜੀ: ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਲਖਬੀਰ ਸਿੰਘ, ਅਕਾਲੀ ਆਗੂ ਸ. ਸੰਦੀਪ ਸਿੰਘ ਸੀਕਰੀ ਅਤੇ ਗੁਰਦੁਆਰਾ ਬਾਗ ਸ਼ਹੀਦਾਂ ਚੰਡੀਗੜ੍ਹ ਦੇ ਮੈਨੇਜਰ ਸ. ਸੁਖਵਿੰਦਰ ਸਿੰਘ ਸਮੇਤ ਹੋਰ ਹਾਜ਼ਰ ਸਨ। ੨ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਡੇਰਾ ਬਾਬਾ ਨਾਨਕ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ, ਗੁਰਦਾਸਪੁਰ ਲਈ ਰਵਾਨਾ ਹੋਇਆ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਰਹੀਆਂ।

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੈਕਾਰਿਆਂ, ਨਗਾਰਿਆਂ ਦੀ ਗੂੰਜ 'ਚ ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ 'ਚ ਸੁਸ਼ੋਭਿਤ ਕੀਤਾ। ਇਸ ਮੌਕੇ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਵੀ ਦਿੱਤਾ ਗਿਆ।

ਰਵਾਨਗੀ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਇਸ ਨਗਰ ਕੀਰਤਨ ਦਾ ਜਿਥੇ ਸਿੱਖ ਧਰਮ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਹੈ, ਉਥੇ ਹੀ ਹੋਰ ਵੱਖ-ਵੱਖ ਧਰਮਾਂ ਦੇ ਲੋਕਾਂ ਵੱਲੋਂ ਵੀ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਨੇ ਦੂਜਿਆਂ ਦੇ ਧਰਮ ਦੀ ਰੱਖਿਆ ਖਾਤਰ ਆਪਣੀ ਸ਼ਹਾਦਤ ਦੇ ਕੇ ਧਾਰਮਿਕ ਅਜ਼ਾਦੀ ਦਿੱਤੀ। ਉਨ੍ਹਾਂ ਦੀ ਸ਼ਹਾਦਤ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਕੇਂਦਰ ਸਰਕਾਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਮੌਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ

ਆਪਣੇ ਨੋਟੀਫਿਕੇਸ਼ਨ ਨੂੰ ਤੁਰੰਤ ਲਾਗੂ ਕਰੇ। ਇਹ ਉਨ੍ਹਾਂ ਦਾ ਗੁਰੂ ਪ੍ਰਤੀ ਸਤਿਕਾਰ ਹੋਵੇਗਾ। ਉਨ੍ਹਾਂ ਕਿਹਾ ਕਿ ਬੰਦੀ ਸਿੰਘ ਆਪਣੀਆਂ ਕਾਨੂੰਨੀ ਸਜ਼ਾਵਾਂ ਤੋਂ ਵਧੇਰੇ ਸਮਾਂ ਜੇਲ੍ਹਾਂ ਵਿਚ ਗੁਜ਼ਾਰ ਚੁੱਕੇ ਹਨ ਅਤੇ ਉਨ੍ਹਾਂ ਨੂੰ ਹੋਰ ਬੰਦ ਰੱਖਣਾ ਮਨੁੱਖੀ ਅਧਿਕਾਰਾਂ ਦਾ ਉਲੰਘਣ ਹੈ। ਉਨ੍ਹਾਂ ਕਿਹਾ ਸਰਕਾਰ ਇਸ ਇਤਿਹਾਸਕ ਮੌਕੇ ਤੇ ਸਿੱਖ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਫੈਸਲਾ ਕਰੇ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਆਰੰਭ ਹੋਏ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ। ਇਸੇ ਦੌਰਾਨ ਘੰਟਾ ਘਰ ਪਲਾਜ਼ਾ ਵਿਖੇ ਵੀ ਪੁਲਿਸ ਪ੍ਰਸ਼ਾਸਨ ਵੱਲੋਂ ਸਲਾਮੀ ਦੇ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।

ਇਸ ਮੌਕੇ ਬਾਬਾ ਗੁਰਦੇਵ ਸਿੰਘ ਕੁੱਲੀ ਵਾਲੇ, ਬਾਬਾ ਨਾਹਰ ਸਿੰਘ ਸਾਧ ਜੀ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਅਮਰਜੀਤ ਸਿੰਘ ਬੰਡਾਲਾ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਕੁਲਦੀਪ ਸਿੰਘ ਰੋਡੇ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਗੁਰਨਾਮ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਐਸਡੀਐਮ ਸ. ਗੁਰਸਿਮਰਨ ਸਿੰਘ, ਏਡੀਸੀਪੀ ਸ. ਹਰਪਾਲ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ, ਸ. ਸਤਨਾਮ ਸਿੰਘ ਰਿਆੜ, ਸ. ਰਾਜਿੰਦਰ ਸਿੰਘ ਰੂਬੀ, ਸ. ਜਸਪਾਲ ਸਿੰਘ ਢੱਡੇ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੮ ਨਵੰਬਰ

ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਨੇ ਸ਼੍ਰੋਮਣੀ ਕਮੇਟੀ ਨੂੰ ਰਾਹਤ ਕਾਰਜਾਂ ਲਈ ਦਿੱਤੇ 11 ਲੱਖ ਰੁਪਏ

ਅੰਮ੍ਰਿਤਸਰ-ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੜ੍ਹ ਪੀੜਤ ਰਾਹਤ ਫੰਡ ਲਈ ੧੧ ਲੱਖ ਰੁਪਏ ਦਾ ਯੋਗਦਾਨ ਪਾਇਆ ਹੈ। ਇਸ ਰਾਸ਼ੀ ਦਾ ਚੈੱਕ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਕਮੇਟੀ ਦੇ ਪ੍ਰਬੰਧਕ ਮੈਂਬਰ ਬਾਬਾ ਨਾਗਰ ਸਿੰਘ ਅਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਜਗੀਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਹੜ੍ਹਾਂ ਨਾਲ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਸਹਾਇਤਾ ਨਿਰੰਤਰ ਕਾਰਜਸ਼ੀਲ ਹੈ ਅਤੇ ਇਸ ਵਿੱਚ ਸੰਗਤਾਂ ਅਤੇ ਸੰਸਥਾਵਾਂ ਵੀ ਵੱਡਾ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਬਾਬਾ ਨਿਹਾਲ ਸਿੰਘ ਜੀ ਹਰੀਆਂ ਵੇਲਾਂ ਵਾਲਿਆਂ ਦੀ ਪ੍ਰੇਰਨਾ ਨਾਲ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਵੀ ਇਸ ਵਿੱਚ ਆਪਣਾ ਯੋਗਦਾਨ ਪਾਇਆ ਗਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਹਿਯੋਗ ਕਰਨ ਵਾਲੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਵੱਲੋਂ ਦਿੱਤੀਆਂ ਭੇਟਾਵਾਂ ਨੂੰ ਲੋੜਵੰਦਾਂ ਤੱਕ ਪਹੁੰਚਾਉਣਾ ਸ਼੍ਰੋਮਣੀ ਕਮੇਟੀ ਦੀ ਜਿੰਮੇਵਾਰੀ ਹੈ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਹ ਕਾਰਜ ਇਸੇ ਤਰ੍ਹਾਂ ਨਿਰੰਤਰ ਜਾਰੀ ਰੱਖੇ ਜਾਣਗੇ। ੮ ਨਵੰਬਰ

ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਸਮੇਂ ਸਕੂਲਾਂ ਦੇ ਬੱਚਿਆਂ ਨੇ ਭਰੀ ਹਾਜ਼ਰੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਏ ਜਾ ਰਹੇ ਗੁਰਮਤਿ ਸਮਾਗਮ ਦੌਰਾਨ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਕਾਰਜਸ਼ੀਲ ਵੱਖ-ਵੱਖ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਗੁਰਮਤਿ ਸੰਗੀਤ, ਢਾਡੀ, ਕਵੀਸ਼ਰੀ, ਕਵਿਤਾ ਤੇ ਭਾਸ਼ਣ ਰਾਹੀਂ ਹਾਜ਼ਰੀ ਭਰਦਿਆਂ ਗੁਰੂ ਸਾਹਿਬ ਦੀ ਸਿਫਤ ਸਾਲਾਹ ਕੀਤੀ ਗਈ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਦੀ ਅਗਵਾਈ ਹੇਠ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਸਿੱਖ ਇਤਿਹਾਸ ਨੂੰ ਰੂਪਮਾਨ ਕਰਦੀ ਪ੍ਰਦਰਸ਼ਨੀ ਵੀ ਲਗਾਈ ਗਈ ਜੋਂ ਸੰਗਤਾਂ ਲਈ ਖਿੱਚ ਦਾ ਕੇਂਦਰ ਰਹੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਵੱਲੋਂ ਵੀ ਚਿੱਤਰ ਪ੍ਰਦਰਸ਼ਨੀ ਤੇ ਧਾਰਮਿਕ ਪੁਸਤਕਾਂ ਦੇ ਸਟਾਲ ਲਗਾਏ ਗਏ ਸਨ। ਸਮਾਗਮ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਦਵਿੰਦਰ ਕੌਰ ਕਾਲਰਾ ਨੇ ਵੀ ਬੱਚਿਆਂ ਨਾਲ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ।

ਇਸ ਦੌਰਾਨ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਸ. ਬਲਜੀਤ ਸਿੰਘ ਜਲਾਲਉਸਮਾ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਦਾ ਮਕਸਦ ਇਸ ਇਤਿਹਾਸਕ ਮੌਕੇ 'ਤੇ ਗੁਰੂ ਸਾਹਿਬਾਨ ਦੇ ਜੀਵਨ ਇਤਿਹਾਸ ਨੂੰ ਘਰ ਘਰ ਤੱਕ ਪਹੁੰਚਾਉਣਾ ਹੈ। ਇਸੇ ਲੜ੍ਹੀ ਤਹਿਤ ਨੌਵੇਂ ਪਾਤਸ਼ਾਹ ਜੀ ਨਾਲ ਸਬੰਧਤ ਪਾਵਨ ਅਸਥਾਨ ਤੇ ਦੋ ਦਿਨਾਂ ਸਮਾਗਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ੯ ਨਵੰਬਰ ਨੂੰ ਸ਼ਤਾਬਦੀ ਨੂੰ ਸਮਰਪਿਤ ਬਾਬਾ ਬਕਾਲਾ ਸਾਹਿਬ ਵਿਖੇ ਮੁੱਖ ਸਮਾਗਮ ਹੋਵੇਗਾ, ਜਿਸ ਵਿੱਚ ਜਿਥੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸਿੰਘ ਸਾਹਿਬਾਨ ਤੇ ਸਿੱਖ ਪੰਥ ਦੀਆਂ ਪ੍ਰਮੁੱਖ ਸਖਸ਼ੀਅਤਾਂ ਹਾਜ਼ਰੀ ਭਰਨਗੀਆ, ਉਥੇ ਪੰਥ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰੀ ਜਥੇ ਸੰਗਤਾਂ ਨੂੰ ਗੁਰਬਾਣੀ ਗੁਰ ਇਤਿਹਾਸ ਨਾਲ ਜੋੜਨਗੇ। ਉਨ੍ਹਾਂ ਸੰਗਤਾਂ ਨੂੰ ਸ਼ਤਾਬਦੀ ਨੂੰ ਸਮਰਪਿਤ ਹੋ ਰਹੇ ਗੁਰਮਤਿ ਸਮਾਗਮ ਸਮੇਂ ਪਰਿਵਾਰਾਂ ਸਮੇਤ ਹਾਜ਼ਰੀਆਂ ਭਰਨ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਸ. ਬਲਜੀਤ ਸਿੰਘ ਜਲਾਲਉਸਮਾ, ਸ. ਅਮਰਜੀਤ ਸਿੰਘ ਬੰਡਾਲਾ, ਭਾਈ ਅਜੈਬ ਸਿੰਘ ਅਭਿਆਸੀ, ਬੀਬੀ ਦਵਿੰਦਰ ਕੌਰ ਕਾਲਰਾ, ਸ. ਗੁਰਦਿਆਲ ਸਿੰਘ ਕਾਲਰਾ, ਡਿਪਟੀ ਡਾਇਰੈਕਟਰ ਬੀਬੀ ਸਤਵੰਤ ਕੌਰ, ਮੈਨੇਜਰ ਸ. ਸਤਿੰਦਰ ਸਿੰਘ, ਵਧੀਕ ਮੈਨੇਜਰ ਸ. ਬਲਜੀਤ ਸਿੰਘ, ਸੁਪਰਵਾਈਜ਼ਰ ਸ. ਪ੍ਰਗਟ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਪ੍ਰਚਾਰਕ ਭਾਈ ਜੱਜ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਜਸਪਾਲ ਸਿੰਘ, ਭਾਈ ਗੁਰਭੇਜ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੮ ਨਵੰਬਰ

350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਸਮਾਗਮ

ਸੰਗਤਾਂ ਵੱਲੋਂ ਕੀਤੇ 25 ਹਜਾਰ ਸਹਿਜ ਪਾਠਾਂ ਦੇ ਸਮੂਹਿਕ ਰੂਪ 'ਚ ਪਾਏ ਭੋਗ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਏ ਗਏ ਵਿਸ਼ਾਲ ਗੁਰਮਤਿ ਸਮਾਗਮ ਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁੱਖੀ ਬਾਬਾ ਜੋਗਾ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ। ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਖੁੱਲੇ ਪੰਡਾਲ ਵਿੱਚ ਸਜੇ ਧਾਰਮਿਕ ਦੀਵਾਨ ਦੌਰਾਨ ਸ਼ਤਾਬਦੀ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਅਤੇ ਆਸਟ੍ਰੇਲੀਆ ਦੀ ਸਹਿਜ ਪਾਠ ਸੇਵਾ ਸੰਸਥਾ ਵੱਲੋਂ ਸੰਗਤ ਦੇ ਸਹਿਯੋਗ ਨਾਲ ਦੇਸ਼ ਦੁਨੀਆ ਅੰਦਰ ਆਰੰਭ ਕਰਵਾਏ ਗਏ ੨੫ ਹਜ਼ਾਰ ਦੇ ਕਰੀਬ ਸਾਹਿਜ ਪਾਠਾਂ ਦੇ ਭੋਗ ਪਾਏ ਗਏ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕਰਕੇ ਪਾਵਨ ਗੁਰਬਾਣੀ ਦੇ ਪਾਠ ਕੀਤੇ ਤੇ ਗੁਰੂ ਸਾਹਿਬਾਨ ਪ੍ਰਤੀ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਸਮਾਗਮ ਦੌਰਾਨ ਰਾਗੀ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਨੇ ਵੀ ਸੰਗਤਾਂ ਨਾਲ ਗੁਰ ਇਤਿਹਾਸ ਦੀ ਸਾਂਝ ਪਾਈ।

ਇਸ ਦੌਰਾਨ ਪੁੱਜੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸਿਰਫ ਸਿੱਖ ਇਤਿਹਾਸ ਦਾ ਹੀ ਨਹੀਂ, ਸਗੋਂ ਵਿਸ਼ਵ ਦੇ ਧਰਮ ਇਤਿਹਾਸ ਅੰਦਰ ਮਾਨਵੀ ਕਦਰਾਂ-ਕੀਮਤਾਂ ਦੀ ਰਖਵਾਲੀ ਲਈ ਇਕ ਅਦੁੱਤੀ ਘਟਨਾ ਵਜੋਂ ਦਰਜ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਸਬੰਧੀ ੨੧ ਨਵੰਬਰ ਤੋਂ ੨੯ ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਜਿਥੇ ਵਿਸ਼ੇਸ਼ ਸਮਾਗਮ ਕੀਤੇ ਜਾਣੇ ਹਨ ਉਥੇ ਹੀ ਇਸ ਇਤਿਹਾਸਕ ਮੌਕੇ ਨਾਲ ਸੰਗਤਾਂ ਨੂੰ ਜੋੜਨ ਵਾਸਤੇ ਘਰ ਘਰ ਅੰਦਰ ਸਹਿਜ ਪਾਠ ਕਰਨ ਦੀ ਮੁਹਿੰਮ ਵਿੱਢੀ ਗਈ ਸੀ। ਜਿਸ ਤਹਿਤ ਅੱਜ ੨੫ ਹਜਾਰ ਦੇ ਕਰੀਬ ਸੰਗਤਾਂ ਵੱਲੋਂ ਕੀਤੇ ਗਏ ਸਹਿਜ ਪਾਠਾਂ ਦੇ ਸਮੂਹਿਕ ਰੂਪ ਵਿਚ ਭੋਗ ਪਾ ਕੇ ਸੰਪੂਰਨਤਾ ਕੀਤੀ ਗਈ ਹੈ। ਇਸ ਦੇ ਦੂਜੇ ਪੜਾਅ ਤਹਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ ੧੬ ਨਵੰਬਰ ਨੂੰ ੩੫ ਹਜ਼ਾਰ ਦੇ ਕਰੀਬ ਸਹਿਜ ਪਾਠਾਂ ਦੇ ਭੋਗ ਪਾਏ ਜਾਣਗੇ। ਉਨ੍ਹਾਂ ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸਾਰੇ ਸ਼ਤਾਬਦੀ ਸਮਾਗਮਾਂ ਸਮੇਂ ਪਰਿਵਾਰਾਂ ਸਮੇਤ ਹਾਜ਼ਰ ਹੋਣ ਦੀ ਪ੍ਰੇਰਨਾ ਵੀ ਕੀਤੀ। ਇਕ ਸਵਾਲ ਦੇ ਜਵਾਬ ਵਿੱਚ ਐਡਵੋਕੇਟ ਧਾਮੀ ਨੇ ਕੇਂਦਰ ਸਰਕਾਰ ਨੂੰ ਆਪਣਾ ੨੦੧੯ ਦਾ ਬੰਦੀ ਸਿੰਘਾਂ ਦੀ ਰਿਹਾਈ ਦਾ ਫੈਸਲਾ ਤੁਰੰਤ ਲਾਗੂ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦਾ ੩੫੦ ਸਾਲਾ ਦਿਹਾੜਾ ਇਕ ਅਹਿਮ ਮੌਕਾ ਹੈ ਜਿਸ ਨੂੰ ਸਮਰਪਿਤ ਹੁੰਦਿਆਂ ਸਰਕਾਰ ਨੂੰ ਵੱਡਾ ਦਿਲ ਦਿਖਾਉਂਦਿਆਂ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰਨਾ ਚਾਹੀਦਾ ਹੈ। ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਸਮਾਗਮਾਂ ਸਬੰਧੀ ਸਵਾਲ ਦਾ ਜਵਾਬ ਦਿੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਸਮਾਗਮਾਂ ਸਮੇਂ ਸਾਰਿਆਂ ਨੂੰ ਖੁੱਲਾ ਸੱਦਾ ਹੈ ਅਤੇ ਸਰਕਾਰ ਨੂੰ ਵੱਖਰੇ ਧਾਰਮਿਕ ਸਮਾਗਮਾਂ ਦੀ ਥਾਂ ਵਿਕਾਸ ਕਾਰਜਾਂ ਵੱਲ ਧਿਆਨ ਦੇਣਾ ਚਾਹੀਦਾ ਹੈ।

ਇਸ ਮੌਕੇ ਤਰਨਾਂ ਦਲ ਬਾਬਾ ਬਕਾਲਾ ਦੇ ਮੁੱਖੀ ਬਾਬਾ ਜੋਗਾ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਸ. ਬਲਜੀਤ ਸਿੰਘ ਜਲਾਲਉਸਮਾ, ਭਾਈ ਰਜਿੰਦਰ ਸਿੰਘ ਮਹਿਤਾ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਖੰਡੂਰ ਸਾਹਿਬ, ਮੈਨੇਜਰ ਸ. ਸਤਿੰਦਰ ਸਿੰਘ, ਵਧੀਕ ਮੈਨੇਜਰ ਸ. ਬਲਜੀਤ ਸਿੰਘ, ਸੁਪਰਵਾਈਜ਼ਰ ਸ. ਪ੍ਰਗਟ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਸਹਿਜ ਪਾਠ ਸੇਵਾ ਸੰਸਥਾ ਤੋਂ ਭਾਈ ਰਾਜਪਾਲ ਸਿੰਘ, ਭਾਈ ਦਿਲਬਾਗ ਸਿੰਘ, ਪ੍ਰਚਾਰਕ ਭਾਈ ਜੱਜ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਜਸਪਾਲ ਸਿੰਘ, ਭਾਈ ਗੁਰਭੇਜ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੯ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਡੇਰਾ ਬਾਬਾ ਨਾਨਕ ਤੋਂ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਲਈ ਹੋਇਆ ਰਵਾਨਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸੰਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਲਈ ਰਵਾਨਾ ਹੋਇਆ।

ਇਸ ਮੌਕੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਕਿਹਾ ਕਿ ਸ਼ਤਾਬਦੀ ਨੂੰ ਸਮਰਪਿਤ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਪ੍ਰਤੀ ਸੰਗਤਾਂ ਦਾ ਉਤਸ਼ਾਹ ਗੁਰੂ ਸਾਹਿਬ ਪ੍ਰਤੀ ਸਮਰਪਣ ਭਾਵਨਾ ਦਾ ਪ੍ਰਤੀਕ ਹੈ। ਸ਼ਤਾਬਦੀ ਦਿਹਾੜੇ ਸਿੱਖ ਕੌਮ ਲਈ ਅਹਿਮ ਮਹੱਤਤਾ ਰੱਖਦੇ ਹਨ ਅਤੇ ਇਸ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਕਰਨਾ ਹਰ ਸਿੱਖ ਦਾ ਫਰਜ।

ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਨਿਭਾਈ। ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸ. ਸੁੱਚਾ ਸਿੰਘ ਲੰਗਾਹ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜੋਗਿੰਦਰ ਕੌਰ, ਵਧੀਕ ਸਕੱਤਰ ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਇੰਚਾਰਜ ਸ. ਸੁਖਦੀਪ ਸਿੰਘ, ਚੀਫ਼ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਸਤਨਾਮ ਸਿੰਘ ਗੋਸਲ, ਸ. ਰਣਜੀਤ ਸਿੰਘ ਕਲਿਆਣਪੁਰ, ਸ. ਸਰਬਜੀਤ ਸਿੰਘ, ਸ. ਗੁਰਦੇਵ ਸਿੰਘ ਧਾਰੋਵਾਲੀ, ਸ. ਹਰਸਿਮਰਨ ਸਿੰਘ, ਸ. ਰਜਿੰਦਰ ਸਿੰਘ ਵੈਰੋਕੇ, ਸ. ਧਰਮਪਾਲ ਸਿੰਘ, ਸ. ਬਲਵਿੰਦਰ

ਸਿੰਘ ਢਿੱਲਵਾਂ, ਸ. ਜੋਗਾ ਸਿੰਘ, ਪ੍ਰਚਾਰਕ ਭਾਈ ਹਰਪਾਲ ਸਿੰਘ, ਭਾਈ ਹਿੰਮਤਬੀਰ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੯ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਤੋਂ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਕੱਥੂਨੰਗਲ ਲਈ ਰਵਾਨਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਤੋਂ ਅਗਲੇ ਪੜਾਅ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਕੱਥੂਨੰਗਲ ਲਈ ਰਵਾਨਾ ਹੋਇਆ।

ਇਸ ਮੌਕੇ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ ਅਤੇ ਸੰਗਤ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਵੀ ਕੀਤੀ।

ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਨਿਭਾਈ। ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਸਕੂਲੀ ਬੱਚਿਆਂ ਅਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਬੀਬੀ ਜਸਬੀਰ ਕੌਰ ਜੱਫਰਵਾਲ, ਸ. ਗੁਰਨਾਮ ਸਿੰਘ ਜੱਸਲ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਆਗੀ ਆਗੂ ਸ. ਸੁਖਜਿੰਦਰ ਸਿੰਘ ਲੰਗਾਹ, ਸ. ਪਰਮਵੀਰ ਸਿੰਘ ਲਾਡੀ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਚੀਫ-ਟੈਪ ਸ. ਜਗਦੀਸ਼ ਸਿੰਘ ਬੁੱਟਰ, ਇੰਚਾਰਜ ਸ. ਸੁਖਦੀਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਸ. ਇਕਬਾਲ ਸਿੰਘ, ਸ. ਨਿਸ਼ਾਨ ਸਿੰਘ ਜੱਫਰਵਾਲ, ਸ. ਗੁਰਤਿੰਦਰਪਾਲ ਸਿੰਘ ਕਾਦੀਆ, ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਦੇ ਮੈਨੇਜਰ ਸ. ਰਣਜੀਤ ਸਿੰਘ, ਮੈਨੇਜਰ ਸ. ਸਤਨਾਮ ਸਿੰਘ, ਮੈਨੇਜਰ ਸਰਬਜੀਤ ਸਿੰਘ, ਮੈਨੇਜਰ ਸ. ਮਨਜੀਤ ਸਿੰਘ, ਸੁਪਰਵਾਈਜ਼ਰ ਸ. ਬਲਦੇਵ ਸਿੰਘ, ਪ੍ਰਚਾਰਕ ਭਾਈ ਹਰਜੀਤ ਸਿੰਘ, ਭਾਈ ਲਖਬੀਰ ਸਿੰਘ, ਭਾਈ ਦਿਲਬਾਗ ਸਿੰਘ ਸਭਰਾ, ਭਾਈ ਹਰਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੦ ਨਵੰਬਰ

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜੰਮੂ ਕਸ਼ਮੀਰ ਨਾਲ ਸਬੰਧਤ ਹਿੰਦੂ ਸਮਾਜ ਦੇ ਆਗੂਆਂ ਨਾਲ ਕੀਤੀ ਇਕੱਤਰਤਾ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਜਾ ਰਹੇ ਵਿਸ਼ਵ ਪੱਧਰੀ

ਧਾਰਮਿਕ ਸਮਾਗਮਾਂ ਦੇ ਮੱਦੇਨਜ਼ਰ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜੰਮੂ ਅਤੇ ਕਸ਼ਮੀਰ ਦੇ ਹਿੰਦੂ ਸਮਾਜ ਨਾਲ ਸਬੰਧਿਤ ਪ੍ਰਮੁੱਖ ਆਗੂਆਂ ਅਤੇ ਕਸ਼ਮੀਰੀ ਪੰਡਿਤ ਭਾਈਚਾਰੇ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਹ ਇਕੱਤਰਤਾ ਸ਼ਤਾਬਦੀ ਸਮਾਗਮਾਂ ਵਿਚ ਜੰਮੂ ਕਸ਼ਮੀਰ ਦੇ ਹਿੰਦੂ ਭਾਈਚਾਰੇ ਦੀ ਸ਼ਮੂਲੀਅਤ ਦੇ ਉਦੇਸ਼ ਨਾਲ ਕੀਤੀ ਗਈ, ਜਿਸ ਵਿੱਚ ਪੁੱਜੇ ਹਿੰਦੂ ਆਗੂਆਂ ਨੇ ਜਿਥੇ ਨਗਰ ਕੀਰਤਨ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ, ਉਥੇ ਸ਼ਤਾਬਦੀ ਸਮਾਗਮ ਸਮੇਂ ਹਾਜ਼ਰ ਹੋਣ

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਇਤਿਹਾਸ ਵਿੱਚ ਕਸ਼ਮੀਰ ਦੇ ਪੰਡਿਤਾਂ ਦਾ ਜਿਕਰ ਮਹੱਤਵਪੂਰਨ ਸਥਾਨ ਰੱਖਦਾ ਹੈ। ਜਦੋਂ ਮੁਗਲਾਂ ਦੇ ਜ਼ੁਲਮੀ ਦੌਰ ਵਿੱਚ ਕਸ਼ਮੀਰ ਦੇ ਪੰਡਿਤ ਆਪਣੇ ਧਾਰਮਿਕ ਹੱਕਾਂ ਦੀ ਰੱਖਿਆ ਲਈ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਕੋਲ ਪਹੁੰਚੇ ਸਨ, ਤਾਂ ਗੁਰੂ ਸਾਹਿਬ ਨੇ ਉਨ੍ਹਾਂ ਦੀ ਧਾਰਮਿਕ ਅਜ਼ਾਦੀ ਖ਼ਾਤਰ ਕੁਰਬਾਨੀ ਦਾ ਸੰਕਲਪ ਲਿਆ ਸੀ।

ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਲਈ ਸ਼੍ਰੋਮਣੀ ਕਮੇਟੀ ਵੱਲੋਂ ੧੫ ਨਵੰਬਰ ਨੂੰ ਗੁਰਦੁਆਰਾ ਸਾਹਿਬ ਮਟਨ, ਕਸ਼ਮੀਰ ਤੋਂ ਵਿਸ਼ੇਸ਼ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ, ਜੋ ਕਸ਼ਮੀਰ ਤੋਂ ਸ਼ੁਰੂ ਹੋ ਕੇ ਵੱਖ-ਵੱਖ ਰਾਜਾਂ ਰਾਹੀਂ ਸ੍ਰੀ ਅਨੰਦਪੁਰ ਸਾਹਿਬ ਤਕ ਪਹੁੰਚੇਗਾ। ਕਸ਼ਮੀਰ ਤੋਂ ਇਹ ਨਗਰ ਕੀਰਤਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਮੁੱਖ ਸ਼ਤਾਬਦੀ ਸਮਾਗਮਾਂ ਵਿੱਚ ਕਸ਼ਮੀਰੀ ਪੰਡਿਤਾਂ ਅਤੇ ਹਿੰਦੂ ਭਾਈਚਾਰੇ ਦੀ ਸ਼ਮੂਲੀਅਤ ਲਈ ਅਹਿਮ ਹੋਵੇਗਾ।

ਐਡਵੋਕੇਟ ਧਾਮੀ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਨੇ ਭਾਰਤ ਦੇ ਸਾਂਝੇ ਸਭਿਆਚਾਰ ਅਤੇ ਧਾਰਮਿਕ ਸਾਂਝ ਦੀ ਮਿਸਾਲ ਪੈਦਾ ਕੀਤੀ ਸੀ। ਇਸ ਰੂਹਾਨੀ ਸੁਨੇਹੇ ਨੂੰ ਅੱਜ ਦੀ ਦੁਨੀਆ ਤੱਕ ਪਹੁੰਚਾਉਣਾ ਹਰ ਮਨੁੱਖ ਦਾ ਫਰਜ਼ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਦੇਸ਼-ਵਿਦੇਸ਼ ਵਿੱਚ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਮਾਗਮ ਕੀਤੇ ਜਾ ਰਹੇ ਹਨ, ਜਿਨ੍ਹਾਂ ਰਾਹੀਂ ਗੁਰੂ ਸਾਹਿਬ ਦੀ ਸ਼ਹਾਦਤ ਦੇ ਸੰਕਲਪ ਦਾ ਸੁਨੇਹਾ ਵਿਸ਼ਵ ਪੱਧਰ 'ਤੇ ਪਹੁੰਚਾਇਆ ਜਾ ਰਿਹਾ ਹੈ।

ਮੀਟਿੰਗ ਦੌਰਾਨ ਕਸ਼ਮੀਰ ਦੇ ਹਿੰਦੂ ਆਗੂਆਂ ਵੱਲੋਂ ਸ੍ਰੀ ਰਾਜੇਸ਼ ਗੁਪਤਾ ਨੇ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਕੁਰਬਾਨੀ ਨੇ ਲੋਕਾਂ ਨੂੰ ਆਪਣੇ ਧਰਮ, ਸਭਿਆਚਾਰ ਤੇ ਆਤਮ-ਗੌਰਵ ਦੀ ਰੱਖਿਆ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੀ ਸ਼ਹਾਦਤ ਦੀ ਸ਼ਤਾਬਦੀ ਮੌਕੇ ਸਿੱਖਾਂ ਦੇ ਨਾਲ ਨਾਲ ਹਿੰਦੂ ਸਮਾਜ ਅੰਦਰ ਵੀ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰਨ ਲਈ ਵੱਡਾ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਆਪਸੀ ਭਾਈਚਾਰਕ ਸਾਂਝ ਲਈ ਵੱਡਾ ਯਤਨ ਹਨ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਅੱਗੋਂ ਵੀ ਧਾਰਮਿਕ ਤੌਰ ਤੇ ਅਗਵਾਈ ਕਰਨ ਦੀ ਅਪੀਲ ਕੀਤੀ। ਇਸ ਮੌਕੇ ਹਿੰਦੂ ਸਮਾਜ ਦੇ ਆਗੂਆਂ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਹਰਭਿੰਦਰ ਸਿੰਘ, ਕੋਆਰਡੀਨੇਟਰ ਭਾਈ ਜਗਤਾਰ ਸਿੰਘ, ਸ. ਅਜੀਤ ਸਿੰਘ, ਬਾਬਾ ਜਸਬੀਰ ਸਿੰਘ, ਹਿੰਦੂ ਆਗੂਆਂ ਵਿੱਚ ਸ੍ਰੀ ਰਾਜੇਸ਼ ਗੁਪਤਾ, ਸ੍ਰੀ ਕ੍ਰਿਸ਼ਨ ਭੱਟ, ਸ੍ਰੀ ਐਸ ਕੇ ਕੰਦਰੂ, ਸ੍ਰੀ ਚਾਂਦ ਪੰਡਤਾ, ਸ੍ਰੀ ਰਤਨ ਲਾਲ, ਸ੍ਰੀ ਬੀ ਬੀ ਕੋਤਵਾਲ, ਸ੍ਰੀ ਪੰਕਜ ਮਹਾਜਨ, ਸ੍ਰੀ ਕੁਲਦੀਪ ਰੈਣਾ, ਸ੍ਰੀ ਪੀ ਐਲ ਭੱਟ, ਸ੍ਰੀ ਰਵੀ ਰੈਣਾ ਸ੍ਰੀ ਪੰਵਨ ਸਿੰਘ, ਸ੍ਰੀ ਅਕਸ਼ੇ ਸ਼ਰਮਾ ਸ੍ਰੀ ਆਯੂਸ਼ ਸ਼ਰਮਾ, ਸੁਸ਼ਮਾ ਸ਼ਰਮਾ, ਬੀ ਐਲ ਭੱਟ, ਸ੍ਰੀ ਬੰਸੀ ਲਾਲ, ਸ੍ਰੀ ਦਰਬਾਰੀ ਸਿੰਘ ਸਮੇਤ ਹੋਰ ਹਾਜ਼ਰ ਸਨ।

ਐਡਵੋਕੇਟ ਧਾਮੀ ਨੇ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਜੰਮੂ ਕਸ਼ਮੀਰ ਦੀਆਂ ਜਿਲ੍ਹਾ ਗੁਰਦੁਆਰਾ ਕਮੇਟੀਆਂ ਨਾਲ ਕੀਤੀਆਂ ਵਿਚਾਰਾਂ

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜੰਮੂ ਕਸ਼ਮੀਰ ਦੀਆਂ ਜਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਆਗੂਆਂ ਨਾਲ ਮੀਟਿੰਗ ਕਰਕੇ ਗੁਰਦੁਆਰਾ ਮਟਨ ਸਾਹਿਬ ਕਸ਼ਮੀਰ ਤੋਂ ੧੫ ਨਵੰਬਰ ਨੂੰ ਸਜਾਏ ਜਾ ਰਹੇ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਵਿਚਾਰਾਂ ਕੀਤੀਆਂ। ਉਨ੍ਹਾਂ ਦਸਿਆ ਕਿ ੧੪ ਨਵੰਬਰ ਰਾਤ ਨੂੰ ਗੁਰਦੁਆਰਾ ਸ਼ਹੀਦ ਬੁੰਗਾ ਸਾਹਿਬ ਬੜਗਾਮ ਜੰਮੂ ਕਸ਼ਮੀਰ ਵਿਖੇ ਗੁਰਮਤਿ ਸਮਾਗਮ ਕਰਵਾਏ ਜਾਣਗੇ ਅਤੇ ੧੫ ਨਵੰਬਰ ਨੂੰ ਗੁਰਦੁਆਰਾ ਮਟਨ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਨਗਰ ਕੀਰਤਨ ਆਰੰਭ ਹੋਵੇਗਾ। ਉਨ੍ਹਾਂ ਸੰਗਤਾਂ ਨੂੰ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ ਦੇ ਚੇਅਰਮੈਨ ਸ. ਅਜੀਤ ਸਿੰਘ, ਜਿਲ੍ਹਾ ਗੁਰਦੁਆਰਾ ਕਮੇਟੀ ਸ਼੍ਰੀਨਗਰ ਦੇ ਜਰਨਲ ਸਕੱਤਰ ਸ. ਗੁਰਮੀਤ ਸਿੰਘ, ਸਿੱਖ ਮਿਸ਼ਨ ਜੰਮੂ ਕਸ਼ਮੀਰ ਦੇ ਇੰਚਾਰਜ ਸ. ਹਰਭਿੰਦਰ ਸਿੰਘ, ਕੋਆਰਡੀਨੇਟਰ ਭਾਈ ਜਗਤਾਰ ਸਿੰਘ, ਸ. ਨਾਨਕ ਸਿੰਘ ਪ੍ਰਧਾਨ, ਸ. ਜਰਨੈਲ ਸਿੰਘ ਸਕੱਤਰ ਤੇ ਸ. ਜੋਗਿੰਦਰ ਸਿੰਘ ਅਕਾਊਂਟੈਂਟ ਜ਼ਿਲ੍ਹਾ ਗੁਰਦੁਆਰਾ ਕਮੇਟੀ ਅਨੰਦਨਾਗ, ਸ. ਦਰਬਾਰੀ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਕਮੇਟੀ ਕੁਲਗਾਮ, ਪ੍ਰੋ. ਹਰਦਿਆਲ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਕਮੇਟੀ ਰਾਜੌਰੀ, ਐਡਵੋਕੇਟ ਬਿਕਰਮਦੀਪ ਸਿੰਘ ਤੇ ਸ. ਸੁਰਿੰਦਰ ਸਿੰਘ ਚੰਨੀ ਕਾਨੂੰਨੀ ਸਲਾਹਕਾਰ ਆਲ ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ, ਸ. ਕੁਲਦੀਪ ਸਿੰਘ ਸੋਢੀ ਪ੍ਰਧਾਨ ਸਿੱਖ ਸਿਖਆਲਿਆ ਸਭਾ ਕਸ਼ਮੀਰ, ਸ. ਹਰਜੀਤ ਸਿੰਘ ਸਲਾਹਕਾਰ ਆਲ ਜੰਮੂ ਕਸ਼ਮੀਰ ਸਿੱਖ ਕੋਰਡੀਨੇਸ਼ਨ ਕਮੇਟੀ, ਸ. ਕੁਲਵੰਤ ਸਿੰਘ ਪ੍ਰਧਾਨ ਤੇ ਸ. ਫਲੇਲ ਸਿੰਘ ਜਨਰਲ ਸਕੱਤਰ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਪੁਲਵਾਮਾ, ਸ. ਰਾਜਿੰਦਰ ਸਿੰਘ ਮੈਂਬਰ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਰਾਮੁੱਲਾਂ, ਸ. ਭੁਪਿੰਦਰ ਸਿੰਘ ਮੈਂਬਰ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀਨਗਰ, ਸ. ਜਗਮੋਹਨ ਸਿੰਘ ਵਜ਼ੀਰ ਮੈਂਬਰ ਆਲ ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ, ਸ. ਜਸਪਾਲ ਸਿੰਘ ਪ੍ਰਧਾਨ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਓਦੈਪੁਰ, ਸ. ਸੁਖਦੇਵ ਸਿੰਘ ਚੀਫ ਕੋਆਰਡੀਨੇਟਰ, ਭਾਈ ਬਲਵੰਤ ਸਿੰਘ ਇੰਚਾਰਜ, ਸ. ਪਰਮਜੀਤ ਸਿੰਘ ਸਲਾਹਕਾਰ, ਸ. ਬੈਂਤ ਸਿੰਘ ਮੀਡੀਆ ਸਲਾਹਕਾਰ ਤੇ ਸ. ਓਂਕਾਰ ਸਿੰਘ ਮੈਂਬਰ ਆਲ ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ ਅਤੇ ਹੋਰ ਮੌਜੂਦ ਸਨ। ੧੦ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਕੱਥੂਨੰਗਲ ਤੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਲਈ ਰਵਾਨਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਕੱਥੂਨੰਗਲ ਤੋਂ ਅਗਲੇ ਪੜਾਅ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਲਈ ਰਵਾਨਾ ਹੋਇਆ।

ਇਸ ਮੌਕੇ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਕੱਥੂਨੰਗਲ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਕੌਮ ਲਈ ਵੱਡੇ ਅਰਥ ਰੱਖਦੀ ਹੈ ਅਤੇ ਸਾਡਾ ਸਭ ਦਾ ਫ਼ਰਜ਼ ਹੈ ਕਿ ਇਸ ਸ਼ਤਾਬਦੀ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਆਪਣੀ ਹਾਜ਼ਰੀ ਯਕੀਨੀ ਬਣਾਈਏ

ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਨਿਭਾਈ। ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਸਕੂਲੀ ਬੱਚਿਆਂ ਅਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਅਮਰਜੀਤ ਸਿੰਘ ਬੰਡਾਲਾ, ਵਿਧਾਇਕ ਬੀਬਾ ਗੁਨੀਵ ਕੌਰ ਮਜੀਠੀਆ, ਬਾਬਾ ਸਰਦਾਰਾ ਸਿੰਘ ਮੱਖਣਵਿੰਡੀ, ਬਾਬਾ ਸੱਜਣ ਸਿੰਘ ਬੇਰ ਸਾਹਿਬ, ਬਾਬਾ ਗੁਰਦੀਪ ਸਿੰਘ ਤਰਸਿੱਕੇ ਵਾਲੇ, ਬਾਬਾ ਮਨਮੋਹਨ ਸਿੰਘ ਭੰਗਾਲੀ ਵਾਲੇ, ਬਾਬਾ ਮੇਜਰ ਸਿੰਘ ਸੋਢੀ, ਸ. ਅਮਰੀਕ ਸਿੰਘ ਕਲੇਰਾਂ ਵਾਲੇ, ਬਾਬਾ ਸੁਖਵੰਤ ਸਿੰਘ ਚੰਨਣਕੇ, ਬਾਬਾ ਗੁਰਭੇਜ ਸਿੰਘ ਖਜਾਲਾ, ਬਾਬਾ ਕੰਵਲਜੀਤ ਸਿੰਘ ਨਾਗੀਆਣਾ, ਬਾਬਾ ਦੀਦਾਰ ਸਿੰਘ, ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਇਕਬਾਲ ਸਿੰਘ, ਸੁਪਰਵਾਈਜ਼ਰ ਸ. ਲਾਲ ਸਿੰਘ, ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਜੀ ਦੇ ਮੈਨੇਜਰ ਸ. ਜਗਰੂਪ ਸਿੰਘ, ਪ੍ਰਚਾਰਕ ਭਾਈ ਦਿਲਬਾਗ ਸਿੰਘ ਭੰਗਾਲੀ, ਭਾਈ ਹਰਪ੍ਰੀਤ ਸਿੰਘ, ਭਾਈ ਹਰਜੀਤ ਸਿੰਘ, ਭਾਈ ਦਿਲਬਾਗ ਸਿੰਘ ਸਭਰਾ, ਭਾਈ ਹਰਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੧ ਨਵੰਬਰ

ਅੰਮ੍ਰਿਤ ਛਕਾਉਣ ਦੀ ਤਸਵੀਰ 'ਚ ਗੁਰੂ ਸਾਹਿਬ ਦੇ ਪੈਰੀਂ ਜੋੜਾ ਦਿਖਾਉਣਾ ਸਿੱਖ ਸਿਧਾਂਤਾਂ ਦਾ ਉਲੰਘਣ: ਐਡਵੋਕੇਟ ਧਾਮੀ

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੰਜਾਬ ਸਰਕਾਰ ਵੱਲੋਂ ਭਾਈ ਜੈਤਾ ਜੀ ਦੀ ਯਾਦਗਾਰ 'ਚ ਸਿਧਾਂਤ ਵਿਰੋਧੀ ਕਾਰਵਾਈ 'ਤੇ ਚੁੱਕੇ ਸਵਾਲ

ਅੰਮ੍ਰਿਤਸਰ:ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਥਾਪਿਤ ਕੀਤੀ ਗਈ ਭਾਈ ਜੈਤਾ ਜੀ ਦੀ ਯਾਦਗਾਰ ਵਿੱਚ ਲਗਾਈ ਗਈ ਤਸਵੀਰ ਨੂੰ ਲੈ ਕੇ ਸਵਾਲ ਚੁੱਕੇ ਹਨ। ਉਨ੍ਹਾਂ ਕਿਹਾ ਕਿ ਯਾਦਗਾਰ ਵਿਚ ਲਗਾਈ ਤਸਵੀਰ 'ਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਭਾਈ ਜੈਤਾ ਜੀ ਨੂੰ ਅੰਮ੍ਰਿਤ ਛਕਾਉਂਦੇ ਸਮੇਂ ਪੈਰਾਂ ਵਿਚ ਜੋੜਾ (ਜੁੱਤਾ) ਦਿਖਾਉਣਾ ਸਿੱਖ ਸਿਧਾਂਤਾਂ, ਮਰਯਾਦਾ ਅਤੇ ਸਿੱਖ ਭਾਵਨਾਵਾਂ ਨਾਲ ਖਿਲਵਾੜ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਯਾਦਗਾਰ, ਜਿਸਦਾ ਉਦਘਾਟਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤਾ ਗਿਆ ਹੈ, ਸੰਗਤ ਨੂੰ ਸੇਧ ਦੇਣ ਦੀ ਥਾਂ ਠੇਸ ਪਹੁੰਚਾਏਗੀ।

ਉਨ੍ਹਾਂ ਕਿਹਾ ਕਿ ਸਿੱਖੀ ਅਨੁਸਾਰ, ਅੰਮ੍ਰਿਤ ਸੰਸਕਾਰ ਇਕ ਪਵਿੱਤਰ ਤੇ ਮਰਯਾਦਤ ਸੰਸਕਾਰ

ਹੈ, ਜਿਸ ਵਿੱਚ ਆਦਰ ਤੇ ਸਤਿਕਾਰ ਦਾ ਦਾ ਹੋਣਾ ਲਾਜ਼ਮੀ ਹੈ। ਪਰ ਸਰਕਾਰ ਨੇ ਤਸਵੀਰ ਰਾਹੀਂ ਇਸ ਪਵਿੱਤਰ ਪ੍ਰਕਿਰਿਆ ਨੂੰ ਵਿਗਾੜਨ ਦੀ ਹਰਕਤ ਕਰਕੇ ਸਿਧਾਂਤਕ ਉਲੰਘਣਾ ਕੀਤੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਰਕਾਰ ਦੀ ਧਾਰਮਿਕ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਪਹਿਲਾਂ ਵੀ ਸਰਕਾਰ ਨੇ ਸ੍ਰੀਨਗਰ ਵਿੱਚ ਕੀਤੇ ਧਾਰਮਿਕ ਸਮਾਗਮ ਦੌਰਾਨ ਮਰਯਾਦਾ ਦੀ ਉਲੰਘਣਾ ਕੀਤੀ ਸੀ, ਅਤੇ ਹੁਣ ਭਾਈ ਜੈਤਾ ਜੀ ਦੀ ਸਥਾਪਿਤ ਕੀਤੀ ਯਾਦਗਾਰ ਵਿੱਚ ਸਿਧਾਂਤ ਵਿਰੁੱਧ ਤਸਵੀਰ ਲਗਾ ਕੇ ਦੁਬਾਰਾ ਅਜਿਹਾ ਕੀਤਾ ਹੈ।

ਉਨ੍ਹਾਂ ਕਿਹਾ ਕਿ ਇਹ ਦੁੱਖ ਦੀ ਗੱਲ ਹੈ ਕਿ ਸਰਕਾਰ ਧਾਰਮਿਕ ਤੇ ਇਤਿਹਾਸਕ ਮਾਮਲਿਆਂ ਦੀ ਸਮਝ ਨਾ ਰੱਖਣ ਵਾਲੇ ਅਧਿਕਾਰੀਆਂ ਤੋਂ ਕੰਮ ਲੈ ਰਹੀ ਹੈ, ਜਿਸ ਕਰਕੇ ਅਜਿਹੇ ਗੰਭੀਰ ਸਿਧਾਂਤਕ ਉਲੰਘਣ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖ ਧਰਮ ਇਕ ਮਰਯਾਦਤ ਜੀਵਨ ਜਾਚ ਦਾ ਨਾਮ ਹੈ ਅਤੇ ਇਸ ਦੀ ਵਿਲੱਖਣਤਾ ਇਸ ਦੀਆਂ ਮੌਲਿਕ ਕਦਰਾਂ ਤੇ ਆਦਰਸ਼ਾਂ ਵਿੱਚ ਹੈ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸ਼ੁਰੂ ਤੋਂ ਹੀ ਇਹ ਆਖ ਰਹੀ ਹੈ ਕਿ ਸਰਕਾਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨਾਲ ਜੁੜੇ ਵਿਕਾਸ ਕਾਰਜਾਂ 'ਤੇ ਧਿਆਨ ਦੇਵੇ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਆਯੋਜਿਤ ਧਾਰਮਿਕ ਸਮਾਗਮਾਂ ਵਿੱਚ ਸਹਿਯੋਗ ਕਰੇ। ਪਰ ਸਰਕਾਰ ਨੂੰ ਤਾਂ ਸਿਆਸਤ ਬਿਨਾਂ ਕੁਝ ਹੋਰ ਦਿਸ ਹੀ ਨਹੀਂ ਰਿਹਾ।

ਐਡਵੋਕੇਟ ਧਾਮੀ ਨੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਤੁਰੰਤ ਇਸ ਤਸਵੀਰ ਨੂੰ ਮੈਮੋਰੀਅਲ ਤੋਂ ਹਟਾਏ ਅਤੇ ਕੌਮ ਪਾਸੋਂ ਮੁਆਫ਼ੀ ਮੰਗੇ। ਜੇਕਰ ਸਰਕਾਰ ਨੇ ਇਸ ਗੰਭੀਰ ਮਾਮਲੇ ਨੂੰ ਹਲਕਾ ਲਿਆ ਤਾਂ ਸ਼੍ਰੋਮਣੀ ਕਮੇਟੀ ਇਸ ਉਤੇ ਆਪਣੇ ਪੱਧਰ 'ਤੇ ਕਾਰਵਾਈ ਕਰਨ ਲਈ ਮਜਬੂਰ ਹੋਵੇਗੀ। ੧੧ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਬਾਬਾ ਬਕਾਲਾ ਸਾਹਿਬ ਤੋਂ ਗੁਰਦੁਆਰਾ ਥੰਮ੍ਹ ਜੀ ਸਾਹਿਬ ਕਰਤਾਰਪੁਰ ਲਈ ਰਵਾਨਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਤੋਂ ਅਗਲੇ ਪੜਾਅ ਗੁਰਦੁਆਰਾ ਥੰਮ੍ਹ ਜੀ ਸਾਹਿਬ ਕਰਤਾਰਪੁਰ ਲਈ ਰਵਾਨਾ ਹੋਇਆ। ਇਸ ਮੌਕੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ।

ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਨਿਭਾਈ। ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਸਕੂਲੀ ਬੱਚਿਆਂ ਅਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਅਮਰਜੀਤ ਸਿੰਘ ਭਲਾਈਪੁਰ, ਬਾਬਾ ਜੋਗਾ ਸਿੰਘ ਤਰਨਾ ਦਲ ਵਾਲਿਆਂ ਵੱਲੋਂ ਬਾਬਾ ਬਲਕਾਰ ਸਿੰਘ, ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਿੰਦਰ ਸਿੰਘ ਬਾਜਵਾ, ਸ. ਰਾਜਿੰਦਰ ਸਿੰਘ ਰੂਬੀ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਦੇ ਵਧੀਕ ਮੈਨੇਜਰ ਸ. ਬਲਜੀਤ ਸਿੰਘ, ਮੀਤ ਮੈਨੇਜਰ ਸ. ਸੁਖਵਿੰਦਰ ਸਿੰਘ ਬੁਤਾਲਾ, ਹੈੱਡ ਗ੍ਰੰਥੀ ਗਿਆਨੀ ਹਰਦੇਵ ਸਿੰਘ, ਕਾਰ ਸੇਵਾ ਸਰਹਾਲੀ ਤੋਂ ਬਾਬਾ ਬੱਬੂ ਜੀ, ਸੁਪਰਵਾਈਜ਼ਰ ਸ. ਲਾਲ ਸਿੰਘ, ਸਾਬਕਾ ਹੈੱਡ ਗ੍ਰੰਥੀ ਗਿਆਨੀ ਭੁਪਿੰਦਰ ਸਿੰਘ ਤੇ ਮੈਨੇਜਰ ਸ. ਮੋਹਨ ਸਿੰਘ ਕੰਗ, ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ, ਭਾਈ ਹਰਪ੍ਰੀਤ ਸਿੰਘ ਵਡਾਲਾ, ਭਾਈ ਹਰਪ੍ਰੀਤ ਸਿੰਘ ਜੰਡਿਆਲਾ, ਭਾਈ ਕਵਲਜੀਤ ਸਿੰਘ ਗਗੜੇਵਾਲ, ਭਾਈ ਦਿਲਬਾਗ ਸਿੰਘ ਕਾਲੇਕੇ, ਸਾਬਕਾ ਪ੍ਰਚਾਰਕ ਭਾਈ ਜਸਪਾਲ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੨ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਥੰਮ੍ਹ ਜੀ ਸਾਹਿਬ ਕਰਤਾਰਪੁਰ ਤੋਂ ਗੁਰਦੁਆਰਾ ਸੁਖਚੈਨਆਣਾ ਸਾਹਿਬ ਫਗਵਾੜਾ ਲਈ ਰਵਾਨਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਥੰਮ੍ਹ ਜੀ ਸਾਹਿਬ ਕਰਤਾਰਪੁਰ ਤੋਂ ਅਗਲੇ ਪੜਾਅ ਗੁਰਦੁਆਰਾ ਸੁਖਚੈਨਆਣਾ ਸਾਹਿਬ ਫਗਵਾੜਾ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਰਣਜੀਤ ਸਿੰਘ ਕਾਹਲੋਂ, ਸ. ਜਰਨੈਲ ਸਿੰਘ ਡੋਗਰਾਂਵਾਲਾ, ਬੀਬੀ ਗੁਰਮੀਤ ਕੌਰ ਭਟਨੂਰਾ ਲੁਬਾਣਾ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤ ਹਾਜ਼ਰ ਸਨ।

ਇਸ ਮੌਕੇ ਗੁਰਦੁਆਰਾ ਥੰਮ੍ਹ ਜੀ ਸਾਹਿਬ ਕਰਤਾਰਪੁਰ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਭਾਈ। ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਇਸ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਸਾਕੇ ਦੀ ਸ਼ਤਾਬਦੀ ਨੂੰ ਸਮਰਪਿਤ ਨਗਰ ਕੀਰਤਨ ਦਾ ਮਕਸਦ ਗੁਰੂ ਸਾਹਿਬ ਦੀ ਸ਼ਹਾਦਤ ਦੇ ਸੰਕਲਪ ਨੂੰ ਦੇਸ਼ ਦੁਨੀਆਂ ਅੰਦਰ ਪ੍ਰਚਾਰਨਾ ਹੈ। ਸੰਗਤਾਂ ਦਾ ਨਗਰ ਕੀਰਤਨ ਪ੍ਰਤੀ ਉਤਸ਼ਾਹ ਇਸ ਦੀ ਸਫਲਤਾ ਨੂੰ ਬਿਆਨ ਕਰਦਾ ਹੈ। ਉਨ੍ਹਾਂ ਕਿਹਾ ਕਿ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦਾ ਇਤਿਹਾਸਕ ਸਮਾਂ ਸਾਡੇ ਜੀਵਨ ਕਾਲ ਵਿਚ ਆਇਆ ਹੈ ਅਤੇ ਹਰ ਸਿੱਖ ਦਾ ਫ਼ਰਜ਼

ਹੈ ਕਿ ਉਹ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਸਮਰਪਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ ੨੩ ਨਵੰਬਰ ਤੋਂ ੨੯ ਨਵੰਬਰ ਤੱਕ ਹੋ ਰਹੇ ਸਮਾਗਮਾਂ ਵਿਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰੇ।

ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਜਲੰਧਰ ਸ਼ਹਿਰ ਵਿਚ ਵੀ ਸੰਗਤਾਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਇਸ ਦੌਰਾਨ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਵੀ ਸ਼ਮੂਲੀਅਤ ਕੀਤੀ। ਰਸਤੇ ਵਿਚ ਸੀਆਰਪੀਐਫ ਦੇ ਜਵਾਨਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਲਾਮੀ ਦੇ ਕੇ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਇੰਚਾਰਜ ਸ. ਹਰਜਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸੁਪਰਵਾਈਜ਼ਰ ਸ. ਲਾਲ ਸਿੰਘ, ਸ. ਸੁਖਰਾਜ ਸਿੰਘ ਤੇ ਸ. ਗੁਰਮੀਤ ਸਿੰਘ, ਗੁ: ਇੰਸਪੈਕਟਰ ਸ. ਰਣਜੀਤ ਸਿੰਘ, ਸ. ਸ਼ਰਨਜੀਤ ਸਿੰਘ ਤੇ ਸ. ਮਲਕੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੩ ਨਵੰਬਰ

ਹਰਿਆਣਾ ਦੇ ਪਿੰਡ ਬਡੋਕੀ ਦੀ ਸੰਗਤ ਨੇ ਸ਼੍ਰੋਮਣੀ ਕਮੇਟੀ ਨੂੰ ਹੜ੍ਹ ਪੀੜਤ ਫੰਡ ਲਈ ਦਿੱਤੇ 4 ਲੱਖ 61 ਹਜ਼ਾਰ ਰੁਪਏ

ਅੰਮ੍ਰਿਤਸਰ-ਹਰਿਆਣਾ ਦੇ ਪਲਵਲ ਨੇੜਲੇ ਪਿੰਡ ਬਡੋਕੀ ਦੀ ਸੰਗਤ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੜ੍ਹ ਪੀੜਤ ਰਾਹਤ ਫੰਡ ਲਈ ੪ ਲੱਖ ੬੧ ਹਜ਼ਾਰ ੨੫੦ ਰੁਪਏ ਦਾ ਯੋਗਦਾਨ ਪਾਇਆ ਹੈ। ਸਮੁੱਚੇ ਪਿੰਡ ਵਾਸੀਆਂ ਵੱਲੋਂ ਇਕੱਠੀ ਕੀਤੀ ਗਈ ਇਹ ਰਾਸ਼ੀ ਪਿੰਡ ਬਡੋਕੀ ਤੋਂ ਪੁੱਜੇ ਸ੍ਰੀ ਵਰਿੰਦਰ ਸਿੰਘ, ਸ੍ਰੀ ਬੱਚੂ ਸਿੰਘ, ਸ੍ਰੀ ਮਾਵੀ ਸਿੰਘ, ਸ੍ਰੀ ਕਿਸ਼ਨ ਚੰਦ, ਸ੍ਰੀ ਕਿਸ਼ਨ ਕੁਮਾਰ, ਸ੍ਰੀ ਰਾਜਬੀਰ ਸਿੰਘ, ਸ੍ਰੀ ਧਰਮਵੀਰ ਸਿੰਘ ਦੁਆਰਾ ਸਾਂਝੇ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੀ ਗਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਹੜ੍ਹਾਂ ਨਾਲ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਸਹਾਇਤਾ ਨਿਰੰਤਰ ਕਾਰਜਸ਼ੀਲ ਹੈ ਅਤੇ ਇਸ ਵਿੱਚ ਸੰਗਤਾਂ ਅਤੇ ਸੰਸਥਾਵਾਂ ਵੀ ਵੱਡਾ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸੇ ਤਹਿਤ ਹੀ ਹਰਿਆਣਾ ਦੇ ਪਲਵਲ ਨੇੜੇ ਪਿੰਡ ਬਡੋਕੀ ਦੀ ਸੰਗਤ ਵੱਲੋਂ ਇਸ ਵਿੱਚ ਆਪਣਾ ਯੋਗਦਾਨ ਪਾਇਆ ਗਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਹਿਯੋਗ ਕਰਨ ਵਾਲੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਵੱਲੋਂ ਦਿੱਤੀਆਂ ਭੇਟਾਵਾਂ ਨੂੰ ਲੋੜਵੰਦਾਂ ਤੱਕ ਪਹੁੰਚਾਉਣਾ ਸ਼੍ਰੋਮਣੀ ਕਮੇਟੀ ਦੀ ਜਿੰਮੇਵਾਰੀ ਹੈ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਹ ਕਾਰਜ ਇਸੇ ਤਰ੍ਹਾਂ ਨਿਰੰਤਰ ਜਾਰੀ ਰੱਖੇ ਜਾਣਗੇ। ਉਨ੍ਹਾਂ ਦੱਸਿਆ ਕਿ ਹੁਣ ਤੀਕ ਹੜ੍ਹ ਪ੍ਰਭਾਵਿਤ ਇਲਾਕਿਆਂ ਨੂੰ ਕਣਕ ਦੇ ਵਧੀਆ ਬੀਜ, ਬੰਨ੍ਹ ਪੱਕੇ ਕਰਨ ਲਈ ਡੀਜ਼ਲ ਅਤੇ ਹੜ੍ਹ ਪੀੜਤਾਂ ਨੂੰ ਲੋੜੀਂਦੀਆਂ ਵਸਤਾਂ ਦੇਣ ਦਾ ਫ਼ਰਜ਼ ਅਦਾ ਕੀਤਾ ਗਿਆ ਹੈ। ਉਨ੍ਹਾਂ ਆਖਿਆ ਕਿ ਇਹ ਕਾਰਜ ਜਿਥੇ ਸ਼੍ਰੋਮਣੀ ਕਮੇਟੀ ਦੇ ਫੰਡਾਂ ਵਿੱਚੋਂ ਕੀਤੇ ਜਾ ਰਹੇ ਹਨ, ਉਥੇ ਹੀ ਇਸ ਵਿਚ ਸੰਗਤਾਂ ਦਾ ਵੀ ਵੱਡਾ ਯੋਗਦਾਨਾ ਹੈ। ਉਨ੍ਹਾਂ ਹਰਿਆਣਾ ਦੀਆਂ ਸੰਗਤਾਂ ਨੂੰ ਪ੍ਰੇਰਿਤ ਕਰਨ ਲਈ ਸਾਬਕਾ ਸਕੱਤਰ ਸ. ਰਘਬੀਰ ਸਿੰਘ ਰਾਜਾਸਾਂਸੀ ਅਤੇ ਫੈਡਰੇਸ਼ਨ ਆਗੂ ਸ. ਜਸਬੀਰ ਸਿੰਘ ਘੁੰਮਣ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਵਾ ਸ. ਪ੍ਰਤਾਪ ਸਿੰਘ ਸਕੱਤਰ, ਸ. ਸਤਬੀਰ ਸਿੰਘ ਧਾਮੀ ਓਐਸਡੀ, ਸ. ਸ਼ਾਹਬਾਜ਼ ਸਿੰਘ ਨਿੱਜੀ ਸਕੱਤਰ, ਸ. ਹਰਭਜਨ ਸਿੰਘ ਵਕਤਾ ਮੀਤ ਸਕੱਤਰ, ਸ. ਭਗਵੰਤ ਸਿੰਘ ਧੰਗੇੜਾ ਜਨਰਲ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸਾਬਕਾ ਸਕੱਤਰ ਸ. ਰਘਬੀਰ ਸਿੰਘ ਰਾਜਾਸਾਂਸੀ ਅਤੇ ਫੈਡਰੇਸ਼ਨ ਆਗੂ ਸ. ਜਸਬੀਰ ਸਿੰਘ ਘੁੰਮਣ, ਸ. ਨਿਸ਼ਾਨ ਸਿੰਘ ਸੁਪ੍ਰਿੰਟੈਂਡੈਂਟ ਆਦਿ ਹਾਜ਼ਰ ਸਨ। ੧੩ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਫਗਵਾੜਾ ਤੋਂ ਗੁਰਦੁਆਰਾ ਮੋਂ ਸਾਹਿਬ ਫਿਲੌਰ ਲਈ ਰਵਾਨਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸੁਖਚੈਨਆਣਾ ਸਾਹਿਬ ਫਗਵਾੜਾ ਤੋਂ ਅਗਲੇ ਪੜਾਅ ਗੁਰਦੁਆਰਾ ਮੋਂ ਸਾਹਿਬ ਫਿਲੌਰ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਗੁਰਬਖ਼ਸ਼ ਸਿੰਘ ਖਾਲਸਾ, ਸ. ਸੁਰਜੀਤ ਸਿੰਘ ਰਾਏ, ਬੀਬੀ ਦਵਿੰਦਰ ਕੌਰ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤ ਨੇ ਹਾਜ਼ਰੀ ਭਰੀ।

ਇਸ ਮੌਕੇ ਗੁਰਦੁਆਰਾ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਭਾਈ। ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਸੰਗਤਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ।ਇਸ ਦੌਰਾਨ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਵੀ ਸ਼ਮੂਲੀਅਤ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਇੰਚਾਰਜ ਸ. ਹਰਜਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸੁਪਰਵਾਈਜ਼ਰ ਸ. ਲਾਲ ਸਿੰਘ, ਸ. ਸੁਖਰਾਜ ਸਿੰਘ ਤੇ ਸ. ਗੁਰਮੀਤ ਸਿੰਘ, ਗੁ: ਇੰਸਪੈਕਟਰ ਸ. ਰਣਜੀਤ ਸਿੰਘ, ਸ. ਸ਼ਰਨਜੀਤ ਸਿੰਘ ਤੇ ਸ. ਮਲਕੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੪ ਨਵੰਬਰ

ਸ਼੍ਰੋਮਣੀ ਕਮੇਟੀ ਵਫ਼ਦ ਨੇ 350 ਸਾਲਾ ਸ਼ਤਾਬਦੀ ਸਮਾਗਮਾਂ ਚ ਸ਼ਮੂਲੀਅਤ ਲਈ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਨੂੰ ਦਿੱਤਾ ਸੱਦਾ ਪੱਤਰ

ਸ਼ਹੀਦੀ ਨਗਰ ਕੀਰਤਨ ਲਈ ਦਿੱਤੇ ਸਹਿਯੋਗ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਸ੍ਰੀ ਅਦਿੱਤਯ ਨਾਥ ਯੋਗੀ ਦਾ ਕੀਤਾ ਧੰਵਨਾਦ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਵਿੱਚ ਸਮੂਲੀਅਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਅਦਿੱਤਯ ਨਾਥ ਯੋਗੀ ਨੂੰ

ਸੱਦਾ-ਪੱਤਰ ਦਿੱਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਦੀ ਅਗਵਾਈ ਵਿਚ ਇੱਕ ਵਫਦ ਨੇ ਮੁੱਖ ਮੰਤਰੀ ਸ੍ਰੀ ਅਦਿੱਤਯ ਨਾਥ ਯੋਗੀ ਨਾਲ ਮੁਲਾਕਾਤ ਕੀਤੀ।

ਇਸ ਦੌਰਾਨ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਸ਼ਤਾਬਦੀ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪੱਤਰ ਸੌਂਪਿਆ ਗਿਆ। ਇਸ ਦੇ ਨਾਲ ਹੀ ਵਫ਼ਦ ਨੇ ਮੁੱਖ ਮੰਤਰੀ ਨੂੰ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਦਾ ਯੂਪੀ ਵਿਖੇ ਕੀਤੇ ਭਰਵੇਂ ਸਵਾਗਤ ਲਈ ਦਿੱਤੇ ਸਹਿਯੋਗ ਲਈ ਧੰਨਵਾਦ ਵੀ ਕੀਤਾ।

ਮੁੱਖ ਮੰਤਰੀ ਨਾਲ ਮੁਲਾਕਾਤ ਕਰਨ ਵਾਲੇ ਵਫ਼ਦ ਵਿਚ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਉੱਤਰ ਪ੍ਰਦੇਸ਼ ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ ਤੇ ਉੱਤਰ ਪ੍ਰਦੇਸ਼ ਸਰਕਾਰ ਦੇ ਖੇਤੀਬਾੜੀ ਮੰਤਰੀ ਸ. ਬਲਦੇਵ ਸਿੰਘ ਔਲਖ ਵੀ ਸ਼ਾਮਲ ਸਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਅਜੈਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮ ੨੩ ਨਵੰਬਰ ਤੋਂ ੨੯ ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਹਨ ਜਿਸ ਵਿਚ ਸਮੂਲੀਅਤ ਲਈ ਦੇਸ਼ ਭਰ ਦੀਆਂ ਪ੍ਰਮੁੱਖ ਸਖਸ਼ੀਅਤਾਂ ਨੂੰ ਸਦਾ ਪੱਤਰ ਦਿੱਤੇ ਜਾ ਰਹੇ ਹਨ। ਇਸੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਵਫ਼ਦ ਵੱਲੋਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਅਦਿੱਤਯ ਨਾਥ ਯੋਗੀ ਨਾਲ ਮੁਲਾਕਾਤ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਲਈ ਸੱਦਾ ਵੀ ਦਿੱਤਾ। ੧੪ ਨਵੰਬਰ

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ਼ਹੀਦ ਬੁੰਗਾ ਸ੍ਰੀ ਨਗਰ ਵਿਖੇ ਗੁਰਮਤਿ ਸਮਾਗਮ

ਐਡਵੋਕੇਟ ਧਾਮੀ, ਗਿਆਨੀ ਕੁਲਦੀਪ ਸਿੰਘ ਗੜਗੱਜ, ਗਿਆਨੀ ਟੇਕ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਰਹੀਆਂ ਹਾਜ਼ਰ

ਸ੍ਰੀ ਨਗਰ/ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੰਮੂ ਕਸ਼ਮੀਰ ਦੀਆਂ ਗੁਰਦੁਆਰਾ ਕਮੇਟੀਆਂ ਦੇ ਸਹਿਯੋਗ ਨਾਲ ਅੱਜ ਗੁਰਦੁਆਰਾ ਸ਼ਹੀਦ ਬੁੰਗਾ ਸ੍ਰੀ ਨਗਰ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ। ਇਸ ਸਮਾਗਮ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਨੇ ਸ਼ਮੂਲੀਅਤ ਕਰਦਿਆਂ ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸ਼ਤਾਬਦੀ ਸਮਾਗਮਾਂ ਵਿੱਚ ਸਮੂਲੀਅਤ ਕਰਨ ਦੀ ਪ੍ਰੇਰਨਾ ਕੀਤੀ।

ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਕਥਾ ਵਿਚਾਰਾਂ ਕੀਤੀਆਂ ਅਤੇ ਹਜ਼ੂਰੀ ਰਾਗੀ ਭਾਈ ਹਰਭਿੰਦਰ ਸਿੰਘ ਅਤੇ ਭਾਈ ਮਨਦੀਪ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੀਨਗਰ ਦੇ ਸਿੱਖਾਂ ਨੇ ਗੁਰੂ ਸਾਹਿਬ ਦੀ ਸਿੱਖੀ ਤੇ ਗੁਰਮਤਿ ਦੇ ਪਵਿੱਤਰ ਸਿਧਾਂਤਾਂ ਨੂੰ ਬਹੁਤ ਹੀ ਚੰਗੀ ਤਰ੍ਹਾਂ ਸੰਭਾਲਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਦੋ ਵਿਸ਼ਾਲ ਨਗਰ ਕੀਰਤਨ ਸਜਾਏ ਜਾਣ ਦਾ ਫੈਸਲਾ ਹੋਇਆ, ਇੱਕ ਗੁਰਦੁਆਰਾ ਸ੍ਰੀ ਧੋਬੜੀ ਸਾਹਿਬ ਤੋਂ ਅਤੇ ਦੂਜਾ ਗੁਰਦੁਆਰਾ ਸ੍ਰੀ ਮਟਨ ਸਾਹਿਬ ਤੋਂ ਜੋ ੧੫ ਨਵੰਬਰ ਨੂੰ ਸਜਾਇਆ ਜਾ ਰਿਹਾ ਹੈ। ਉਨ੍ਹਾਂ ਸਮੂਹ ਸੰਗਤ ਨੂੰ ਇਸ ਨਗਰ ਕੀਰਤਨ ਦੇ ਨਾਲ ਨਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ੨੩ ਤੋਂ ੨੯ ਨਵੰਬਰ ਤੱਕ ਹੋਣ ਵਾਲੇ ਸ਼ਤਾਬਦੀ ਸਮਾਗਮਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪੁਰਾਤਨ ਸਿੱਖਾਂ ਨੇ ਗੁਰੂ ਸਾਹਿਬਾਨ ਤੇ ਗੁਰਮਤਿ ਨੂੰ ਸਮਰਪਣ ਵਾਲੀਆਂ ਸਿੱਖੀ ਦੀਆਂ ਬਹੁਤ ਵਿਸ਼ਾਲ ਪੈੜਾਂ ਛੱਡੀਆਂ ਹਨ ਜਿਨ੍ਹਾਂ ਨੂੰ ਸੰਭਾਲਣ ਦੀ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਤੋਂ ਬਾਅਦ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖਾਂ ਨੂੰ ਖਾਲਸਾ ਪੰਥ ਦੇ ਰੂਪ ਵਿੱਚ ਬਹੁਤ ਹੀ ਮਹਾਨ ਸੰਕਲਪ ਦਿੱਤਾ ਅਤੇ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਨਾਲ ਜੋੜ ਕੇ ਸਾਡਾ ਜੀਵਨ ਸਫ਼ਲ ਕੀਤਾ ਹੈ। ਦਸਮ ਪਾਤਸ਼ਾਹ ਜੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਸਿਧਾਂਤਾਂ ਅਨੁਸਾਰ ਜਾਤ-ਪਾਤ, ਉੱਚ ਨੀਚ ਤੋਂ ਰਹਿਤ ਖ਼ਾਲਸਾ ਸਿਰਜ ਕੇ ਲੋਕਾਈ ਨੂੰ ਬਰਾਬਰੀ ਦਾ ਉਦੇਸ਼ ਬਖਸ਼ਿਸ਼ ਕੀਤਾ। ਉਨ੍ਹਾਂ ਕਿਹਾ ਕਿ ਇਹ ਸ਼ਤਾਬਦੀ ਸਮਾਗਮ ਮਨਾਏ ਜਾਣੇ ਉਦੋਂ ਹੀ ਸਫਲ ਹੁੰਦੇ ਹਨ ਜਦੋਂ ਅਸੀਂ ਗੁਰੂ ਸਿਧਾਂਤ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਨੂੰ ਆਪਣੇ ਜੀਵਨ ਵਿੱਚ ਧਾਰਨ ਕਰੀਏ। ਉਨ੍ਹਾਂ ਸਮਾਗਮਾਂ ਵਿੱਚ ਸਹਿਯੋਗ ਲਈ ਕਸ਼ਮੀਰ ਦੀ ਸਿੱਖ ਸੰਗਤ ਤੇ ਸ੍ਰੀਨਗਰ, ਬਡਗਾਮ ਜ਼ਿਲ੍ਹਾ ਪ੍ਰਬੰਧਕ ਕਮੇਟੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਐਡਵੋਕੇਟ ਧਾਮੀ ਨੇ ਜੰਮੂ ਕਸ਼ਮੀਰ ਦੀ ਸਰਕਾਰ ਤੇ ਲੈਫ਼ਟੀਨੈਂਟ ਗਵਰਨਰ ਸ੍ਰੀ ਮਨੋਜ ਸਿਨਹਾ ਤੇ ਮੁੱਖ ਮੰਤਰੀ ਸ੍ਰੀ ਓਮਰ ਅਬਦੁੱਲਾ ਦਾ ਵੀ ਨਗਰ ਕੀਰਤਨ ਦੇ ਪ੍ਰਬੰਧਾਂ ਲਈ ਸਹਿਯੋਗ ਕਰਨ ਲਈ ਵਿਸ਼ੇਸ਼ ਰੂਪ ਵਿੱਚ ਧੰਨਵਾਦ ਕੀਤਾ।

ਹਾਜ਼ਰ ਸੰਗਤ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜਿਹੜੇ ਉਚੇਚੇ ਸਮਾਗਮ ਉਲੀਕੇ ਹਨ ਇਹ ਬਹੁਤ ਵੱਡੇ ਹਨ। ਅੱਜ ਦਾ ਸਮਾਗਮ ਬਹੁਤ ਵੱਡਾ ਹੈ ਕਿਉਂਕਿ ਇਹ ਉਸ ਧਰਤੀ ਉੱਤੇ ਕਰਵਾਇਆ ਜਾ ਰਿਹਾ ਹੈ ਜਿੱਥੋਂ ਕਸ਼ਮੀਰੀ ਪੰਡਤ ਸ੍ਰੀ ਗੁਰੂ ਤੇਗ਼ ਬਹਾਦਰ ਜੀ ਕੋਲ ਆਪਣੀ ਅਰਜੋਈ ਲੈ ਕੇ ਗਏ ਸਨ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਜੰਮੂ ਕਸ਼ਮੀਰ ਦੇ ਸਿੱਖ ਅੱਜ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਗੁਰੂ ਪੰਥ ਵੱਲ ਮੁੱਖ ਰੱਖਦੇ ਹਨ। ਉਨ੍ਹਾਂ ਕਸ਼ਮੀਰ ਦੀ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਉਹ ਭਲਕੇ ਅਰੰਭ ਹੋਣ ਵਾਲੇ ਇਤਿਹਾਸਕ ਸ਼ਹੀਦੀ ਨਗਰ ਕੀਰਤਨ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ। ਉਨ੍ਹਾਂ ਕਸ਼ਮੀਰ ਦੇ ਸਿੱਖਾਂ ਨੂੰ ਇੱਕ ਪਰਿਵਾਰ ਵਾਂਗ ਇਕਜੁੱਟ ਰਹਿਣ ਦਾ ਸੰਦੇਸ਼ ਵੀ ਦਿੱਤਾ।

ਜਥੇਦਾਰ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਪਾਤਸ਼ਾਹ ਨੇ ਮਨੁੱਖੀ ਅਧਿਕਾਰਾਂ ਅਤੇ ਧਾਰਮਿਕ ਅਜ਼ਾਦੀ ਲਈ ਸ਼ਹਾਦਤ ਦਿੱਤੀ ਇਹ ਦੁਨੀਆ ਲਈ ਬੇਮਿਸਾਲ ਹੈ। ਗੁਰੂ ਦੇ ਅਨਿੰਨ ਸਿੱਖ

ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਨਾ ਲਾਲਚ ਦੇ ਅੱਗੇ ਝੁਕੇ, ਨਾ ਡਰ ਅੱਗੇ, ਸਗੋਂ ਸ਼ਹਾਦਤ ਵੇਲੇ ਵੀ ਉਨ੍ਹਾਂ ਆਪਣਾ ਮੁੱਖ ਗੁਰੂ ਵੱਲ ਰੱਖਿਆ। ਅੱਜ ਵੀ ਕਸ਼ਮੀਰ ਦੇ ਸਿੱਖ ਗੁਰੂ ਗ੍ਰੰਥ ਤੇ ਗੁਰੂ ਪੰਥ ਵੱਲ ਮੁੱਖ ਰੱਖ ਕੇ ਬੈਠੇ ਹਨ, ਇਹ ਮਾਣ ਵਾਲੀ ਗੱਲ ਹੈ। ਉਨ੍ਹਾਂ ਗੁਰਦੁਆਰਾ ਮਟਨ ਸਾਹਿਬ ਵਿਖੇ ਜ਼ਮੀਨੀ ਵਿਵਾਦ ਬਾਰੇ ਕਿਹਾ ਕਿ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸਮੇਂ ਸਰਕਾਰ ਦਾ ਫਰਜ਼ ਹੈ ਕਿ ਗੁਰੂ ਘਰ ਦੀ ਸੰਭਾਲ ਕਰੀਏ, ਗੁਰਦੁਆਰਿਆਂ ਦੀ ਅਸਲ ਥਾਂ ਵਾਪਸ ਕਰੀਏ। ਉਨ੍ਹਾਂ ਕਿਹਾ ਕਿ ਜੇ ਅਸੀਂ ਇੱਕਜੁੱਟ ਹੋਈਏ ਤਾਂ ਅਸੀਂ ਤਕੜੇ ਹਾਂ। ਇੱਕ ਪਰਿਵਾਰ ਵਾਂਗ ਰਹੀਏ, ਇੱਕ ਦੂਜੇ ਦਾ ਸਤਿਕਾਰ ਕਰੀਏ ਤੇ ਕਿਸੇ ਕਿਸਮ ਦੇ ਧੱਕੇ ਮੌਕੇ ਇਕੱਠੇ ਖੜ੍ਹੀਏ। ਇਹ ਉਹੀ ਕਸ਼ਮੀਰ ਦੀ ਧਰਤੀ ਹੈ ਜਿੱਥੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਤੇ ਸਰਦਾਰ ਹਰੀ ਸਿੰਘ ਨਲੂਆ ਨੇ ਮਨੁੱਖਤਾ ਦੇ ਦਿਲ ਜਿੱਤੇ। ਆਪਾਂ ਵੀ ਨੇਕ ਕਾਰਜ ਕਰੀਏ ਤੇ ਲੋਕਾਂ ਦੇ ਦਿਲ ਜਿੱਤਦਿਆਂ 'ਸਰਬੱਤ ਦਾ ਭਲਾ' ਕਰੀਏ। ਇਹੀ ਗੁਰੂ ਦੀ ਰਜ਼ਾ ਹੈ।"

ਇਸ ਮੌਕੇ ਜੰਮੂ ਕਸ਼ਮੀਰ ਦੇ ਸਿੱਖ ਭਾਈਚਾਰੇ ਨਾਲ ਸਬੰਧਤ ਮਾਮਲਿਆਂ ਵਿਚ ਸਹਿਯੋਗ ਕਰਨ ਵਾਲੇ ਆਈਏਐਸ ਡਾ. ਸਹਿਰਿਸ ਅਸਗਰ ਤੇ ਡਾ. ਅਬੀਦ ਰਾਸਿਦ ਅਤੇ ਸ. ਰਵਿੰਦਰਪਾਲ ਸਿੰਘ ਐਸ ਐਸ ਪੀ ਟ੍ਰੈਫਿਕ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਬੀਬੀ ਹਰਜਿੰਦਰ ਕੌਰ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਗੁਰਨਾਮ ਸਿੰਘ, ਸ. ਸੁਖਬੀਰ ਸਿੰਘ, ਸੁਪਰਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਜਗਦੀਸ਼ ਸਿੰਘ ਬੁੱਟਰ ਚੀਫ ਏਪ, ਸ. ਜਸਕਰਨ ਸਿੰਘ, ਸ. ਗੁਰਜੀਤ ਸਿੰਘ ਪ੍ਰਧਾਨ ਜਿਲ੍ਹਾ ਗੁਰਦੁਆਰਾ ਕਮੇਟੀ ਬੜਗਾਮ, ਸ. ਗੁਰਮੀਤ ਸਿੰਘ ਬਾਲੀ ਜਨਰਲ ਸਕੱਤਰ ਜਿਲ੍ਹਾ ਗੁਰਦੁਆਰਾ ਕਮੇਟੀ ਸ੍ਰੀਨਗਰ, ਸ. ਜਸਪਾਲ ਸਿੰਘ ਪ੍ਰਧਾਨ ਜਿਲ੍ਹਾ ਗੁਰਦੁਆਰਾ ਕਮੇਟੀ ਸ੍ਰੀ ਨਗਰ, ਸ. ਗੁਰਮੀਤ ਸਿੰਘ ਮੀਤ ਪ੍ਰਧਾਨ ਜਿਲ੍ਹਾ ਗੁਰਦੁਆਰਾ ਕਮੇਟੀ ਬੜਗਾਮ, ਸ. ਜਸਬੀਰ ਸਿੰਘ ਕੋਆਰਡੀਨੇਟਰ ਜਿਲ੍ਹਾ ਗੁਰਦੁਆਰਾ ਕਮੇਟੀ ਸ੍ਰੀ ਨਗਰ, ਸੁਖਬੀਰ ਸਿੰਘ ਮੈਂਬਰ ਸ. ਅਮਰਜੀਤ ਸਿੰਘ ਮੀਤ ਪ੍ਰਧਾਨ ਸ. ਪਰਮਜੀਤ ਸਿੰਘ ਖਜਾਨਚੀ ਲਖਵਿੰਦਰ ਸਿੰਘ ਖਜਾਨਚੀ, ਸ. ਪਰਮਜੀਤ ਸਿੰਘ ਪ੍ਰਧਾਨ ਜਿਲ੍ਹਾ ਗੁਰਦੁਆਰਾ ਕਮੇਟੀ ਬਾਰਾਮੂਲਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ੧੪ ਨਵੰਬਰ

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਮਟਨ ਸਾਹਿਬ ਕਸ਼ਮੀਰ ਤੋਂ ਖ਼ਾਲਸਾਈ ਜਾਹੋ ਜਲਾਲ ਨਾਲ ਆਰੰਭ ਹੋਇਆ ਵਿਸ਼ਾਲ ਨਗਰ ਕੀਰਤਨ

ਆਰੰਭਤਾ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਗਿਆਨੀ ਟੇਕ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਰਹੀਆਂ ਹਾਜ਼ਰ

ਅਨੰਤਨਾਗ/ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੂਸਰਾ ਇਤਿਹਾਸਕ ਨਗਰ ਕੀਰਤਨ ਅੱਜ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਮਟਨ ਸਾਹਿਬ (ਕਸ਼ਮੀਰ) ਤੋਂ ਵੱਡੀ ਗਿਣਤੀ ਸੰਗਤਾਂ ਦੀ ਹਾਜ਼ਰੀ ਵਿੱਚ ਖਾਲਸਾਈ ਜਾਹੋਜਲਾਲ ਨਾਲ

ਆਰੰਭ ਕੀਤਾ ਗਿਆ। ਇਹ ਪੁਕਾਰ ਦਿਵਸ ਨਗਰ ਕੀਰਤਨ ਪੰਡਿਤ ਕਿਰਪਾ ਰਾਮ ਜੀ ਦੇ ਕਸ਼ਮੀਰੀ ਪੰਡਿਤਾਂ ਸਮੇਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਪਾਸ ਜਾ ਕੇ ਧਰਮ ਦੀ ਰੱਖਿਆ ਲਈ ਕੀਤੀ ਪੁਕਾਰ ਦੀ ਯਾਦ ਵਿੱਚ ਸਜਾਇਆ ਗਿਆ ਹੈ। ਇਸ ਤੋਂ ਪਹਿਲਾਂ ਇੱਕ ਨਗਰ ਕੀਰਤਨ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ ਵੀ ਸਜਾਇਆ ਗਿਆ ਹੈ।

ਗੁਰਦੁਆਰਾ ਮਟਨ ਸਾਹਿਬ ਤੋਂ ਨਗਰ ਕੀਰਤਨ ਦੀ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਬੀਬੀ ਹਰਜਿੰਦਰ ਕੌਰ ਤੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ ਸਮੇਤ ਪ੍ਰਮੁੱਖ ਸਖਸ਼ੀਅਤਾਂ ਨੇ ਸ਼ਮੂਲੀਅਤ ਕੀਤੀ।

ਆਰੰਭਤਾ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਜਿਸ ਮਗਰੋਂ ਹਜੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਮਹੰਤ ਮਨਜੀਤ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਲਿਆ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਧਰਮ ਦੀ ਵਿਲੱਖਣਤਾ ਹੈ ਕਿ ਆਪਣੇ ਗੁਰੂ ਸਾਹਿਬਾਨ ਦੇ ਨਾਲ ਨਾਲ ਇਤਿਹਾਸ ਦੇ ਪਾਤਰ ਸਿੱਖ ਸੇਵਕਾਂ ਨੂੰ ਵੀ ਯਾਦ ਰੱਖਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪੰਡਿਤ ਕਿਰਪਾ ਰਾਮ ਜੀ ਕਸ਼ਮੀਰੀ ਪੰਡਿਤਾਂ ਨਾਲ ਫਰਿਆਦ ਲੈ ਕੇ ਗੁਰੂ ਤੇਗ ਬਹਾਦਰ ਜੀ ਪਾਸ ਗਏ ਸਨ ਅਤੇ ਗੁਰੂ ਜੀ ਨੇ ਧਰਮ ਦੀ ਰੱਖਿਆ ਅਤੇ ਧਾਰਮਿਕ ਅਜ਼ਾਦੀ ਲਈ ਆਪਣੀ ਸ਼ਹਾਦਤ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਦੂਸਰਿਆਂ ਦੇ ਧਰਮ ਦੀ ਰੱਖਿਆ ਲਈ ਸ਼ਹਾਦਤ ਦੇ ਕੇ ਆਪਸੀ ਭਾਈਚਾਰਕ ਸਾਂਝ ਦਾ ਜੋਂ ਸੁਨੇਹਾ ਦਿੱਤਾ ਉਸ ਨੂੰ ਮਜ਼ਬੂਤ ਕਰਨਾ ਸਾਡਾ ਫਰਜ਼ ਹੈ। ਗੁਰਦੁਆਰਾ ਮਟਨ ਸਾਹਿਬ ਨਾਲ ਸਬੰਧਤ ਮਾਮਲੇ ਬਾਰੇ ਐਡਵੋਕੇਟ ਧਾਮੀ ਨੇ ਸਾਰੀਆਂ ਧਿਰਾਂ ਨੂੰ ਮਿਲ ਬੈਠ ਕੇ ਹੱਲ ਕਰਨ ਦੀ ਅਪੀਲ ਕੀਤੀ।

ਸ਼ਤਾਬਦੀ ਸਮਾਗਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਦੇ ਸੰਕਲਪ ਦਾ ਸੁਨੇਹਾ ਘਰ ਘਰ ਤੱਕ ਪਹੁੰਚਣ ਲਈ ਨਗਰ ਕੀਰਤਨ ਸਜਾਏ ਗਏ ਹਨ, ਜਿਸ ਪ੍ਰਤੀ ਸੰਗਤਾਂ ਦਾ ਉਤਸ਼ਾਹ ਇਸ ਦੀ ਸਫਲਤਾ ਨੂੰ ਬਿਆਨ ਕਰਦਾ ਹੈ। ਉਨ੍ਹਾਂ ਕਿਹਾ ਕਿ ਹਰ ਧਰਮ ਦੇ ਲੋਕ ਇਸ ਵਿਚ ਸਾਮਲ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰ ਰਹੇ ਹਨ। ਉਨ੍ਹਾਂ ਸੰਗਤਾਂ ਨੂੰ ੨੩ ਤੋਂ ੨੯ ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸ਼ਤਾਬਦੀ ਸਮਾਗਮਾਂ ਵਿੱਚ ਸ਼ਾਮਲ ਹੋਣ ਦੀ ਵੀ ਅਪੀਲ ਕੀਤੀ।

ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਡਿਤ ਕਿਰਪਾ ਰਾਮ ਇਤਿਹਾਸ ਦਾ ਉਹ ਪਾਤਰ ਹੈ, ਜਿਸ ਨੇ ਔਰੰਗਜ਼ੇਬ ਵੱਲੋਂ ਜਬਰੀ ਜਨੇਊ ਉਤਾਰਨ ਤੇ ਗੁਰੂ ਤੇਗ ਬਹਾਦਰ ਜੀ ਦਾ ਆਸਰਾ ਤੱਕਿਆ। ਉਨ੍ਹਾਂ ਕਿਹਾ ਕਿ ਅੱਜ ਜਦੋਂ ਗੁਰੂ ਸਾਹਿਬ ਜੀ ਦੀ ਸ਼ਹਾਦਤ ਦੀ ੩੫੦ ਸਾਲਾ ਸ਼ਤਾਬਦੀ ਮਨਾਈ ਜਾ ਰਹੀ ਹੈ ਤਾਂ ਗੁਰੂ ਘਰ ਪ੍ਰਤੀ ਸ਼ਰਧਾ ਰੱਖਣ ਵਾਲੇ ਪੰਡਿਤ ਕਿਰਪਾ ਰਾਮ ਜੀ ਨੂੰ ਵੀ ਯਾਦ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਇਤਿਹਾਸਕ ਅਸਥਾਨ ਤੋਂ ਨਗਰ ਕੀਰਤਨ ਆਰੰਭ ਕਰਨ ਦਾ ਉਪਰਾਲਾ ਸ਼ਲਾਘਾਯੋਗ ਹੈ, ਜੋ ਸੰਗਤਾਂ ਨੂੰ ਇਤਿਹਾਸ ਨਾਲ ਜੋੜਨ ਲਈ ਸਹਾਈ ਹੋਵੇਗਾ। ਉਨ੍ਹਾਂ ਆਪਸੀ ਭਾਈਚਾਰਕ ਸਾਂਝਾਂ ਦੀ ਮਜ਼ਬੂਤੀ ਲਈ ਮਿਲ ਬੈਠਣ ਦੀ ਪ੍ਰੇਰਨਾ ਵੀ ਕੀਤੀ।

ਇਸ ਮੌਕੇ ਮੰਦਰ ਟਰੱਸਟ ਦੇ ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਨੇ ਕਿਹਾ ਕਿ ਮਟਨ ਦੇ ਹਿੰਦੂ ਸਿੱਖਾਂ ਵਿੱਚ ਭਾਈਚਾਰਕ ਸਾਂਝਾਂ ਹਨ ਅਤੇ ਉਹ ਇਕ ਦੂਜੇ ਦੇ ਸਹਿਯੋਗ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।

ਇਸ ਮੌਕੇ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਮਟਨ ਸਾਹਿਬ ਤੋਂ ਜੰਮੂ ਨੂੰ ਜਾਂਦਿਆਂ ਰਸਤੇ ਵਿਚ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।ਰਸਤੇ ਵਿਚ ਰਾਮਬਣ ਵਿਖੇ ਹਿੰਦੂ ਭਾਈਚਾਰੇ ਵੱਲੋਂ ਸੰਗਤਾਂ ਲਈ ਲੰਗਰ ਦਾ ਪ੍ਰਬੰਧ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਗੁਰਨਾਮ ਸਿੰਘ, ਸ. ਸੁਖਬੀਰ ਸਿੰਘ, ਸੁਪਰਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਜਗਦੀਸ਼ ਸਿੰਘ ਬੁੱਟਰ ਚੀਫ ਏਪ, ਸ. ਜਸਕਰਨ ਸਿੰਘ, ਮਹੰਤ ਮਨਜੀਤ ਸਿੰਘ, ਸ. ਗੁਰਜੀਤ ਸਿੰਘ ਪ੍ਰਧਾਨ ਜਿਲ੍ਹਾ ਗੁਰਦੁਆਰਾ ਕਮੇਟੀ ਬੜਗਾਮ, ਸ. ਗੁਰਮੀਤ ਸਿੰਘ ਬਾਲੀ ਜਨਰਲ ਸਕੱਤਰ ਜਿਲ੍ਹਾ ਗੁਰਦੁਆਰਾ ਕਮੇਟੀ ਸ਼੍ਰੀਨਗਰ, ਸ. ਜਸਪਾਲ ਸਿੰਘ ਪ੍ਰਧਾਨ ਜਿਲ੍ਹਾ ਗੁਰਦੁਆਰਾ ਕਮੇਟੀ ਸ੍ਰੀ ਨਗਰ, ਸ. ਗੁਰਮੀਤ ਸਿੰਘ ਮੀਤ ਪ੍ਰਧਾਨ ਜਿਲ੍ਹਾ ਗੁਰਦੁਆਰਾ ਕਮੇਟੀ ਬੜਗਾਮ, ਸ. ਜਸਬੀਰ ਸਿੰਘ ਕੋਆਰਡੀਨੇਟਰ ਜਿਲ੍ਹਾ ਗੁਰਦੁਆਰਾ ਕਮੇਟੀ ਸ੍ਰੀ ਨਗਰ, ਸੁਖਬੀਰ ਸਿੰਘ ਮੈਂਬਰ ਸ. ਅਮਰਜੀਤ ਸਿੰਘ ਮੀਤ ਪ੍ਰਧਾਨ ਸ. ਪਰਮਜੀਤ ਸਿੰਘ ਖਜਾਨਚੀ ਲਖਵਿੰਦਰ ਸਿੰਘ ਖਜਾਨਚੀ, ਸ. ਪਰਮਜੀਤ ਸਿੰਘ ਪ੍ਰਧਾਨ ਜਿਲ੍ਹਾ ਗੁਰਦੁਆਰਾ ਕਮੇਟੀ ਬਾਰਾਮੂਲਾ, ਸ. ਨਾਨਕ ਸਿੰਘ ਪ੍ਰਧਾਨ, ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ ਦੇ ਚੇਅਰਮੈਨ ਸ. ਅਜੀਤ ਸਿੰਘ, ਸ. ਦਰਬਾਰਾ ਸਿੰਘ ਪ੍ਰਧਾਨ ਜਿਲ੍ਹਾ ਕਮੇਟੀ, ਸ. ਕੁਲਵੰਤ ਸਿੰਘ ਜਿਲ੍ਹਾ ਕਮੇਟੀ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਹਰਭਿੰਦਰ ਸਿੰਘ, ਕੋਆਰਡੀਨੇਟਰ ਭਾਈ ਜਗਤਾਰ ਸਿੰਘ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਭੁਪਿੰਦਰ ਸਿੰਘ ਬੁੱਟਰ, ਮੋਹਨ ਸਿੰਘ, ਗੁਰਸੰਜੋਗਤ ਸਿੰਘ, ਸ. ਨਿਰਮਲ ਸਿੰਘ, ਸ. ਸਰਬਜੀਤ ਸਿੰਘ ਰਮਦਾਸ, ਸ. ਚਿਤਵੰਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ੧੫ ਨਵੰਬਰ

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮਨਾਇਆ ਗਿਆ ਸ਼੍ਰੋਮਣੀ ਕਮੇਟੀ ਦਾ ਸਥਾਪਨਾ ਦਿਵਸ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਥਾਪਨਾ ਦਿਵਸ ਸ੍ਰੀ ਦਰਬਾਰ ਸਾਹਿਬ ਸਮੂਹ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਨਾਮ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ। ਸੰਗਤਾਂ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਕੇਵਲ ਸਿੰਘ ਨੇ ਸਰਵਣ ਕਰਵਾਇਆ।

ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਵਿਚਾਰ ਕਰਦਿਆਂ ਕਿਹਾ ਕਿ ਸਾਡੇ ਪੁਰਖਿਆਂ ਦੀਆਂ ਕੁਰਬਾਨੀਆਂ ਨਾਲ ਹੋਂਦ ਵਿੱਚ ਆਈ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨੇ ਹਮੇਸ਼ਾਂ ਹੀ ਸਮਾਜਿਕ ਕਾਰਜਾਂ ਲਈ ਮੋਹਰੀ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਇਸ ਸਿੱਖ ਸੰਸਥਾ ਨੇ ਹਮੇਸ਼ਾਂ ਹੀ ਬਿਨ੍ਹਾਂ ਕਿਸੇ ਵਿਤਕਰੇ ਦੇ ਮਨੁੱਖਤਾ ਦੀ ਸੇਵਾ ਕੀਤੀ ਅਤੇ ਲਗਾਤਾਰ ਕਰ ਰਹੀ ਹੈ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਦੁਨੀਆਂ ਅੰਦਰ ਬਹੁਤ

ਸਾਰੇ ਧਰਮ ਹਨ ਪਰ ਕਿਸੇ ਵੀ ਧਰਮ ਕੋਲ ਸ਼੍ਰੋਮਣੀ ਕਮੇਟੀ ਅਜਿਹੀ ਚੁਣੀ ਹੋਈ ਧਾਰਮਿਕ ਸੰਸਥਾ ਨਹੀਂ। ਉਨ੍ਹਾਂ ਕਿਹਾ ਕਿ ਪੰਥ ਦੀ ਇਸ ਨੌਮਾਇੰਦਾ ਧਾਰਮਿਕ ਸੰਸਥਾ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਯਤਨ ਕਰਦਿਆਂ ਸੰਸਥਾ ਨੂੰ ਢਾਹ ਲਾਉਣ ਵਾਲੀਆਂ ਤਾਕਤਾਂ ਨੂੰ ਮੂੰਹ ਤੋੜ ਜਵਾਬ ਦੇਣਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਦਿਵਸ ਦੀ ਸਮੂਹ ਸੰਗਤਾਂ ਨੂੰ ਵਧਾਈ ਵੀ ਦਿੱਤੀ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ, ਸ. ਬਿਜੈ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸੁਪਰਡੈਂਟ ਸ. ਨਿਸ਼ਾਨ ਸਿੰਘ, ਵਧੀਕ ਮੈਨੇਜਰ ਸ. ਸਤਨਾਮ ਸਿੰਘ ਝਬਾਲ ਤੇ ਸ. ਜਸਬੀਰ ਸਿੰਘ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਦਿਵਸ ਦੀ ਦਿੱਤੀ ਵਧਾਈ

ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਦਿਵਸ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਿੱਖ ਕੌਮ ਦੀ ਇਸ ਮਾਣਮੱਤੀ ਸੰਸਥਾ ਦੀ ਸਥਾਪਨਾ ਲਈ ਸਿੱਖਾਂ ਨੇ ਲੰਮਾ ਸੰਘਰਸ਼ ਲੜਿਆ। ਉਨ੍ਹਾਂ ਕਿਹਾ ਕਿ ਅਨੇਕਾਂ ਸਿੱਖਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਨਾਲ ਹੋਂਦ ਵਿਚ ਆਈ ਇਸ ਸਿੱਖ ਸੰਸਥਾ ਦਾ ਇਤਿਹਾਸ ਸ਼ਾਨਾਮੱਤਾ ਹੈ। ਸ਼੍ਰੋਮਣੀ ਕਮੇਟੀ ਨੇ ਆਪਣੇ ਇਕ ਸਦੀ ਦੇ ਸਫ਼ਰ ਦੌਰਾਨ ਜਿਥੇ ਗੁਰਦੁਆਰਾ ਸਾਹਿਬਾਨ ਦੇ ਬੇਹਤਰ ਪ੍ਰਬੰਧਾਂ ਲਈ ਜ਼ੁੰਮੇਵਾਰੀ ਨਿਭਾਈ ਉਥੇ ਧਰਮ ਦੇ ਪ੍ਰਚਾਰ ਪ੍ਰਸਾਰ ਦੇ ਨਾਲ-ਨਾਲ ਸਿੱਖਿਆ ਅਤੇ ਮੈਡੀਕਲ ਸੇਵਾਵਾਂ ਵਿਚ ਵੀ ਜ਼ਿਕਰਯੋਗ ਕਾਰਜ ਕੀਤੇ। ਉਨ੍ਹਾਂ ਕਿਹਾ ਕਿ ਕੁਦਰਤੀ ਆਫ਼ਤਾਂ ਸਮੇਂ ਵੀ ਸ਼੍ਰੋਮਣੀ ਕਮੇਟੀ ਗੁਰੂ ਸਾਹਿਬ ਵੱਲੋਂ ਬਖਸ਼ੇ ਸਿਧਾਂਤ ਅਨੁਸਾਰ ਹਮੇਸ਼ਾ ਮੋਹਰੀ ਹੋ ਕੇ ਕਾਰਜ਼ ਕਰਦੀ ਰਹੀ ਹੈ। ਉਨ੍ਹਾਂ ਸਮੂਹ ਸਿੱਖ ਪੰਥ ਨੂੰ ਆਪਣੀ ਇਸ ਮਹਾਨ ਸੰਸਥਾ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਯਤਨ ਕਰਨ ਦੀ ਅਪੀਲ ਵੀ ਕੀਤੀ। ੧੫ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਮੋਂ ਸਾਹਿਬ ਫਿਲੌਰ ਤੋਂ ਆਲਮਗੀਰ ਲੁਧਿਆਣਾ ਲਈ ਰਵਾਨਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਮੋਂ ਸਾਹਿਬ ਫਿਲੌਰ ਤੋਂ ਅਗਲੇ ਪੜਾਅ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ, ਆਲਮਗੀਰ ਲੁਧਿਆਣਾ ਲਈ ਰਵਾਨਾ ਹੋਇਆ।

ਇਸ ਮੌਕੇ ਗੁਰਦੁਆਰਾ ਮੋਂ ਸਾਹਿਬ ਫਿਲੌਰ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ.

ਕੁਲਵੰਤ ਸਿੰਘ ਮੰਨਣ ਨੇ ਨਿਭਾਈ। ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਸੰਗਤਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ।ਇਸ ਦੌਰਾਨ ਵੱਖ ਵੱਖ ਸਕੂਲਾਂ ਦੇ ਬੱਚਿਆਂ ਨੇ ਵੀ ਸ਼ਮੂਲੀਅਤ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਇੰਚਾਰਜ ਸ. ਹਰਜਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸੁਪਰਵਾਈਜ਼ਰ ਸ. ਲਾਲ ਸਿੰਘ, ਸ. ਸੁਖਰਾਜ ਸਿੰਘ ਤੇ ਸ. ਗੁਰਮੀਤ ਸਿੰਘ, ਗੁ: ਇੰਸਪੈਕਟਰ ਸ. ਰਣਜੀਤ ਸਿੰਘ, ਸ. ਸ਼ਰਨਜੀਤ ਸਿੰਘ ਤੇ ਸ. ਮਲਕੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੫ ਨਵੰਬਰ

ਗੁਰਦੁਆਰਾ ਮਟਨ ਸਾਹਿਬ ਤੋਂ ਆਰੰਭ ਹੋਇਆ ਨਗਰ ਕੀਰਤਨ ਦੂਸਰੇ ਦਿਨ ਜੰਮੂ ਤੋਂ ਅਗਲੇ ਪੜਾਅ ਲਈ ਰਵਾਨਾ

ਜੰਮੂ ਕਸ਼ਮੀਰ ਦੇ ਗਵਰਨਰ ਨੇ ਨਗਰ ਕੀਰਤਨ ਵਿੱਚ ਸ਼ਾਮਲ ਹੋ ਕੇ ਗੁਰੂ ਸਾਹਿਬ ਨੂੰ ਕੀਤਾ ਸਤਿਕਾਰ ਭੇਟ

ਧਰਮ ਦੀ ਰੱਖਿਆ ਲਈ ਗੁਰੂ ਸਾਹਿਬ ਵੱਲੋਂ ਦਿੱਤੀ ਸ਼ਹਾਦਤ ਵਰਗੀ ਮਿਸਾਲ ਦੁਨੀਆਂ ਦੇ ਇਤਿਹਾਸ ਚ ਨਹੀਂ ਮਿਲਦੀ- ਗਵਰਨਰ

ਜੰਮੂ/ਅੰਮ੍ਰਿਤਸਰ- ਗੁਰਦੁਆਰਾ ਮਟਨ ਸਾਹਿਬ ਤੋਂ ਬੀਤੇ ਦਿਨ ਆਰੰਭ ਹੋਇਆ ਨਗਰ ਕੀਰਤਨ ਅੱਜ ਦੂਸਰੇ ਦਿਨ ਡਿਗੀਆਨਾ ਆਸ਼ਰਮ ਜੰਮੂ ਤੋਂ ਅਗਲੇ ਪੜਾਅ ਲਈ ਰਵਾਨਾ ਹੋਇਆ। ਇਸ ਮੌਕੇ ਜੰਮੂ ਕਸ਼ਮੀਰ ਦੇ ਲੈਫਟੀਨੈਂਟ ਗਵਰਨਰ ਸ੍ਰੀ ਮਨੋਜ ਸਿਨਹਾ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਜੰਮੂ ਕਸ਼ਮੀਰ ਦੇ ਲੈਫਟੀਨੈਂਟ ਗਵਰਨਰ ਸ੍ਰੀ ਮਨੋਜ ਸਿਨਹਾ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ ਸ. ਸੁਖਵਰਸ ਸਿੰਘ ਪੰਨੂ ਅਤੇ ਮਹੰਤ ਮਨਜੀਤ ਸਿੰਘ ਨੇ ਸਨਮਾਨਿਤ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਸ਼ਹਾਦਤ ਦੇ ਕੇ ਹਿੰਦੁਸਤਾਨ ਦੇ ਲੋਕਾਂ ਨੂੰ ਧਾਰਮਿਕ ਅਜ਼ਾਦੀ ਨਾਲ ਜੀਉਣ ਦਾ ਹੱਕ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਗੁਰੂ ਸਾਹਿਬ ਦੇ ਉਪਕਾਰਾਂ ਨੂੰ ਯਾਦ ਕਰਨਾ ਹਰ ਸਿੱਖ ਦਾ ਫਰਜ਼ ਹੈ। ਉਨ੍ਹਾਂ ਇਸ ਇਤਿਹਾਸਕ ਨਗਰ ਕੀਰਤਨ ਦੇ ਪ੍ਰਬੰਧਾਂ ਲਈ ਜੰਮੂ ਕਸ਼ਮੀਰ ਦੇ ਗਵਰਨਰ, ਸਰਕਾਰ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਜੰਮੂ ਕਸ਼ਮੀਰ ਦੇ ਲੈਫਟੀਨੈਂਟ ਗਵਰਨਰ ਸ੍ਰੀ ਮਨੋਜ ਸਿਨਹਾ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਆਪਣੇ ਸੰਬੋਧਨ ਵਿਚ ਆਖਿਆ ਕਿ ਸਿੱਖ ਗੁਰੂ ਸਾਹਿਬਾਨ ਨੇ ਜੁਲਮ ਵਿਰੁੱਧ ਸ਼ਹਾਦਤ ਦੇ ਕੇ ਮਜ਼ਲੂਮਾਂ ਦੀ ਰੱਖਿਆ ਕੀਤੀ। ਉਨ੍ਹਾਂ ਕਿਹਾ ਕਿ ਜਦੋਂ ਮੁਗਲ ਹਾਕਮਾਂ ਵੱਲੋਂ ਕਸ਼ਮੀਰ ਦੇ ਹਿੰਦੂਆਂ ਦਾ ਜਬਰੀ ਧਰਮ ਪਰਿਵਰਤਨ ਕਰਵਾਇਆ ਜਾ ਰਿਹਾ ਸੀ ਤਾਂ ਪੰਡਿਤ ਕਿਰਪਾ ਰਾਮ ਜੀ ਦੀ ਅਗਵਾਈ ਹੇਠ ਕਸ਼ਮੀਰੀ ਪੰਡਿਤਾਂ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂ ਤੇਗ ਬਹਾਦਰ ਜੀ ਪਾਸ ਫਰਿਆਦ ਕੀਤੀ।

ਜਿਸ ਤੇ ਨੌਵੇਂ ਪਾਤਸ਼ਾਹ ਜੀ ਨੇ ਜੁਲਮ ਖਿਲਾਫ ਆਪਣੀ ਸ਼ਹਾਦਤ ਦੇ ਕੇ ਧਰਮ ਦੀ ਰੱਖਿਆ ਕੀਤੀ। ਉਨ੍ਹਾਂ ਕਿਹਾ ਕਿ ਦੁਨੀਆਂ ਦੇ ਇਤਿਹਾਸ ਅੰਦਰ ਅਜਿਹੀ ਮਿਸਾਲ ਨਹੀਂ ਮਿਲਦੀ ਕਿ ਕਿਸੇ ਦੇ ਧਰਮ ਦੀ ਰਖਵਾਲੀ ਲਈ ਸ਼ਹਾਦਤ ਦਿੱਤੀ ਹੋਵੇ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਦਿਹਾੜੇ ਨੂੰ ਸਮਰਪਿਤ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਕੀਤੇ ਜਾ ਰਹੇ ਸਮਾਗਮ ਗੁਰੂ ਸਾਹਿਬ ਦੀ ਸ਼ਹਾਦਤ ਦੇ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਸਹਾਈ ਹੋਣਗੇ। ਉਨ੍ਹਾਂ ਕਿਹਾ ਕਿ ਉਹ ਆਪਣਾ ਸੁਭਾਗ ਸਮਝਦੇ ਹਨ ਕਿ ਉਨ੍ਹਾਂ ਨੂੰ ਇਸ ਮਹਾਨ ਨਗਰ ਕੀਰਤਨ ਮੌਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਦੇਸ਼ ਵਾਸੀਆਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਜੀਵਨ ਬਤੀਤ ਕਰਨ ਦੀ ਅਪੀਲ ਕੀਤੀ।

ਇਸ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਨਗਰ ਕੀਰਤਨ ਦੀ ਆਰੰਭਤਾ ਦੀ ਅਰਦਾਸ ਮਹੰਤ ਮਨਜੀਤ ਸਿੰਘ ਨੇ ਕੀਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿੱਚ ਸ਼ਸ਼ੋਭਿਤ ਕਰਨ ਦੀ ਸੇਵਾ ਜਥੇਦਾਰ ਗਿਆਨੀ ਟੇਕ ਸਿੰਘ ਨੇ ਨਿਭਾਈ। ਜੰਮੂ ਤੋਂ ਨਗਰ ਕੀਰਤਨ ਦੀ ਰਵਾਨਗੀ ਮੌਕੇ ਸੰਗਤਾਂ ਦੀ ਵੱਡੀ ਗਿਣਤੀ ਵਿਚ ਹਾਜ਼ਰੀ ਅਲੌਕਿਕ ਦ੍ਰਿਸ਼ ਸਿਰਜ ਰਹੀ ਸੀ। ਜੰਮੂ ਤੋਂ ਪਠਾਨਕੋਟ ਜਾਂਦਿਆਂ ਰਸਤੇ ਵਿੱਚ ਵੱਖ ਵੱਖ ਪੜਾਵਾਂ ਤੇ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਸੁਖਵਰਸ ਸਿੰਘ ਪੰਨੂ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਸੁਖਬੀਰ ਸਿੰਘ, ਸੁਪਰਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਜਗਦੀਸ਼ ਸਿੰਘ ਬੁੱਟਰ ਚੀਫ ਏ.ਪੀ.ਆਰ.ਓ, ਮਹੰਤ ਮਨਜੀਤ ਸਿੰਘ, ਜੰਮੂ ਕਸ਼ਮੀਰ ਸਿੱਖ ਕੋਆਰਡੀਨੇਸ਼ਨ ਕਮੇਟੀ ਦੇ ਚੇਅਰਮੈਨ ਸ. ਅਜੀਤ ਸਿੰਘ, ਜਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵਿਚੋਂ ਪ੍ਰਧਾਨ ਸ. ਜਸਪਾਲ ਸਿੰਘ ਊਧਮਪੁਰ, ਸ. ਨਰਿੰਦਰ ਸਿੰਘ ਪੁੰਛ, ਸ. ਦਿਦਾਰ ਸਿੰਘ ਰਿਆਸੀ, ਪ੍ਰੋ ਹਰਦਿਆਲ ਸਿੰਘ ਪੋਨੀ, ਸ. ਨਾਨਕ ਸਿੰਘ ਅਨੰਤਨਾਗ, ਸ. ਕੁਲਵੰਤ ਸਿੰਘ ਪੁਲਵਾਮਾ, ਸ. ਦਰਬਾਰੀ ਸਿੰਘ ਕੁਲਗਾਮ, ਹਿੰਦੂ ਭਾਈਚਾਰੇ ਤੋਂ ਸ੍ਰੀ ਰਜੇਸ਼ ਗੁਪਤਾ, ਨਿਧੀ ਡੋਗਰਾ, ਪ੍ਰੀਤੀ ਸਪਰੂ, ਡਵਿਜਨਲ ਕਮਿਸ਼ਨਰ ਜੰਮੂ ਸ੍ਰੀ ਰਮੇਸ਼ ਕੁਮਾਰ, ਆਈਜੀਪੀ ਜੰਮੂ ਸ੍ਰੀ ਬੀਮ ਸੈਨ ਟੂਟੀ, ਸ. ਵਿਕਰਮਜੀਤ ਸਿੰਘ ਆਈਪੀਐਸ, ਸ੍ਰੀ ਰਾਜੇਸ਼ ਕੁਮਾਰ ਮਿਨਹਾਸ ਆਈਏਐਸ, ਸ੍ਰੀ ਸਿਵ ਕੁਮਾਰ ਆਈਪੀਐਸ, ਐਸ ਐਸ ਪੀ ਸ. ਜੋਗਿੰਦਰ ਸਿੰਘ, ਸ੍ਰੀ ਸ਼ਕਤੀ ਕੁਮਾਰ ਪਾਠਕ, ਸ੍ਰੀ ਵਿਵੇਕ ਗੁਪਤਾ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਹਰਭਿੰਦਰ ਸਿੰਘ, ਕੋਆਰਡੀਨੇਟਰ ਭਾਈ ਜਗਤਾਰ ਸਿੰਘ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਭੁਪਿੰਦਰ ਸਿੰਘ ਬੁੱਟਰ, ਮੋਹਨ ਸਿੰਘ, ਗੁਰਸੰਜੋਗਤ ਸਿੰਘ, ਸ. ਨਿਰਮਲ ਸਿੰਘ, ਸ. ਸਰਬਜੀਤ ਸਿੰਘ ਰਮਦਾਸ, ਸ. ਚਿਤਵੰਤ ਸਿੰਘ, ਸ. ਜਗਦੀਪ ਸਿੰਘ ਮਾਛੀਨੰਗਲ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ੧੬ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਆਲਮਗੀਰ ਲੁਧਿਆਣਾ ਤੋਂ ਅਗਲੇ ਪੜਾਅ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦

ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਆਲਮਗੀਰ ਲੁਧਿਆਣਾ ਤੋਂ ਅਗਲੇ ਪੜਾਅ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਲਈ ਰਵਾਨਾ ਹੋਇਆ।

ਇਸ ਮੌਕੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਆਲਮਗੀਰ ਲੁਧਿਆਣਾ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਨਿਭਾਈ। ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਰਸਤੇ ਵਿਚ ਵੱਖ-ਵੱਖ ਪੜਾਵਾਂ ਤੇ ਸੰਗਤਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਇਸ ਦੌਰਾਨ ਵੱਖ ਵੱਖ ਸਕੂਲਾਂ ਦੇ ਬੱਚਿਆਂ ਨੇ ਵੀ ਸ਼ਮੂਲੀਅਤ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਪ੍ਰਿਤਪਾਲ ਸਿੰਘ ਪਾਲੀ, ਸ. ਹਰਪਾਲ ਸਿੰਘ ਜੱਲ੍ਹਾ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਬਲਵਿੰਦਰ ਸਿੰਘ ਬੈਂਸ, ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਇੰਚਾਰਜ ਸ. ਹਰਜਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸੁਪਰਵਾਈਜ਼ਰ ਸ. ਲਾਲ ਸਿੰਘ, ਸ. ਸੁਖਰਾਜ ਸਿੰਘ ਤੇ ਸ. ਗੁਰਮੀਤ ਸਿੰਘ, ਗੁ: ਇੰਸਪੈਕਟਰ ਸ. ਰਣਜੀਤ ਸਿੰਘ, ਸ. ਸ਼ਰਨਜੀਤ ਸਿੰਘ ਤੇ ਸ. ਮਲਕੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੬ ਨਵੰਬਰ

ਐਡਵੋਕੇਟ ਧਾਮੀ ਨੇ ਸਰਕਾਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਆਈਟੀ ਮੁਖੀ ਨੂੰ ਗ੍ਰਿਫ਼ਤਾਰ ਕਰਨ ਦੀ ਕੀਤੀ ਨਿਖੇਧੀ

ਸ੍ਰੀ ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਈਟੀ ਸੈੱਲ ਦੇ ਪ੍ਰਧਾਨ ਸ. ਨਛੱਤਰ ਸਿੰਘ ਦੀ ਬਿਨਾਂ ਕਿਸੇ ਵਜ੍ਹਾ ਦੇ ਕੀਤੀ ਗ੍ਰਿਫ਼ਤਾਰੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸ੍ਰੀ ਭਗਵੰਤ ਮਾਨ ਸਰਕਾਰ ਵੱਲੋਂ ਇਹ ਕਾਰਵਾਈ ਗੈਰ ਇਖਲਾਕੀ ਹੈ। ਇਹ ਸਰਕਾਰ ਦੀ ਅੰਦਰੂਨੀ ਘਬਰਾਹਟ, ਸਿਆਸੀ ਨਿਵਾਣ ਅਤੇ ਵਿਰੋਧੀ ਆਵਾਜ਼ ਤੋਂ ਡਰ ਦਾ ਨਤੀਜਾ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਜਦੋਂ ਕਿਸੇ ਸਰਕਾਰ ਦੇ ਪਾਸ ਲੋਕਾਂ ਲਈ ਕੰਮ ਕਰਨ ਦੀ ਸਮਝ, ਤਾਕਤ ਅਤੇ ਇਮਾਨਦਾਰੀ ਖ਼ਤਮ ਹੋਣ ਲੱਗਦੀ ਹੈ ਤਾਂ ਉਹ ਸਿਆਸੀ ਵਿਰੋਧੀਆਂ ਨੂੰ ਤੰਗ ਕਰਕੇ, ਝੂਠੇ ਕੇਸ ਦਰਜ ਕਰਕੇ ਅਤੇ ਦਬਾਅ ਬਣਾ ਕੇ ਆਪਣੀ ਕਮਜ਼ੋਰੀ ਨੂੰ ਲੁਕਾਉਂਦੀ ਹੈ। ਸ. ਨਛੱਤਰ ਸਿੰਘ ਦੀ ਗ੍ਰਿਫ਼ਤਾਰੀ ਵੀ ਇਸੇ ਨੂੰ ਦਰਸਾਉਂਦੀ ਹੈ। ਇਹ ਕਾਰਵਾਈ ਕਿਸੇ ਇੱਕ ਵਿਅਕਤੀ ਖਿਲਾਫ਼ ਨਹੀਂ, ਸਗੋਂ ਸੂਬੇ ਦੇ ਹਰ ਉਸ ਨੌਜਵਾਨ ਲਈ ਖ਼ਤਰਾ ਹੈ ਜੋ ਸਰਕਾਰ ਨੂੰ ਸਵਾਲ ਕਰਨ ਦੀ ਹਿੰਮਤ ਕਰਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਲੋਕਾਂ ਦੀ ਉਹ ਜਮਾਤ ਹੈ ਜੋ ਹਰ ਹਾਲਤ ਵਿੱਚ ਲੋਕਾਂ ਦੇ ਅਧਿਕਾਰਾਂ ਨਾਲ ਖੜ੍ਹੀ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਜੇ ਮਾਨ ਸਰਕਾਰ ਇਹ ਸਮਝਦੀ ਹੈ ਕਿ ਅਜਿਹੀਆਂ ਕਾਰਵਾਈਆਂ ਨਾਲ ਅਕਾਲੀ ਦਲ ਦੀ ਅਵਾਜ਼ ਨੂੰ ਦਬਾਇਆ ਜਾ ਸਕਦਾ ਹੈ ਤਾਂ ਇਹ ਉਸ ਦੀ ਭੁੱਲ ਹੈ। ਲੋਕਤੰਤਰ ਵਿੱਚ ਦਬਾਅ ਨਾਲ ਨਹੀਂ, ਲੋਕਾਂ ਦੇ ਭਰੋਸੇ ਨਾਲ ਰਾਜ ਚਲਦਾ ਹੈ।

ਐਡਵੋਕੇਟ ਧਾਮੀ ਨੇ ਆਖਿਆ ਕਿ ਇਹ ਵਰਤਾਰਾ ਰਾਜਨੀਤਿਕ ਬੇਇਮਾਨੀ ਦਾ ਸੰਕੇਤ ਹੈ। ਭਗਵੰਤ ਮਾਨ ਸਰਕਾਰ ਨੂੰ ਇਹ ਗੱਲ ਸਮਝਣੀ ਚਾਹੀਦੀ ਹੈ ਕਿ ਪੰਜਾਬ ਦੇ ਲੋਕ ਇਨ੍ਹਾਂ ਤਰ੍ਹਾਂ ਦੇ ਡਰਾਉਣੇ ਹਥਕੰਡਿਆਂ ਨੂੰ ਕਦੇ ਬਰਦਾਸ਼ਤ ਨਹੀਂ ਕਰਨਗੇ। ੧੬ ਨਵੰਬਰ

ਚਿੱਟੀ ਸਿੰਘਪੁਰਾ ਸ੍ਰੀਨਗਰ ਵਿਖੇ ਸਥਾਪਿਤ ਖਾਲਸਾ ਸਕੂਲ ਨੂੰ ਮੁੜ ਚਲਾਉਣ ਲਈ ਯਤਨ ਕੀਤਾ ਜਾਵੇਗਾ –ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਚਿੱਟੀ ਸਿੰਘਪੁਰਾ ਸ੍ਰੀਨਗਰ ਪੁੱਜੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਐਲਾਨ ਕੀਤਾ ਕਿ ਉਹ ਇਥੇ ਸਥਾਪਿਤ ਖਾਲਸਾ ਸਕੂਲ ਨੂੰ ਮੁੜ ਚਲਾਉਣ ਲਈ ਯਤਨ ਕਰਨਗੇ। ਇਹ ਸਕੂਲ ਸੰਨ ੨੦੦੦ ਵਿਚ ਇਸ ਪਿੰਡ ਵਿਚ ਮਾਰ ਦਿੱਤੇ ਗਏ ੩੫ ਸਿੱਖਾਂ ਦੀ ਯਾਦ ਵਿਚ ਸਥਾਪਿਤ ਕੀਤਾ ਗਿਆ ਸੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਨੂੰ ਕਾਰਜਸ਼ੀਲ ਕਰਨ ਲਈ ਇੱਕ ਕਮੇਟੀ ਬਣਾਈ ਜਾਵੇਗੀ ਜੋ ਇਸ ਲਈ ਯੋਜਨਾ ਬਣਾ ਕੇ ਦੇਵੇਗੀ ਤਾਂ ਜੋ ਇਸ 'ਤੇ ਕੰਮ ਕੀਤਾ ਜਾ ਸਕੇ। ਇਹ ਮਾਮਲਾ ਆਉਂਦੀ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿੱਚ ਵਿਚਾਰਿਆ ਜਾਵੇਗਾ।

ਇਸ ਮੌਕੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇਸ਼ ਦੁਨੀਆਂ ਅੰਦਰ ਸਿੱਖਾਂ ਦੀ ਸਾਰ ਲਈ ਕਾਰਜਸ਼ੀਲ ਰਹਿੰਦੀ ਹੈ ਅਤੇ ਚਿੱਟੀ ਸਿੰਘਪੁਰਾ ਵਿਚ ਹੋਏ ਸਿੱਖਾਂ ਦੇ ਕਤਲੇਆਮ ਦੇ ਪੀੜਤ ਪਰਿਵਾਰਾਂ ਦਾ ਦੁੱਖ ਵੰਡਾਉਣਾ ਤੇ ਸਕੂਲ ਸਥਾਪਿਤ ਕਰਨਾ ਕੌਮੀ ਭਾਵਨਾ ਦੀ ਤਰਜਮਾਨੀ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੋਂ ਇਲਾਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਅਤੇ ਸਥਾਨਕ ਸਿੱਖ ਆਗੂ ਮੌਜੂਦ ਸਨ। ੧੬ ਨਵੰਬਰ

ਸਿੱਖ ਭਾਵਨਾਵਾਂ ਦੇ ਮੱਦੇਨਜ਼ਰ ਐਨੀਮੇਸ਼ਨ ਫਿਲਮ 'ਹਿੰਦ ਦੀ ਚਾਦਰ' ਨੂੰ ਰੀਲੀਜ਼ ਨਾ ਕੀਤਾ ਜਾਵੇ-ਸ. ਮੰਨਣ

ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਫਿਲਮ ਜਾਰੀ ਨਾ ਕਰਨ ਸਬੰਧੀ ਕੀਤਾ ਹੈ ਆਦੇਸ਼

ਅੰਮ੍ਰਿਤਸਰ-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ 'ਤੇ ਬਣੀ ਐਨੀਮੇਸ਼ਨ ਫਿਲਮ 'ਹਿੰਦ ਦੀ ਚਾਦਰ' ਜਾਰੀ ਕਰਨ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਫਿਲਮ ਦੇ ਨਿਰਮਾਤਾ ਤੇ ਨਿਰਦੇਸ਼ਕ ਨੂੰ ਕਿਹਾ ਹੈ ਕਿ ਸਿੱਖ ਭਾਵਨਾਵਾਂ ਦੇ ਮੱਦੇਨਜ਼ਰ ਇਸ ਨੂੰ ਜਾਰੀ ਨਾ ਕੀਤਾ ਜਾਵੇ। ਸ. ਮੰਨਣ ਨੇ ਕਿਹਾ ਕਿ ਬਵੇਜਾ ਮੂਵੀ ਪ੍ਰਾਈਵੇਟ ਲਿਮਿ: ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ 'ਤੇ ਬਣਾਈ ਗਈ ਇਸ ਫਿਲਮ ਵਿਚ ਸਿੱਖ

ਸਿਧਾਂਤ, ਇਤਿਹਾਸ ਅਤੇ ਫਿਲਮਾਂਕਣ ਦੇ ਪੱਖ ਤੋਂ ਬਹੁਤ ਸਾਰੀਆਂ ਕਮੀਆਂ ਹਨ, ਜਿਸ ਦੇ ਮੱਦੇਨਜ਼ਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ 'ਤੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੱਤਰ ਭੇਜ ਕੇ ੨੧ ਨਵੰਬਰ ੨੦੨੫ ਨੂੰ ਇਸ ਫਿਲਮ ਨੂੰ ਰੀਲੀਜ਼ ਨਾ ਕਰਨ ਦਾ ਆਦੇਸ਼ ਕੀਤਾ ਹੈ। ਉਨ੍ਹਾਂ ਆਖਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਰੌਸ਼ਨੀ ਵਿਚ ਫਿਲਮ ਚਲਾਉਣ ਦਾ ਫੈਸਲਾ ਵਾਪਿਸ ਲਿਆ ਜਾਵੇ।

ਉਨ੍ਹਾਂ ਕਿਹਾ ਕਿ ਫਿਲਮ ਘੋਖ ਕਮੇਟੀ ਵੱਲੋਂ ਇਸ ਨੂੰ ਵੇਖਣ ਬਾਅਦ ਰੀਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜੀ ਗਈ ਸੀ, ਜਿਸ 'ਤੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਰੋਕ ਸਬੰਧੀ ਪੱਤਰ ਭੇਜਿਆ ਹੈ।

ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਗੁਰੂ ਸਾਹਿਬਾਨ ਨੂੰ ਕਿਸੇ ਵੀ ਤਰ੍ਹਾਂ ਕਲਪਨਾ ਜਾਂ ਐਨੀਮੇਸ਼ਨ ਰਾਹੀਂ ਦਰਸਾਉਣ ਦੀ ਮਨਾਹੀ ਹੈ ਅਤੇ ਅਜਿਹਾ ਕਰਨਾ ਸਿੱਖ ਸਿਧਾਂਤਾਂ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੁਕਮਨਾਮਿਆਂ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਜਦੋਂ ਗੁਰੂ ਸਾਹਿਬਾਨ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਸਬੰਧਤ ਕਿਰਦਾਰ ਨਿਭਾਉਣ 'ਤੇ ਰੋਕ ਹੈ, ਤਾਂ ਫਿਰ ਅਜਿਹੀਆਂ ਫਿਲਮਾਂ ਬਣਾਉਣ ਤੋਂ ਪਹਿਲਾਂ ਹੀ ਸੰਕੋਚ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਨਾਲ-ਨਾਲ ਵਿਵਾਦ ਵੀ ਪੈਦਾ ਕਰਦੀਆਂ ਹਨ।

ਉਨ੍ਹਾਂ ਕਿਹਾ ਕਿ ਜਦੋਂ ਸਿੱਖ ਪੰਥ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮਨਾ ਰਿਹਾ ਹੈ ਤਾਂ ਉਸ ਵੇਲੇ ਸਿੱਖ ਸਿਧਾਂਤਾਂ ਤੋਂ ਪਾਸੇ ਜਾ ਕੇ ਗੁਰੂ ਸਾਹਿਬ ਨਾਲ ਸਬੰਧਤ ਐਨੀਮੇਸ਼ਨ ਫਿਲਮ ਨੂੰ ਜਾਰੀ ਕਰਨਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ। ੧੭ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਰਾਏਕੋਟ ਤੋਂ ਅਗਲੇ ਪੜਾਅ ਗੁਰਦੁਆਰਾ ਬਾਬਾ ਅਜੈਪਾਲ ਸਿੰਘ ਜੀ ਨਾਭਾ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਤੋਂ ਅਗਲੇ ਪੜਾਅ ਗੁਰਦੁਆਰਾ ਬਾਬਾ ਅਜੈਪਾਲ ਸਿੰਘ ਜੀ ਨਾਭਾ ਲਈ ਰਵਾਨਾ ਹੋਇਆ।

ਇਸ ਮੌਕੇ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਨਿਭਾਈ।

ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਰਸਤੇ ਵਿਚ ਵੱਖ-ਵੱਖ ਪੜਾਵਾਂ ਤੇ ਸੰਗਤਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਇਸ ਮੌਕੇ ਪੁਲਿਸ ਪ੍ਰਸ਼ਾਸਨ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਲਾਮੀ

ਦੇ ਕੇ ਸਤਿਕਾਰ ਭੇਟ ਕੀਤਾ ਗਿਆ ਅਤੇ ਵੱਖ ਵੱਖ ਸਕੂਲਾਂ ਦੇ ਬੱਚਿਆਂ ਨੇ ਵੀ ਹਜ਼ਾਰੀ ਭਰ ਕੇ ਸ਼ਰਧਾ ਪ੍ਰਗਟਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਜਗਜੀਤ ਸਿੰਘ ਤਲਵੰਡੀ, ਸ. ਹਰਪਾਲ ਸਿੰਘ ਜੱਲ੍ਹਾ, ਬਾਬਾ ਗੁਰਜੀਤ ਸਿੰਘ ਕਾਰ ਸੇਵਾ ਵਾਲੇ, ਬਾਬਾ ਸਰਬਜੋਤ ਸਿੰਘ ਡਾਂਗੋ, ਹਲਕਾ ਇੰਚਾਰਜ ਸ. ਬਲਵਿੰਦਰ ਸਿੰਘ, ਜ਼ਿਲ੍ਹਾ ਪ੍ਰਧਾਨ (ਦਿਹਾਤੀ) ਸ. ਚੰਦ ਸਿੰਘ, ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਇੰਚਾਰਜ ਡਾ. ਰਾਜਵਿੰਦਰ ਸਿੰਘ ਜੋਗਾ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸੁਪਰਵਾਈਜ਼ਰ ਸ. ਲਾਲ ਸਿੰਘ, ਸ. ਸੁਖਰਾਜ ਸਿੰਘ ਤੇ ਸ. ਗੁਰਮੀਤ ਸਿੰਘ, ਗੁ: ਇੰਸਪੈਕਟਰ ਸ. ਰਣਜੀਤ ਸਿੰਘ, ਸ. ਸ਼ਰਨਜੀਤ ਸਿੰਘ ਤੇ ਸ. ਮਲਕੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੭ ਨਵੰਬਰ

ਗੁਰਦੁਆਰਾ ਮਟਨ ਸਾਹਿਬ ਤੋਂ ਆਰੰਭ ਹੋਇਆ ਨਗਰ ਕੀਰਤਨ ਤੀਸਰੇ ਦਿਨ ਗੁਰਦੁਆਰਾ ਬਾਰਠ ਸਾਹਿਬ ਤੋਂ ਅਗਲੇ ਪੜਾਅ ਲਈ ਰਵਾਨਾ

ਅੰਮ੍ਰਿਤਸਰ- ਗੁਰਦੁਆਰਾ ਮਟਨ ਸਾਹਿਬ ਸ੍ਰੀ ਨਗਰ ਤੋਂ ਆਰੰਭ ਹੋਇਆ ਪੁਕਾਰ ਦਿਵਸ ਨਗਰ ਕੀਰਤਨ ਅੱਜ ਤੀਸਰੇ ਦਿਨ ਗੁਰਦੁਆਰਾ ਸ੍ਰੀ ਬਾਰਠ ਸਾਹਿਬ ਪਠਾਨਕੋਟ ਤੋਂ ਅਗਲੇ ਪੜਾਅ ਗੁਰਦੁਆਰਾ ਤਪ ਅਸਥਾਨ ਬਾਬਾ ਬਲਵੰਤ ਸਿੰਘ ਜੀ ਟਾਂਡਾ ਮੁੜਮੁੜ (ਹੁਸ਼ਿਆਰਪੁਰ) ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਤਾ ਅਤੇ ਕਥਾ ਵਾਚਕਾਂ ਵੱਲੋਂ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ ਗਈ। ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿੱਚ ਸ਼ਸ਼ੋਭਿਤ ਕਰਨ ਦੀ ਸੇਵਾ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਨਿਭਾਈ। ਇਸ ਮੌਕੇ ਵੱਡੀ ਗਿਣਤੀ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਸਤਿਕਾਰ ਭੇਟ ਕੀਤਾ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ ਅਤੇ ਮੈਂਬਰ ਬੀਬੀ ਜਸਬੀਰ ਕੌਰ ਜੱਫਰਵਾਲ ਸਮੇਤ ਪ੍ਰਮੁੱਖ ਸ਼ਖ਼ਸ਼ੀਅਤਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਰਵਾਨਾ ਕੀਤਾ। ਇਹ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਬਾਰਠ ਸਾਹਿਬ ਤੋਂ ਆਰੰਭ ਹੋ ਕੇ ਨੌਸ਼ਹਿਰਾ ਪੱਤਣ, ਪੁਰੀਕਾ ਮੋੜ, ਮੁਕੇਰੀਆ, ਐਮਾਂ ਮਾਂਗਟ, ਉੱਚੀ ਬੱਸੀ, ਗੁਰਦੁਆਰਾ ਸ੍ਰੀ ਟੱਕਰ ਸਾਹਿਬ ਨਾਨਕ ਦਰਬਾਰ, ਦਸੂਹਾ, ਰੰਧਾਵਾ ਅੱਡਾ, ਗੁਰਦੁਆਰਾ ਗਰਨਾ ਸਾਹਿਬ (ਹੁਸ਼ਿਆਰਪੁਰ), ਖੁੱਡਾ, ਕੁਰਾਲਾ, ਗੁਰਦੁਆਰਾ ਤਪ ਅਸਥਾਨ ਬਾਬਾ ਬਲਵੰਤ ਸਿੰਘ ਜੀ ਟਾਂਡਾ ਉੜਮੁੜ (ਹੁਸ਼ਿਆਰਪੁਰ) ਪੁੱਜੇਗਾ, ਜਿਥੋਂ ਭਲਕੇ ੧੮ ਨਵੰਬਰ ਨੂੰ ਸਵੇਰੇ ਇਹ ਨਗਰ ਕੀਰਤਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਨੂੰ ਰਵਾਨਾ ਹੋਵੇਗਾ। ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ ਗਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਬੀਬੀ ਜਸਬੀਰ ਕੌਰ ਜੱਫਰਵਾਲ, ਮੀਤ ਸਕੱਤਰ ਸ. ਸੁਖਬੀਰ ਸਿੰਘ, ਸੁਪਰਡੈਂਟ

ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਜਗਦੀਸ਼ ਸਿੰਘ ਬੁੱਟਰ ਚੀਫ ਏ.ਪ, ਮੈਨੇਜਰ ਸ. ਸਰਬਜੀਤ ਸਿੰਘ, ਸ. ਰਣਜੀਤ ਸਿੰਘ ਕਲਿਆਣਪੁਰ, ਸ. ਸਤਨਾਮ ਸਿੰਘ ਗੋਸਲ, ਸਿੱਖ ਮਿਸ਼ਨ ਦੇ ਇੰਚਾਰਜ ਭਾਈ ਹਰਭਿੰਦਰ ਸਿੰਘ, ਕੋਆਰਡੀਨੇਟਰ ਭਾਈ ਜਗਤਾਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ੧੭ ਨਵੰਬਰ

ਗੁਰਦੁਆਰਾ ਮਟਨ ਸਾਹਿਬ ਤੋਂ ਆਰੰਭ ਹੋਇਆ ਨਗਰ ਕੀਰਤਨ ਟਾਂਡਾ ਹੁਸ਼ਿਆਰਪੁਰ ਤੋਂ ਅਗਲੇ ਪੜਾਅ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ

ਅੰਮ੍ਰਿਤਸਰ- ਗੁਰਦੁਆਰਾ ਮਟਨ ਸਾਹਿਬ ਸ੍ਰੀ ਨਗਰ ਤੋਂ ਆਰੰਭ ਹੋਇਆ ਪੁਕਾਰ ਦਿਵਸ ਨਗਰ ਕੀਰਤਨ ਅੱਜ ਗੁਰਦੁਆਰਾ ਤਪ ਅਸਥਾਨ ਬਾਬਾ ਬਲਵੰਤ ਸਿੰਘ ਜੀ ਟਾਂਡਾ ਉੜਮੁੜ (ਹੁਸ਼ਿਆਰਪੁਰ) ਤੋਂ ਅਗਲੇ ਪੜਾਅ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਤਾ ਅਤੇ ਕਥਾ ਵਾਚਕਾਂ ਵੱਲੋਂ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ ਗਈ। ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿੱਚ ਸ਼ਸ਼ੋਭਿਤ ਕਰਨ ਦੀ ਸੇਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਭਾਈ। ਇਸ ਮੌਕੇ ਵੱਡੀ ਗਿਣਤੀ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਸਤਿਕਾਰ ਭੇਟ ਕੀਤਾ।

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦੀ ਸਾਕੇ ਦੀ ੩ਪ੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਸਜਾਏ ਗਏ ਨਗਰ ਕੀਰਤਨਾਂ ਪ੍ਰਤੀ ਦੇਸ਼ ਦੇ ਇਕ ਕੋਨੇ ਤੋਂ ਦੂਜੇ ਕੋਨੇ ਤੱਕ ਸੰਗਤਾਂ ਨੇ ਵੱਡਾ ਉਤਸ਼ਾਹ ਵਿਖਾਇਆ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਨੇ ਧਰਮ ਦੀ ਅਜ਼ਾਦੀ ਅਤੇ ਦੇਸ਼ ਦੇ ਸੱਭਿਆਚਾਰ ਦੀ ਰਾਖੀ ਲਈ ਆਪਣੀ ਸ਼ਹਾਦਤ ਦਿੱਤੀ। ਉਨ੍ਹਾਂ ਦੀ ਸ਼ਹਾਦਤ ਦੀ ੩ਪ੦ ਸਾਲਾ ਸ਼ਤਾਬਦੀ ਮੌਕੇ ਸਿੱਖ ਕੌਮ ਦੇ ਨਾਲ-ਨਾਲ ਦੂਸਰੇ ਧਰਮਾਂ ਦੇ ਲੋਕਾਂ ਵੱਲੋਂ ਵੀ ਵੱਡੇ ਉਤਸ਼ਾਹ ਨਾਲ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ ਜਾ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਮਟਨ ਸਾਹਿਬ ਸ੍ਰੀ ਨਗਰ ਤੋਂ ਸਜਾਇਆ ਗਿਆ ਨਗਰ ਕੀਰਤਨ ਪੰਡਤ ਕਿਰਪਾ ਰਾਮ ਜੀ ਦੇ ਕਸ਼ਮੀਰੀ ਪੰਡਤਾਂ ਨਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂ ਸਾਹਿਬ ਪਾਸ ਕੀਤੀ ਪੁਕਾਰ ਨੂੰ ਸਮਰਪਤ ਹੈ। ਉਨ੍ਹਾਂ ਸੰਗਤਾਂ ਨੂੰ ੨੧ ਨਵੰਬਰ ਤੋਂ ੨੯ ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸਮਾਗਮਾਂ 'ਚ ਸ਼ਿਰਕਤ ਕਰਨ ਦੀ ਅਪੀਲ ਵੀ ਕੀਤੀ।

ਇਸ ਮੌਕੇ ਗੁਰਦੁਆਰਾ ਤਪ ਅਸਥਾਨ ਬਾਬਾ ਬਲਵੰਤ ਸਿੰਘ ਜੀ ਦੇ ਮੁੱਖ ਸੇਵਾਦਾਰ ਬਾਬਾ ਗੁਰਦਿਆਲ ਸਿੰਘ ਨੇ ਵੀ ਸੰਗਤ ਨਾਲ ਵਿਚਾਰ ਸਾਂਝੇ ਕੀਤੇ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਬਾਬਾ ਗੁਰਦਿਆਲ ਸਿੰਘ ਟਾਂਡਾ ਸਮੇਤ ਪ੍ਰਮੁੱਖ ਸ਼ਖ਼ਸ਼ੀਅਤਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਰਵਾਨਾ ਕੀਤਾ। ਨਗਰ ਕੀਰਤਨ ਦਾ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ ਗਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਮੁੱਖ ਸਕੱਤਰ

ਸ. ਕੁਲਵੰਤ ਸਿੰਘ ਮੰਨਣ, ਮੈਂਬਰ ਜਥੇਦਾਰ ਤਾਰਾ ਸਿੰਘ ਸੱਲ੍ਹਾ, ਜ਼ਿਲ੍ਹਾ ਪ੍ਰਧਾਨ ਸ. ਲਖਵਿੰਦਰ ਸਿੰਘ ਲੱਖੀ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸ. ਰਵਿੰਦਰ ਸਿੰਘ ਰਸੂਲਪੁਰ, ਸਾਬਕਾ ਮੰਤਰੀ ਸ. ਬਲਵੀਰ ਸਿੰਘ ਮਿਆਣੀ, ਬਾਬਾ ਜ਼ੋਰਾਵਰ ਸਿੰਘ, ਸ. ਜਸਵਿੰਦਰ ਸਿੰਘ ਮਾਣਕੂ, ਜਥੇਦਾਰ ਮਨਜੋਤ ਸਿੰਘ, ਐਡਵੋਕੇਟ ਗੁਰਵੀਰ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਸੁਪਰਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਜਗਦੀਸ਼ ਸਿੰਘ ਬੁੱਟਰ ਚੀਫ ਏਪ, ਸੁਪਰਵਾਈਜ਼ਰ ਸ. ਹਰਭਜਨ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ੧੮ ਨਵੰਬਰ

ਗੁਰਦੁਆਰਾ ਡੇਰਾ ਬਾਬਾ ਅਜਾਪਾਲ ਨਾਭਾ ਤੋਂ ਨਗਰ ਕੀਰਤਨ ਅਗਲੇ ਪੜਾਅ ਵੱਲ ਰਵਾਨਾ

ਗੁਰੂ ਸਾਹਿਬ ਦਾ ਜੀਵਨ ਮਾਨਵਤਾ ਦੇ ਕਲਿਆਣਮਈ ਕਾਰਜਾਂ ਲਈ ਪ੍ਰੇਰਿਤ ਕਰਦਾ : ਜਥੇਦਾਰ. ਗੜ੍ਹੀ, ਬੀਬੀ ਖੋਖ

ਗੁਰਦੁਆਰਾ ਪ੍ਰਬੰਧਕਾਂ ਨੇ ਪੁੱਜੇ ਸੰਤ ਮਹਾਂਪੁਰਸ਼ਾਂ ਤੇ ਸ਼ਖ਼ਸੀਅਤਾਂ ਨੂੰ ਕੀਤਾ ਸਨਮਾਨਤ

ਨਾਭਾ/ਪਟਿਆਲਾ– ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਬਾਬਾ ਅਜੈਪਾਲ ਸਿੰਘ ਜੀ ਨਾਭਾ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਦੁਖਨਿਵਾਰਨ ਲਈ ਰਵਾਨਾ ਕੀਤਾ ਗਿਆ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿਚ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਮੁੱਖਵਾਕ ਅਤੇ ਅਰਦਾਸ ਉਪਰੰਤ ਗੁਰੂ ਮਹਾਰਾਜ ਜੀ ਦਾ ਪਾਵਨ ਸਰੂਪ ਅਦਬ ਤੇ ਸਤਿਕਾਰ ਨਾਲ ਗੁਰੂ ਸਾਹਿਬ ਜੀ ਦੀ ਪਾਲਕੀ ਵਿਚ ਸੁਸ਼ੋਭਿਤ ਕੀਤਾ ਗਿਆ। ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਨੇ ਕੀਤੀ ਅਤੇ ਗੱਤਕਾ ਪਾਰਟੀਆਂ ਨੇ ਗੱਤਕੇ ਦੇ ਜੌਹਰ ਵਿਖਾਏ।

ਨਗਰ ਕੀਰਤਨ ਦੀ ਆਰੰਭਤਾ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਬੀਬੀ ਹਰਦੀਪ ਕੌਰ ਖੋਖ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਬਲਤੇਜ ਸਿੰਘ ਖੋਜ, ਜਥੇਦਾਰ ਜਸਮੇਰ ਸਿੰਘ ਲਾਛੜੂ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਰਾਣੀ ਪ੍ਰੀਤੀ ਸਿੰਘ, ਗੁਰਦੁਆਰਾ ਪ੍ਰਬੰਧਕ ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ ਤੋਂ ਇਲਾਵਾ ਪੁੱਜੇ ਸੰਤ ਮਹਾਂਪੁਰਸ਼ਾਂ ਵਿਚ ਬਾਬਾ ਗੁਲਜ਼ਾਰ ਸਿੰਘ ਫਤਿਹਗੜ੍ਹ ਸਾਹਿਬ ਵਾਲੇ, ਬਾਬਾ ਰੌਸ਼ਨ ਸਿੰਘ, ਹਲਕਾ ਇੰਚਾਰਜ ਮੱਖਣ ਸਿੰਘ ਹਲਕਾ ਉਚੇਚੇ ਤੌਰ 'ਤੇ ਸ਼ਾਮਲ ਸਨ।

ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਬੀਬੀ ਹਰਦੀਪ ਕੌਰ ਖੋਖ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਸਮੁੱਚੀ ਲੁਕਾਈ ਲਈ ਮਹਾਨ ਕਾਰਜ ਕੀਤੇ ਅਤੇ ਉਨ੍ਹਾਂ ਦਾ ਜੀਵਨ ਮਾਨਵਤਾ ਦੇ ਕਲਿਆਣਮਈ ਕਾਰਜਾਂ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਫਲਸਫੇ ਨਾਲ ਜੋੜਨ ਲਈ ਸਜਾਇਆ ਨਗਰ ਕੀਰਤਨ ਅੱਜ ਵੱਖ-ਵੱਖ ਸ਼ਹਿਰ ਤੋਂ ਹੁੰਦਾ ਗੁਰੂ ਸਾਹਿਬ ਦੀ ਵਰੋਸਾਈ ਨਗਰ ਸ੍ਰੀ ਆਨੰਦਪੁਰ ਸਾਹਿਬ ਵਿਖੇ ਪੁੱਜੇਗਾ ਅਤੇ ਅਜਿਹਾ ਸੁਨੇਹਾ ਲੋਕਾਈ ਨੂੰ ਦੇ ਰਿਹਾ ਤਾਂ ਜੋ ਸ਼ਬਦ ਗੁਰੂ ਦਾ

ਸਾਰਿਆਂ ਨੂੰ ਆਸਰਾ ਪ੍ਰਾਪਤ ਹੋਵੇ। ਨਗਰ ਕੀਰਤਨ ਦੌਰਾਨ ਪੁੱਜੀਆਂ ਸਖਸ਼ੀਅਤਾਂ ਅਤੇ ਸੰਗਤਾਂ ਦਾ ਜਥੇਦਾਰ ਬਲਤੇਜ ਸਿੰਘ ਖੋਜ ਨੇ ਧੰਨਵਾਦ ਕੀਤਾ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਮੈਨੇਜਰ ਭਾਗ ਸਿੰਘ ਰਾਜਪੁਰਾ, ਮੈਨੇਜਰ ਸੁਰਜੀਤ ਸਿੰਘ, ਸਾਬਕਾ ਚੇਅਰਮੈਨ ਲਖਵੀਰ ਸਿੰਘ ਲੌਂਟ, ਪਰਮਜੀਤ ਸਿੰਘ ਸਹੌਲੀ, ਸਾਬਕਾ ਚੇਅਰਮੈਨ ਗੁਰਦਿਆਲ ਸਿੰਘ ਬਿੱਲੂ, ਐਡਵੋਕੇਟ ਗਿਆਨ ਸਿੰਘ ਮੰਗੋ, ਯੂਥ ਆਗੂ ਜੱਸਾ ਖੋਖ, ਅਬਜਿੰਦਰ ਸਿੰਘ ਨਾਨੋਕੀ, ਬਾਬਾ ਕੁਲਦੀਪ ਸਿੰਘ, ਮੀਤ ਸਕੱਤਰ ਮਨਜੀਤ ਸਿੰਘ ਤਲਵੰਡੀ, ਇੰਚਾਰਜ ਡਾ. ਰਾਜਵਿੰਦਰ ਸਿੰਘ ਜੋਗਾ, ਐਡੀਸ਼ਨਲ ਮੈਨੇਜਰ ਇਕਬਾਲ ਸਿੰਘ, ਪ੍ਰਚਾਰਕ ਹਰਪ੍ਰੀਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਸ਼ਾਮਲ ਸਨ। ੧੮ ਨਵੰਬਰ

ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਤੋਂ ਅਗਲੇ ਪੜਾਅ ਲਈ ਸਜਾਇਆ ਨਗਰ ਕੀਰਤਨ

ਪ੍ਰਧਾਨ ਐਡਵੋਕੇਟ ਧਾਮੀ, ਬੁੱਢਾ ਦਲ ਦੇ ਮੁੱਖੀ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਨੇ ਕੀਤੀ ਸ਼ਮੂਲੀਅਤ

ਸ੍ਰੀ ਆਨੰਦਪੁਰ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ 'ਚ ਸੰਗਤਾਂ ਹੁੰਮ ਹੁੰਮਾ ਕੇ ਪੁੱਜਣ : ਐਡਵੋਕੇਟ ਧਾਮੀ

ਗੁਰੂ ਸਾਹਿਬ ਨੇ ਮਾਨਵੀ ਅਧਿਕਾਰਾਂ ਦੀ ਰਾਖੀ ਲਈ ਆਪਣੀ ਸ਼ਹਾਦਤ ਦਿੱਤੀ : ਐਡਵੋਕੇਟ ਧਾਮੀ

ਪਟਿਆਲਾ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਦੂਖਨਿਵਾਰਨ ਤੋਂ ਅਗਲੇ ਪੜਾਅ ਲਈ ਰਵਾਨਾ ਹੋਇਆ। ਨਗਰ ਕੀਰਤਨ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਧਾਰਮਕ ਸਮਾਗਮ ਕਰਵਾਇਆ ਗਿਆ, ਜਿਥੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਵੱਲੋਂ ਮੁੱਖਵਾਕ ਲਿਆ ਗਿਆ ਅਤੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਵੱਲੋਂ ਕੀਤੀ ਅਰਦਾਸ ਉਪਰੰਤ ਨਗਰ ਕੀਰਤਨ ਦੀ ਆਰੰਭਤਾ ਕੀਤੀ ਗਈ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਨੇ ਗੁਰੂ ਮਹਾਰਾਜ ਜੀ ਦਾ ਪਾਵਨ ਸਰੂਪ ਅਦਬ ਤੇ ਸਤਿਕਾਰ ਨਾਲ ਗੁਰੂ ਸਾਹਿਬ ਜੀ ਦੀ ਪਾਲਕੀ ਵਿਚ ਸੁਸ਼ੋਭਿਤ ਕੀਤਾ ਗਿਆ ਅਤੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਪ੍ਰਧਾਨ ਸਾਹਿਬ ਨੇ ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਵਿਚ ਨਗਰ ਕੀਰਤਨ ਨੂੰ ਅਗਲੇ ਪੜਾਅ ਲਈ ਰਵਾਨਾ ਕੀਤਾ।

ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਅੱਜ ਸਮੁੱਚਾ ਸੰਸਾਰ ਜਗਤ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਤਾਬਦੀ ਨੂੰ ਮਨਾ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਸਾਹਿਬ ਦੀ ਵਰੋਸਾਈ ਪਾਵਨ ਧਰਤੀ 'ਤੇ ੩੫੦ ਸਾਲਾ ਸ਼ਤਾਬਦੀ ਸਮਾਗਮ ਜਾਹੋ ਜਲਾਲ ਨਾਲ ਮਨਾਏ ਜਾ ਰਹੇ ਹਨ, ਜਿਥੇ ਸੰਗਤਾਂ ਨੂੰ ਸ਼ਤਾਬਦੀ ਸਮਾਗਮਾਂ ਵਿਚ ਹੁੰਮ ਹੁੰਮਾ ਕੇ ਪੁੱਜਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮੁੱਚਾ ਜੀਵਨ ਮਾਨਵਤਾ ਦੇ ਕਲਿਆਣਮਈ

ਕਾਰਜਾਂ ਪ੍ਰਤੀ ਕੇਂਦਰਿਤ ਰਿਹਾ ਅਤੇ ਗੁਰੂ ਸਾਹਿਬ ਨੇ ਮਾਨਵੀ ਅਧਿਕਾਰਾਂ ਦੀ ਰਾਖੀ ਲਈ ਆਪਣੀ ਲਾਸਾਨੀ ਸ਼ਹਾਦਤ ਦਿੱਤੀ।

ਨਗਰ ਕੀਰਤਨ ਦੀ ਆਰੰਭਤਾ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ, ਸੰਤ ਮਹਾਂਪੁਰਸ਼ਾਂ 'ਚ ਬਾਬਾ ਮਨਮੋਹਨ ਸਿੰਘ ਬਾਰਨ ਵਾਲੇ, ਬਾਬਾ ਹਰਚਰਨ ਸਿੰਘ ਨਾਨਕਸਰ ਕੁਟੀਆਂ ਵਾਲੇ, ਬਾਬਾ ਨਛੱਤਰ ਸਿੰਘ ਕਾਲੀ ਕੰਬਲੀ ਵਾਲਿਆਂ, ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਹਰਦੀਪ ਕੌਰ ਖੋਖ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਜਥੇਦਾਰ ਸਤਵਿੰਦਰ ਸਿੰਘ ਟੌਹੜਾ, ਜਥੇਦਾਰ ਹਰਪਾਲ ਸਿੰਘ ਜੱਲਾ, ਜਥੇਦਾਰ ਬਲਤੇਜ ਸਿੰਘ ਖੋਖ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਆਦਿ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।

ਇਸ ਦੌਰਾਨ ਪ੍ਰਮੁੱਖ ਸਖਸ਼ੀਅਤਾਂ 'ਚ ਦਰਸ਼ਨ ਸਿੰਘ ਰੱਖੜਾ ਯੂਐਸਏ. ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸਾਬਕਾ ਵਿਧਾਇਕ ਸੁਰਜੀਤ ਸਿੰਘ ਰੱਖੜਾ, ਚਰਨਜੀਤ ਸਿੰਘ ਰੱਖੜਾ, ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਹਲਕਾ ਇੰਚਾਰਜ ਅਮਰਿੰਦਰ ਸੰਘ ਬਜਾਜ, ਭੁਪਿੰਦਰ ਸਿੰਘ ਸ਼ੇਖੂਪੁਰਾ, ਸਾਬਕਾ ਚੇਅਰਮੈਨ ਇੰਦਰਮੋਹਨ ਸਿੰਘ ਬਜਾਜ, ਲਖਵੀਰ ਸਿੰਘ ਲੌਂਟ, ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ, ਸ਼ਹਿਰੀ ਪ੍ਰਧਾਨ ਅਮਿਤ ਰਾਠੀ, ਸੁੱਖਾ ਰੱਖੜਾ, ਹੈਡ ਗ੍ਰੰਥੀ ਭਾਈ ਅਵਤਾਰ ਸਿੰਘ, ਗਿਆਨੀ ਫੂਲਾ ਸਿੰਘ, ਸ੍ਰੀ ਗੁਰੂ ਗ੍ਰੰਥ ਸਾਹਿਬ ਸਿੱਖ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਡਾ. ਪਰਮਵੀਰ ਸਿੰਘ, ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉਭਾ ਤੇ ਸਟਾਫ ਮੈਂਬਰ ਆਦਿ ਸ਼ਾਮਲ ਸਨ।

ਇਸ ਦੌਰਾਨ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਦੇ ਮੈਨੇਜਰ ਭਾਗ ਸਿੰਘ ਨੇ ਪੁੱਜੀਆਂ ਪ੍ਰਮੁੱਖ ਸਖਸ਼ੀਅਤਾਂ ਦਾ ਧੰਨਵਾਦ ਕੀਤਾ। ਨਗਰ ਕੀਰਤਨ ਦੌਰਾਨ ਹੋਰਨਾਂ ਤੋਂ ਇਲਾਵਾ ਮੈਨੇਜਰ ਡੋਰਾ ਬਾਬਾ ਅਜੈਪਾਲ ਨਾਭਾ ਆਤਮ ਪ੍ਰਕਾਸ਼ ਸਿੰਘ ਬੇਦੀ, ਮੈਨੇਜਰ ਸੁਰਜੀਤ ਸਿੰਘ ਗੁਰਦੁਆਰਾ ਕਰਹਾਲੀ ਸਾਹਿਬ, ਮੀਤ ਮੈਨੇਜਰ ਜਸਵਿੰਦਰ ਸਿੰਘ ਬਿੱਲਾ, ਨਿੱਜੀ ਸਹਾਇਕ ਪ੍ਰਧਾਨ ਸਾਹਿਬ ਅਵਤਾਰ ਸਿੰਘ, ਸਾਬਕਾ ਹੈਡ ਗ੍ਰੰਥੀ ਸੁਖਦੇਵ ਸਿੰਘ, ਭਾਈ ਗੁਰਦੀਪ ਸਿੰਘ ਕਾਲੀ ਕੰਬਲੀ ਵਾਲੇ, ਬਲਵਿੰਦਰ ਸਿੰਘ ਨੇਪਰਾ, ਬਾਬਾ ਕੁਲਦੀਪ ਸਿੰਘ ਨਿਹੰਗ ਸਿੰਘ, ਕੰਵਲਜੀਤ ਸਿੰਘ ਗੋਨਾ, ਹਰਮਿੰਦਰਪਾਲ ਸਿੰਘ ਵਿੰਟੀ, ਜਸਵਿੰਦਰਪਾਲ ਸਿੰਘ ਚੱਢਾ, ਹਰਵਿੰਦਰ ਸਿੰਘ ਰਿੰਕੂ, ਮੀਤ ਸਕੱਤਰ ਮਨਜੀਤ ਸਿੰਘ ਤਲਵੰਡੀ, ਇੰਚਾਰਜ ਡਾ. ਰਾਜਵਿੰਦਰ ਸਿੰਘ ਜੋਗਾ, ਐਡੀਸ਼ਨਲ ਮੈਨੇਜਰ ਇਕਬਾਲ ਸਿੰਘ ਮੁਖੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਸ਼ਾਮਲ ਸਨ। ੧੯ ਨਵੰਬਰ

ਗੁਰਦੁਆਰਾ ਮਟਨ ਸਾਹਿਬ ਸ੍ਰੀਨਗਰ ਤੋਂ ਆਰੰਭ ਹੋਇਆ 'ਪੁਕਾਰ ਦਿਵਸ ਨਗਰ ਕੀਰਤਨ' ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜ ਕੇ ਜਾਹੋ-ਜਲਾਲ ਨਾਲ ਸਮਾਪਤ

ਸ੍ਰੀ ਅਨੰਦਪੁਰ ਸਾਹਿਬ- ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਮਟਨ ਸਾਹਿਬ ਅਨੰਤਨਾਗ (ਸ੍ਰੀਨਗਰ) ਕਸ਼ਮੀਰ ਤੋਂ ਆਰੰਭ ਹੋਏ 'ਪੁਕਾਰ ਦਿਵਸ ਨਗਰ ਕੀਰਤਨ' ਦੀ ਬੀਤੀ ਦੇਰ ਰਾਤ ਢਾਈ ਵਜੇ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ

ਵਿਖੇ ਬੜੇ ਜਜ਼ਬਾਤੀ ਤੇ ਰੂਹਾਨੀਅਤ ਭਰੇ ਮਾਹੌਲ ਵਿਚ ਸਮਾਪਤੀ ਹੋਈ।

ਸ੍ਰੀ ਅਨੰਦਪੁਰ ਸਾਹਿਬ ਵਿਖੇ ਨਗਰ ਕੀਰਤਨ ਪੁੱਜਣ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ ਨੇ ਸਵਾਗਤ ਕੀਤਾ। ਨਗਰ ਕੀਰਤਨ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਨਗਰ ਕੀਰਤਨ ਦੀ ਸਮਾਪਤੀ ਦੀ ਅਰਦਾਸ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕੀਤੀ। ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਗਿਆਨੀ ਕੁਲਦੀਪ ਸਿੰਘ ਨੇ ਆਪਣੇ ਸੀਸ 'ਤੇ ਸੁਸ਼ੋਭਿਤ ਕਰਕੇ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸੁਖ-ਆਸਨ ਅਸਥਾਨ 'ਤੇ ਸੁਸ਼ੋਭਿਤ ਕੀਤਾ। ਇਸ ਮੌਕੇ ਵੱਡੀ ਗਿਣਤੀ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਗੁਰਦੁਆਰਾ ਮਟਨ ਸਾਹਿਬ ਸ੍ਰੀਨਗਰ ਤੋਂ ਸਜਾਇਆ ਗਿਆ ਨਗਰ ਕੀਰਤਨ ਪੰਡਤ ਕਿਰਪਾ ਰਾਮ ਜੀ ਦੇ ਕਸ਼ਮੀਰੀ ਪੰਡਤਾਂ ਨਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂ ਸਾਹਿਬ ਪਾਸ ਕੀਤੀ ਪੁਕਾਰ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਨੇ ਧਰਮ ਦੀ ਆਜ਼ਾਦੀ ਅਤੇ ਦੇਸ਼ ਦੇ ਬਹੁਧਰਮੀ ਸਭਿਆਚਾਰ ਦੀ ਰਾਖੀ ਲਈ ਆਪਣੀ ਸ਼ਹਾਦਤ ਦਿੱਤੀ। ਉਨ੍ਹਾਂ ਦੀ ਸ਼ਹਾਦਤ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਸਿੱਖ ਕੌਮ ਦੇ ਨਾਲ-ਨਾਲ ਦੂਸਰੇ ਧਰਮਾਂ ਦੇ ਲੋਕਾਂ ਵਲੋਂ ਵੀ ਵੱਡੇ ਉਤਸ਼ਾਹ ਨਾਲ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ ਜਾ ਰਹੀ ਹੈ।

ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਡਾ. ਦਿਲਜੀਤ ਸਿੰਘ ਭਿੰਡਰ, ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸੁਖਬੀਰ ਸਿੰਘ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਵਧੀਕ ਮੈਨੇਜਰ ਸਤਨਾਮ ਸਿੰਘ ਰਿਆੜ ਅਤੇ ਮੀਤ ਮੈਨੇਜਰ ਭੁਪਿੰਦਰ ਸਿੰਘ ਵੀ ਹਾਜ਼ਰ ਸਨ। ੧੯ ਨਵੰਬਰ

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਦਿੱਲੀ ਤੋਂ ਆਰੰਭ ਹੋਈ ਸਾਈਕਲ ਯਾਤਰਾ ਅੱਜ ਅੰਮ੍ਰਿਤਸਰ ਪੁੱਜ ਕੇ ਹੋਈ ਸੰਪੰਨ

ਐਡਵੋਕੇਟ ਧਾਮੀ ਤੇ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਗੋਲਡਨ ਗੇਟ ਵਿਖੇ ਸਾਈਕਲ ਯਾਤਰਾ ਦਾ ਕੀਤਾ ਭਰਵਾਂ ਸਵਾਗਤ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਮਨਜੀਤ ਸਿੰਘ ਜੀਕੇ ਦੀ ਅਗਵਾਈ ਹੇਠ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਦਿੱਲੀ ਤੋਂ ਆਰੰਭ ਹੋਈ ਸਾਈਕਲ ਯਾਤਰਾ ਅੱਜ ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਪਹੁੰਚ ਕੇ ਸੰਪੰਨ ਹੋਈ। ਯਾਤਰਾ ਦੇ ਅੰਮ੍ਰਿਤਸਰ ਪੁੱਜਣ 'ਤੇ ਗੋਲਡਨ ਗੇਟ ਵਿਖੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਬਾਬਾ ਕਸ਼ਮੀਰ ਸਿੰਘ ਕਾਰਸੇਵਾ ਭੂਰੀਵਾਲਿਆਂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮਨਾਉਂਦਿਆਂ ਸ਼੍ਰੋਮਣੀ ਕਮੇਟੀ ਦਾ ਮਨੋਰਥ ਸੀ ਕਿ ਦੇਸ਼ ਦੁਨੀਆਂ ਅੰਦਰ ਇਹ

ਸੰਦੇਸ਼ ਪਹੁੰਚਾਇਆ ਜਾਵੇ ਕਿ ਜੇਕਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਸ਼ਹਾਦਤ ਨਾ ਦਿੰਦੇ ਤਾਂ ਦੇਸ਼ ਦੀ ਰਾਜਨੀਤੀ, ਸੱਭਿਆਚਾਰ ਅਤੇ ਧਾਰਮਿਕ ਅਜ਼ਾਦੀ ਕਿਵੇਂ ਦੀ ਹੁੰਦੀ? ਉਨ੍ਹਾਂ ਕਿਹਾ ਕਿ ਦੇਸ਼ ਭਰ ਅੰਦਰ ਕਰਵਾਏ ਗਏ ਗੁਰਮਤਿ ਸਮਾਗਮ ਅਤੇ ਸਜਾਏ ਜਾ ਰਹੇ ਨਗਰ ਕੀਰਤਨ ਅਤੇ ਯਾਤਰਾਵਾਂ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਦੇ ਸੰਕਲਪ ਅਤੇ ਉਪਦੇਸ਼ਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਉਣ ਲਈ ਪ੍ਰੇਰਣਾ ਸਰੋਤ ਬਣੀਆਂ ਹਨ। ਇਸੇ ਲੜੀ ਤਹਿਤ ਹੀ ਸ. ਮਨਜੀਤ ਸਿੰਘ ਜੀਕੇ ਦੀ ਅਗਵਾਈ ਵਿਚ ਗੁਰੂ ਸਾਹਿਬ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਤੋਂ ਉਨ੍ਹਾਂ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਸਜਾਈ ਇਹ ਸਾਈਕਲ ਯਾਤਰਾ ਜਿਥੇ ਸ਼ਤਾਬਦੀ ਪ੍ਰਤੀ ਚੇਤਨਤਾ ਪੈਦਾ ਕਰ ਰਹੀ ਹੈ, ਉਥੇ ਹੀ ਇਸ ਨੇ ਗੁਰੂ ਉਪਦੇਸ਼ਾਂ ਅਨੁਸਾਰ ਵਾਤਾਵਰਨ ਦੀ ਸੰਭਾਲ ਦਾ ਸੁਨੇਹਾ ਵੀ ਦਿੱਤਾ ਹੈ। ਉਨ੍ਹਾਂ ਜਿਥੇ ਦਿੱਲੀ ਦੇ ਸਿੱਖ ਆਗੂਆਂ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ, ਉਥੇ ਹੀ ਸੰਗਤਾਂ ਵੱਲੋਂ ਦਿੱਤੇ ਭਰਵੇਂ ਸਹਿਯੋਗ ਲਈ ਧੰਨਵਾਦ ਵੀ ਕੀਤਾ।

ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਇਹ ਸ਼ਤਾਬਦੀ ਦਿਹਾੜੇ ਜਿਥੇ ਸੰਗਤਾਂ ਲਈ ਗੁਰੂ ਸਾਹਿਬ ਦੇ ਇਤਿਹਾਸ ਨਾਲ ਜੁੜਨ ਅਤੇ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਬਹੁਮੁੱਲੇ ਉਪਦੇਸ਼ਾਂ ਨੂੰ ਜੀਵਨ ਵਿਚ ਧਾਰਨ ਦਾ ਮੌਕਾ ਹਨ। ਇਸੇ ਦੌਰਾਨ ਬਾਬਾ ਕਸ਼ਮੀਰ ਸਿੰਘ ਕਾਰਸੇਵਾ ਭੂਰੀਵਾਲਿਆਂ ਨੇ ਵੀ ਸਾਈਕਲ ਯਾਤਰਾ ਦਾ ਸਵਾਗਤ ਕਰਦਿਆਂ ਇਸ ਉਪਰਾਲੇ ਦੀ ਸੁਨੇਹੇ ਨੂੰ ਸਮਝਣ ਦੀ ਅਪੀਲ ਕਰਦਿਆਂ ਕਿਹਾ ਕਿ ਪ੍ਰਦੂਸ਼ਤ ਹੋ ਰਹੇ ਵਾਤਾਵਰਣ ਨੂੰ ਬਚਾਉਣ ਲਈ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਜੀਵਨ ਵਿਚ ਵਸਾਉਣਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਵੱਧ ਤੋਂ ਵੱਧ ਰੁਖ਼ ਲਗਾਉਣ ਦੀ ਵੀ ਅਪੀਲ ਕੀਤੀ। ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਮਨਜੀਤ ਸਿੰਘ ਜੀਕੇ ਨੇ ਸਵਾਗਤ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸਿੱਖ ਸੰਸਥਾਵਾਂ ਦੇ ਨਾਲ-ਨਾਲ ਰਸਤੇ ਵਿਚ ਸੰਗਤਾਂ ਵੱਲੋਂ ਦਿੱਤੇ ਭਰਵੇਂ ਸਹਿਯੋਗ ਲਈ ਧੰਨਵਾਦ ਕੀਤਾ। ਸਾਈਕਲ ਯਾਤਰਾ ਦਾ ਸ਼੍ਰੋਮਣੀ ਕਮੇਟੀ, ਬਾਬਾ ਕਸ਼ਮੀਰ ਸਿੰਘ ਕਾਰਸੇਵਾ ਭੂਰੀਵਾਲੇ ਸਮੇਤ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ ਵੱਲੋਂ ਪੁੱਜੇ ਸਿੰਘਾਂ ਨੇ ਵੀ ਸਵਾਗਤ ਕੀਤਾ।

ਇਸ ਮੌਕੇ ਓਐਸਡੀ ਸ. ਸਤਬੀਰ ਸਿੰਘ ਧਾਮੀ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਦਿੱਲੀ ਤੋਂ ਸਿੱਖ ਆਗੂ ਸ. ਪਰਮਜੀਤ ਸਿੰਘ ਰਾਣਾ, ਸ. ਸਤਨਾਮ ਸਿੰਘ ਖੀਵਾ, ਸ. ਮਹਿੰਦਰ ਸਿੰਘ, ਸ. ਗੁਰਜੀਤ ਸਿੰਘ, ਸ. ਇੰਦਰਮੋਹਨ ਸਿੰਘ, ਸ. ਬਲਜੀਤ ਸਿੰਘ, ਬੀਬੀ ਮਨਦੀਪ ਕੌਰ ਬਖ਼ਸ਼ੀ, ਬੀਬੀ ਹਰਪ੍ਰੀਤ ਕੌਰ, ਬੀਬੀ ਸੁਮਨ ਜੀ, ਸ. ਅਮਨ ਸਿੰਘ ਬਖ਼ਸ਼ੀ, ਬਾਬਾ ਅਮਨਦੀਪ ਸਿੰਘ ਗਲੀ ਸੱਤੋ ਵਾਲੀ, ਬਾਬਾ ਭਗਤ ਸਿੰਘ, ਪ੍ਰਿੰਸੀਪਲ ਸੁਖਵੰਤ ਸਿੰਘ, ਵਿਸ਼ਵ ਸਿੱਖ ਚੇਬਰ ਦੇ ਮੁਖੀ ਸ. ਪਰਮੀਤ ਸਿੰਘ ਚੱਡਾ, ਸ. ਰਾਜਿੰਦਰ ਸਿੰਘ ਮਰਵਾਹ, ਅੰਮ੍ਰਿਤਸਰ ਵਿਕਾਸ ਮੰਚ ਵੱਲੋਂ ਸ. ਕੁਲਵੰਤ ਸਿੰਘ ਅਣਖੀ, ਬੀਬੀ ਕੌਲਾਂ ਜੀ ਭਲਾਈ ਕੇਂਦਰ ਤੋਂ ਭਾਈ ਹਰਵਿੰਦਰਪਾਲ ਸਿੰਘ, ਸ. ਹਰਪਾਲ ਸਿੰਘ ਆਹਲੂਵਾਲੀਆ, ਸਾਬਕਾ ਮੈਨੇਜਰ ਗੁਰਦੁਆਰਾ ਦੂਖਨਿਵਾਰਨ ਸਾਹਿਬ ਪਟਿਆਲਾ ਸ. ਕਮਲਜੀਤ ਸਿੰਘ ਜੋਗੀਪੁਰ, ਸਾਬਕਾ ਮੀਤ ਸਕੱਤਰ ਸ. ਰਾਮ ਸਿੰਘ ਭਿੰਡਰ ਸਮੇਤ ਸੰਗਤਾਂ ਹਾਜ਼ਰ ਸਨ। ੨੦ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਲਈ ਰਵਾਨਾ ਹੋਇਆ।

ਇਸ ਮੌਕੇ ਗੁਰਦੁਆਰਾ ਸ੍ਰੀ ਅੰਬ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸਿੰਘ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਿਭਾਈ। ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਰਸਤੇ ਵਿਚ ਵੱਖ-ਵੱਖ ਪੜਾਵਾਂ ਤੇ ਸੰਗਤਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਇਸ ਦੌਰਾਨ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਵੀ ਸ਼ਮੂਲੀਅਤ ਕੀਤੀ।

ਰਵਾਨਗੀ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਜਦੋਂ ਦੇਸ਼ ਦੇ ਹੁਕਮਰਾਨਾਂ ਨੇ ਧਰਮ ਨੂੰ ਅਧਾਰ ਬਣਾ ਕੇ ਜੁਲਮ ਕੀਤਾ, ਤਾਂ ਕਸ਼ਮੀਰ ਦੇ ਪੰਡਤਾਂ ਨੇ ਗੁਰੂ ਨਾਨਕ ਦੇ ਘਰ ਦਾ ਸਹਾਰਾ ਤੱਕਿਆ। ਉਸ ਸਮੇਂ ਵੀ ਮਾਨਵਤਾ ਦਾ ਸਹਾਰਾ ਗੁਰੂ ਨਾਨਕ ਦਾ ਦਰ ਸੀ ਅਤੇ ਅੱਜ ਵੀ ਲੋੜਵੰਦਾਂ ਲਈ ਸਹਾਰਾ ਗੁਰੂ ਦਾ ਘਰ ਹੀ ਹੈ। ਨੌਵੇਂ ਪਾਤਸ਼ਾਹ ਨੇ ਤਿਲਕ ਜੰਞੂ ਦੀ ਰੱਖਿਆ ਤੇ ਮਾਨਵੀ ਹੱਕਾਂ ਲਈ ਆਪਣੇ ਤਿੰਨ ਸਿੱਖਾਂ ਸਮੇਤ ਸ਼ਹਾਦਤ ਦਿੱਤੀ। ਅੱਜ ਜਦੋਂ ਅਸੀਂ ਇਸ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮਨਾ ਰਹੇ ਹਾਂ ਤਾਂ ਇਹ ਵੀ ਜ਼ਰੂਰੀ ਹੈ ਕਿ ਅਸੀਂ ਵੀ ਆਪਣੇ ਧਾਰਮਿਕ ਹੱਕਾਂ ਤੇ ਧਾਰਮਿਕ ਪਛਾਣ 'ਤੇ ਕਾਇਮ ਰਹੀਏ। ਉਨ੍ਹਾਂ ਕਿਹਾ ਕਿ ਜਦੋਂ ਮਨੁੱਖੀ ਹੱਕਾਂ ਦੀ ਗੱਲ ਹੋਵੇਗੀ ਤਾਂ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਵੀ ਚੱਲੇਗੀ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਸਿੱਖ ਕੌਮ ਦੀ ਇਸ ਜਾਇਜ਼ ਮੰਗ ਨੂੰ ਮੰਨਦਿਆਂ ਬੰਦੀ ਸਿੰਘਾਂ ਦੀ ਰਿਹਾਈ ਦਾ ਤੁਰੰਤ ਐਲਾਨ ਕਰਨਾ ਚਾਹੀਦਾ ਹੈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਖ਼ਾਲਸਾ ਪੰਥ ਸ਼ਹੀਦੀ ਸ਼ਤਾਬਦੀ ਨੂੰ ਖ਼ਾਲਸਈ ਜਾਹੋ-ਜਲਾਲ ਨਾਲ ਮਨਾ ਰਿਹਾ ਹੈ ਅਤੇ ੨੩ ਤੋਂ ੨੯ ਨਵੰਬਰ ੨੦੨੫ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸ਼ਹੀਦੀ ਸਮਾਗਮਾਂ ਮੌਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰਨ ਲਈ ਹਰ ਸਿੱਖ ਨੂੰ ਪੁੱਜਣਾ ਚਾਹੀਦਾ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਸ. ਚਰਨਜੀਤ ਸਿੰਘ ਕਾਲੇਵਾਲ, ਬੀਬੀ ਪਰਮਜੀਤ ਕੌਰ ਲਾਂਡਰਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਇਕਬਾਲ ਸਿੰਘ

ਮੁਖੀ, ਇੰਚਾਰਜ ਡਾ. ਰਾਜਵਿੰਦਰ ਸਿੰਘ ਜੋਗਾ, ਗੁਰਦੁਆਰਾ ਅੰਬ ਸਾਹਿਬ ਦੇ ਮੈਨੇਜਰ ਸ. ਰਾਜਿੰਦਰ ਸਿੰਘ ਟੌਹੜਾ, ਸੁਪਰਵਾਈਜ਼ਰ ਸ. ਅਵਤਾਰ ਸਿੰਘ, ਸ. ਸੁਖਰਾਜ ਸਿੰਘ ਤੇ ਸ. ਗੁਰਮੀਤ ਸਿੰਘ, ਗੁ: ਇੰਸਪੈਕਟਰ ਸ. ਰਣਜੀਤ ਸਿੰਘ, ਸ. ਸ਼ਰਨਜੀਤ ਸਿੰਘ ਤੇ ਸ. ਮਲਕੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨੦ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੰਤਰ-ਰਾਸ਼ਟਰੀ ਸੈਮੀਨਾਰ ਕਰਵਾਇਆ

ਸਿੱਖ ਵਿਦਵਾਨਾਂ ਨੇ ਨੌਵੇਂ ਪਾਤਸ਼ਾਹ ਦੀ ਸ਼ਹਾਦਤ ਦੀ ਵਿਆਪਕਤਾ ਨੂੰ ਸਮਝਣ ਤੇ ਮਹਿਸੂਸ ਕਰਨ ਲਈ ਪੁਰਾਤਨ ਸਿੱਖ ਸਰੋਤਾਂ ਦੀ ਬਹੁਪੱਖੀ ਵਿਆਖਿਆ ਦੀ ਲੋੜ 'ਤੇ ਜ਼ੋਰ ਦਿੱਤਾ

ਦੂਜਿਆਂ ਦੇ ਅਕੀਦੇ ਦੀ ਰੱਖਿਆ ਲਈ ਸ਼ਹਾਦਤ ਦੇਣ ਵਾਲੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੁਨੀਆ ਦੇ ਇਕੋ-ਇਕ ਰਹਿਬਰ- ਐਡਵੋਕੇਟ ਧਾਮੀ

ਸ੍ਰੀ ਅਨੰਦਪੁਰ ਸਾਹਿਬ, ੨੦ ਨਵੰਬਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ ਦੇ ੩੫੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ 'ਸ੍ਰੀ ਗੁਰੂ ਤੇਗ ਬਹਾਦਰ ਜੀ: ਜੀਵਨ, ਬਾਣੀ ਤੇ ਸ਼ਹਾਦਤ ਅਜੋਕੇ ਸੰਦਰਭ ਵਿਚ' ਵਿਸ਼ੇ 'ਤੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਇਕ ਰੋਜ਼ਾ ਅੰਤਰ-ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਸਿੱਖ ਬੁੱਧੀਜੀਵੀ ਡਾ. ਬਲਕਾਰ ਸਿੰਘ, ਡਾ. ਇੰਦਰਜੀਤ ਸਿੰਘ ਗੋਗੋਆਣੀ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਅਜਮੇਰ ਸਿੰਘ ਖੇੜਾ ਸਮੇਤ ਵੱਡੀ ਗਿਣਤੀ ਵਿਚ ਕਾਲਜ ਦੇ ਪ੍ਰੋਫੈਸਰ, ਇਲਾਕੇ ਦੇ ਵਕੀਲ ਅਤੇ ਪਤਵੰਤੇ ਸ਼ਾਮਿਲ ਹੋਏ।

ਇਸ ਮੌਕੇ ਪ੍ਰਧਾਨਗੀ ਸੰਬੋਧਨ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਦੁਨੀਆ ਵਿਚ ਆਪੋ-ਆਪਣੇ ਅਕੀਦੇ ਲਈ ਕੁਰਬਾਨ ਹੋਣ ਵਾਲੇ ਬੇਅੰਤ ਮਹਾਪੁਰਖ ਤੇ ਯੋਧੇ ਹੋਏ ਹਨ ਪਰ ਦੂਜਿਆਂ ਦੇ ਵਿਸ਼ਵਾਸ, ਖਾਸ ਕਰਕੇ ਉਸ ਵਿਸ਼ਵਾਸ ਵਿਚ ਖੁਦ ਸਹਿਮਤ ਨਾ ਹੁੰਦੇ ਹੋਏ ਵੀ, ਉਨ੍ਹਾਂ ਲਈ ਸ਼ਹਾਦਤ ਸਿਰਫ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਹੀ ਦਿੱਤੀ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਦਾ ਜੀਵਨ, ਗੁਰਬਾਣੀ ਅਤੇ ਸ਼ਹਾਦਤ ਸਾਨੂੰ ਸੰਸਾਰੀ ਤੇ ਆਤਮਿਕ ਜੀਵਨ ਦੇ ਕਲਿਆਣ ਲਈ ਸੰਸਾਰੀ ਬਲ ਤੇ ਰੂਹਾਨੀ ਬਲ ਦੀ ਸੁਮੇਲਤਾ ਵਾਲੀ ਜੁਗਤ ਦਿੰਦੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਕਿਹਾ ਕਿ ਧੁਰ ਕੀ ਬਾਣੀ ਦੀ ਰਚਨਾ ਦੀ ਜੋ ਬੇਨਜ਼ੀਰ ਤੇ ਪਵਿੱਤਰ ਪਰੰਪਰਾ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਰੰਭੀ ਸੀ, ਉਸ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਸੰਪੂਰਨ ਕੀਤਾ। ਉਨ੍ਹਾਂ ਕਿਹਾ ਕਿ ਅੱਜ ਹਿੰਦੋਸਤਾਨ ਦੀ ਹੋਂਦ-ਹਸਤੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬਦੌਲਤ ਹੈ ਪਰ ਦੁੱਖ ਦੀ ਗੱਲ ਹੈ ਕਿ ਅੱਜ ਦੀਆਂ ਸਰਕਾਰਾਂ ਸਿੱਖਾਂ ਦੇ ਧਾਰਮਿਕ ਕਕਾਰ ਅਤੇ ਜ਼ਮੀਰ ਦੀ ਆਜ਼ਾਦੀ ਖੋਹਣ ਲਈ ਘਟੀਆ ਹਥਕੰਡੇ ਵਰਤ ਰਹੀਆਂ ਹਨ।

ਸਿੱਖ ਵਿਦਵਾਨ ਡਾ. ਬਲਕਾਰ ਸਿੰਘ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹਾਦਤ ਦੀ ਅਜੋਕੇ ਵਿਸ਼ਵ ਪ੍ਰਸੰਗ ਵਿਚ ਵਿਆਖਿਆ ਕਰਦਿਆਂ ਆਖਿਆ ਕਿ ਨੌਵੇਂ ਪਾਤਸ਼ਾਹ ਨੂੰ ਹਿੰਦ ਦੀ ਚਾਦਰ, ਧਰਮ ਦੀ ਚਾਦਰ, ਸ੍ਰਿਸ਼ਟ ਦੀ ਚਾਦਰ ਅਤੇ ਮਾਨਵਤਾ ਦੀ ਚਾਦਰ ਕਿਹਾ ਜਾਂਦਾ ਹੈ ਪਰ ਗੁਰੂ ਸਾਹਿਬ ਦੀ ਹਿੰਦੋਸਤਾਨ ਉੱਪ ਮਹਾਂਦੀਪ ਦੀ ਤਕਦੀਰ ਤੇ ਅਜੋਕੀ ਹੋਂਦ ਵਿਚ ਜੋ ਅਜ਼ੀਮ ਦੇਣ ਸੀ, ਉਸ ਦੀ ਵਿਆਪਕਤਾ ਨੂੰ ਸਮਝਣ ਤੇ ਮਹਿਸੂਸ ਕਰਨ ਲਈ ਕਵੀ ਸੰਤੋਖ ਸਿੰਘ ਦੀਆਂ ਰਚਨਾਵਾਂ ਦੀ ਬਹੁਪੱਖੀ ਵਿਆਖਿਆ ਕਰਨ ਦੀ ਲੋੜ ਹੈ। ਉਨ੍ਹਾਂ ਨੇ ਨੌਵੇਂ ਪਾਤਸ਼ਾਹ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮਨਾਉਂਦਿਆਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ 'ਮੀਰੀ-ਪੀਰੀ' ਦੇ ਸੰਕਲਪ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੱਕ 'ਸੰਤ ਸਿਪਾਹੀ' ਦੇ ਅਮਲ ਤੱਕ ਪੁੱਜਣ ਵਿਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਅਦੁੱਤੀ ਭੂਮਿਕਾ ਨੂੰ ਸਮਝਣ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਉਦਾਸੀਆਂ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਚਾਰ ਦੌਰਿਆਂ ਨਾਲ ਸਬੰਧ ਨੂੰ ਵੀ ਸਾਹਮਣੇ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੌਵੇਂ ਪਾਤਸਾਹ ਦੇ ਸ਼ਬਦ 'ਭੈ ਕਾਹੂ ਕਉ ਦੇਤ ਨਹਿ, ਨਹਿ ਭੈ ਮਾਨਤ ਆਨ॥' ਨੂੰ ਨਾਅਰੇ ਦੀ ਬਜਾਇ ਸਿਧਾਂਤ ਰੂਪ ਵਿਚ ਪ੍ਰਵਚਨ ਬਣਾਉਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਦੇ ਨਾਲ ਨੌਵੇਂ ਪਾਤਸ਼ਾਹ ਦੇ ਸਿਧਾਂਤ ਦਾ ਅਮਲ ਤੇ ਅਮਲ ਦਾ ਸਿਧਾਂਤ ਸਾਹਮਣੇ ਆਵੇਗਾ।

ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਸਿਰਫ ਇਕ ਸ਼ਹਾਦਤ ਹੀ ਨਹੀਂ, ਬਲਕਿ ਮਾਨਵਤਾ ਵਿਚ ਆਤਮ-ਸਨਮਾਨ ਪੈਦਾ ਕਰਨ ਦਾ ਇਕ ਲਾਮਿਸਾਲ ਅਦੁੱਤੀ ਅਮਲ ਵੀ ਸੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਜਿਹੜਾ ਸੀਸ ਸ੍ਰੀ ਅਨੰਦਪੁਰ ਸਾਹਿਬ ਤੋਂ ਮਾਨਵਤਾ ਦੀ ਖਾਤਰ ਦਿੱਲੀ ਗਿਆ ਸੀ, ਉਹ ਸੀਸ ਧੜ ਤੋਂ ਵੱਖ ਹੋ ਕੇ ਮੁੜ ਸ੍ਰੀ ਅਨੰਦਪੁਰ ਸਾਹਿਬ ਆਇਆ ਸੀ। ਇਸ ਵਰਤਾਰੇ ਨੇ ਮਾਨਵਤਾ ਨੂੰ ਸੀਸ ਉੱਚਾ ਕਰਕੇ ਸਵੈਮਾਣ ਨਾਲ ਜੀਣ ਦੀ ਜਾਚ ਦੱਸੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਆਪਣੇ ਤਨ ਦੀ ਚਾਦਰ ਦੇ ਕੇ ਹਿੰਦੋਸਤਾਨ ਦੀ ਪਤ, ਅਣਖ ਤੇ ਮਨੁੱਖੀ ਆਜ਼ਾਦੀ ਨੂੰ ਬਚਾਇਆ ਸੀ। ਉਨ੍ਹਾਂ ਕਿਹਾ ਕਿ ਅੱਜ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ੩੫੦ ਸਾਲਾ ਸ਼ਹੀਦੀ ਦਿਹਾੜਾ ਸਿੱਖ ਕੌਮ ਵਿਸ਼ਵ ਦੇ ੧੬੧ ਮੁਲਕਾਂ ਵਿਚ ਮਨਾ ਰਹੀ ਹੈ, ਪਰ ਗੁਰੂ ਸਾਹਿਬ ਨੂੰ ਸ਼ਹੀਦ ਕਰਨ ਵਾਲੇ ਹਿੰਦੋਸਤਾਨ ਦੇ ਬਾਦਸ਼ਾਹ ਔਰੰਗਜ਼ੇਬ ਦੀ ਕਬਰ 'ਤੇ ਕੋਈ ਦੀਵਾ ਜਗਾਉਣ ਵਾਲਾ ਵੀ ਨਹੀਂ ਹੈ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਰਾਜ ਬਲ ਅਤੇ ਆਤਮਿਕ ਬਲ ਵਿਚਾਲੇ ਜੰਗ ਵਿਚ ਸੱਚ ਦੀ ਜਿੱਤ ਹੁੰਦੀ ਹੈ, ਜੋ ਆਤਮਿਕ ਬਲ ਦੀ ਸ਼ਕਤੀ ਹੁੰਦਾ ਹੈ।

ਇਸ ਮੌਕੇ ਡਾ. ਗੁਰਮੀਤ ਸਿੰਘ ਸਿੱਧੂ ਨੇ ਕਿਹਾ ਕਿ ਦੁਨੀਆ ਦੇ ਅਕਾਦਮਿਕ ਤੇ ਬੌਧਿਕ ਸ਼ਬਦਕੋਸ਼ ਵਿਚ ਧਰਮ ਦੀ ਵਿਆਖਿਆ ਸਮਰਪਣ, ਸਿੱਦਕ ਅਤੇ ਦ੍ਰਿੜ੍ਹਤਾ ਦੇ ਨੇਕ ਅਮਲ ਦੇ ਰੂਪ ਵਿਚ ਕੀਤੀ ਜਾਂਦੀ ਹੈ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਇਸ ਦੀ ਅਦੁੱਤੀ ਮਿਸਾਲ ਹੈ। ਉਨ੍ਹਾਂ ਨੇ ਨੌਵੇਂ ਪਾਤਸ਼ਾਹ ਦੇ ੩੫੦ ਸਾਲਾ ਸ਼ਹੀਦੀ ਦਿਹਾੜੇ ਨੂੰ ਮਨਾਉਂਦਿਆਂ ਸਾਰਿਆਂ ਨੂੰ ਆਤਮ ਚਿੰਤਨ ਕਰਨ ਦਾ ਸੱਦਾ ਦਿੱਤਾ ਤਾਂ ਜੋ ਇਹ ਵੇਖ ਸਕੀਏ ਕਿ ਅੱਜ ਅਸੀਂ ਧਰਮ ਦੇ ਗਾਡੀਰਾਹ 'ਤੇ ਸਹੀ ਰੂਪ ਵਿਚ ਕਿੰਨਾ ਕੁ ਚੱਲ ਰਹੇ ਹਾਂ।

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੁਨੀਆ ਵਿਚ ਜਮਹੂਰੀਅਤ ਦੇ ਰਹਿਬਰ ਸਨ, ਜਿਨ੍ਹਾਂ ਦੀ ਬਦੌਲਤ ਅੱਜ ਸੰਸਾਰ ਅੰਦਰ ਮਨੁੱਖੀ ਅਧਿਕਾਰਾਂ ਨੂੰ ਸਨਮਾਨ ਮਿਲਦਾ ਹੈ। ਉਨ੍ਹਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਬਾਰੇ ਵਿਸ਼ਵ ਪੱਧਰੀ ਚਰਚਾ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਅੱਜ ਵੀ ਦੁਨੀਆ ਵਿਚ ਮਨੁੱਖਤਾ 'ਤੇ ਜੋ ਜ਼ੁਲਮ ਹੋ ਰਿਹਾ ਹੈ, ਉਸ ਦੇ ਟਾਕਰੇ ਲਈ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ

ਸ਼ਹਾਦਤ ਸਾਡੇ ਲਈ ਸ਼ਕਤੀ ਦਾ ਸਰੋਤ ਹੈ।

ਇਸ ਮੌਕੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਜਸਬੀਰ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਦਿਲਬਾਗ ਸਿੰਘ ਬਾਲਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਸ. ਤਲਵਿੰਦਰ ਸਿੰਘ ਬੁੱਟਰ, ਜਥੇਦਾਰ ਮੋਹਨ ਸਿੰਘ ਡੂਮੇਵਾਲ, ਸ. ਸੁਰਿੰਦਰ ਸਿੰਘ ਮਟੌਰ ਅਤੇ ਵੱਡੀ ਗਿਣਤੀ ਕਾਲਜ ਸਟਾਫ ਦੇ ਵਿਦਿਆਰਥੀ ਵੀ ਹਾਜ਼ਰ ਸਨ।

ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਨਗਰ ਕੀਰਤਨ ਅਗਲੇ ਪੜਾਅ ਵੱਲ ਰਵਾਨਾ

ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਤੋਂ ਇਲਾਵਾ ਸੰਤ ਮਹਾਂਪੁਰਸ਼ਾਂ ਨੇ ਵੀ ਕੀਤੀ ਸ਼ਿਰਕਤ

ਨੌਵੇਂ ਪਾਤਸ਼ਾਹ ਦੇ ਉਦੇਸ਼ ਨੂੰ ਘਰ ਘਰ ਪਹੁੰਚਾਵਾਂਗੇ -ਗਿਆਨੀ ਹਰਪਾਲ ਸਿੰਘ

ਫਤਿਹਗੜ੍ਹ ਸਾਹਿਬ/ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ੩੫੦ ਸਾਲਾ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਆਰੰਭਤਾ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਵੱਲੋਂ ਮੁੱਖਵਾਕ ਲਿਆ ਗਿਆ ਅਤੇ ਹੈਡ ਗ੍ਰੰਥੀ ਗਿਆਨੀ ਹਰਪਾਲ ਸਿੰਘ ਵੱਲੋਂ ਕੀਤੀ ਅਰਦਾਸ ਉਪਰੰਤ ਹੋਈ।

ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਅਤੇ ਨਿਸ਼ਾਨਚੀ ਸਿੰਘਾਂ ਵੱਲੋਂ ਕੀਤੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਵੱਲੋਂ ਪਾਲਕੀ ਵਿਚ ਸੁਸ਼ੋਭਿਤ ਕੀਤਾ ਗਿਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਅਵਤਾਰ ਸਿੰਘ ਰਿਆ, ਜਥੇਦਾਰ ਗੁਰਪ੍ਰੀਤ ਸਿੰਘ ਰੰਧਾਵਾ, ਜਥੇਦਾਰ ਹਰਪਾਲ ਸਿੰਘ ਜੱਲਾ ਤੋਂ ਇਲਾਵਾ ਬਾਬਾ ਹਰੀ ਸਿੰਘ ਜੀ ਰੰਧਾਵੇ ਵਾਲੇ, ਗਿਆਨੀ ਅਤਰ ਸਿੰਘ ਜੋਤੀ ਸਰੂਪ ਸਿੰਘ ਵਾਲੇ, ਬਾਬਾ ਗੁਲਜ਼ਾਰ ਸਿੰਘ ਜੀ ਫਤਿਹਗੜ੍ਹ ਸਾਹਿਬ ਵਾਲੇ, ਜ਼ਿਲ੍ਹਾ ਪ੍ਰਧਾਨ ਸ਼ਰਨਜੀਤ ਸਿੰਘ ਚਰਨਾਰਥਲ, ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ ਆਦਿ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਨਗਰ ਕੀਰਤਨ ਦੌਰਾਨ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਵੱਲੋਂ ਗੁਰੂ ਸਾਹਿਬ ਜੀ ਦੇ ਸਤਿਕਾਰ ਵਿਚ ਪੁਲਿਸ ਪਲਟਣ ਵੱਲੋਂ ਸਲਾਮੀ ਵਜੋਂ ਸਲੂਟ ਸਤਿਕਾਰ ਭੇਂਟ ਕੀਤਾ ਗਿਆ।

ਇਸ ਮੌਕੇ ਹੈਡ ਗ੍ਰੰਥੀ ਗਿਆਨੀ ਪ੍ਰਿਤਪਾਲ ਸਿੰਘ ਨੇ ਕਿਹਾ ਕਿ ਸੰਗਤ ਵੱਡਭਾਗੀ ਹੈ ਕਿ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਸਜਾਏ ਜਾ ਰਹੇ ਨਗਰ ਕੀਰਤਨ ਵਿਚ ਵੱਧ ਚੜਕੇ ਸ਼ਮੂਲੀਅਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਜਿਨਾਂ ਨੂੰ ਹਿੰਦ ਦੀ ਚਾਦਰ ਇਸ ਕਰਕੇ ਆਖਿਆ ਜਾਂਦਾ ਹੈ ਕਿਉਂਕ ਉਨ੍ਹਾਂ ਨੇ ਮਾਨਵੀ ਹੱਕਾਂ ਦੀ ਰਾਖੀ ਲਈ ਲਾਸਾਨੀ ਸ਼ਹਾਦਤ ਦਿੱਤੀ। ਅੱਜ ਜਦੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਨ੍ਹਾਂ ਸ਼ਤਾਬਦੀ ਸਮਾਗਮਾਂ ਨੂੰ ਵੱਡੇ ਪੱਧਰ 'ਤੇ ਮਨਾ ਰਹੀ ਹੈ ਤਾਂ ਸਾਡਾ ਸਾਰਿਆਂ ਦਾ ਅਹਿਮ ਕਰਤੱਵ ਹੈ ਕਿ ਗੁਰੂ ਸਾਹਿਬ ਦੇ ਫਲਸਫੇ ਨੂੰ ਘਰ ਘਰ ਪਹੁੰਚਾਈਏ। ਗਿਆਨੀ ਹਰਪਾਲ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਨੇ ਜਦ ਸ਼ਹਾਦਤ ਪਾਉਣ ਲਈ ਸ੍ਰੀ ਆਨੰਦਪੁਰ ਸਾਹਿਬ ਤੋਂ ਦਿੱਲੀ ਵੱਲ ਚਾਲੇ ਪਾਏ ਤਾਂ ਉਨ੍ਹਾਂ ਤੋਂ ਪਹਿਲਾਂ ਭਾਈ ਸਤੀ

ਦਾਸ, ਭਾਈ ਮਤੀ ਦਾਸ ਅਤੇ ਭਾਈ ਦਿਆਲਾ ਜੀ ਨੂੰ ਇਸ ਕਰਕੇ ਸ਼ਹੀਦ ਕੀਤਾ ਗਿਆ ਕਿਉਂਕਿ ਗੁਰੂ ਸਾਹਿਬ ਡੋਲ ਜਾਣ ਪਰ ਪ੍ਰਮਾਤਮਾ ਸਰੂਪ ਗੁਰੂ ਸਾਹਿਬ ਨੇ ਉਸ ਭਾਣੇ 'ਚ ਰਹਿਣਾ ਮੁਨਾਸਬ ਸਮਝਿਆ, ਜਿਨ੍ਹਾਂ ਨੇ ਆਪਣੀ ਸ਼ਹਾਦਤ ਦੇ ਕੇ ਧਰਮ ਵਿਚ ਅਡਿੱਗ ਤੇ ਅਡੋਲ ਰਹਿਣ ਦਾ ਮਾਰਗ ਵਿਖਾਇਆ ਇਸ ਕਰਕੇ ਸਮੁੱਚੀ ਲੋਕਾਈ ਨੂੰ ਗੁਰੂ ਸਾਹਿਬ ਦੀ ਜੀਵਨ ਵਿਚਾਰਧਾਰਾ ਅਤੇ ਸ਼ਹਾਦਤ ਤੋਂ ਕੁਝ ਸਿੱਖਿਆ ਜ਼ਰੂਰ ਲੈਣੀ ਚਾਹੀਦਾ ਹੈ ਕਿ ਧਰਮ ਵਿਚ ਕਿਵੇਂ ਪਰਪੱਕ ਰਹਿਣਾ ਹੈ।

ਨਗਰ ਕੀਰਤਨ ਦੌਰਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਮੈਨੇਜਰ ਰਣਜੀਤ ਸਿੰਘ ਵੱਲੋਂ ਪੁੱਜੇ ਮੈਂਬਰ ਸਾਹਿਬਾਨਾਂ, ਪ੍ਰਮੁੱਖ ਸਖਸ਼ੀਅਤਾਂ ਅਤੇ ਸੰਗਤਾਂ ਨੂੰ ਸਿਰੋਪਾਓ ਵੀ ਭੇਂਟ ਕੀਤੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਜਥੇਦਾਰ ਸਿੰਘ ਸਾਹਿਬ ਜਸਵਿੰਦਰ ਸਿੰਘ, ਮੀਤ ਸਕੱਤਰ ਮਨਜੀਤ ਸਿੰਘ ਤਲਵੰਡੀ, ਐਡੀਸ਼ਨਲ ਮੈਨੇਜਰ ਇਬਾਕਲ ਸਿੰਘ ਤੋਂ ਇਲਾਵਾ ਮੈਨੇਜਰ ਬਲਵਿੰਦਰ ਸਿੰਘ ਭਮਾਰਸੀ, ਪ੍ਰਿੰਸੀਪਲ ਮਾਤਾ ਗੁਜਰੀ ਕਾਲਜ ਡਾ. ਕਸ਼ਮੀਰ ਸਿੰਘ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਬਾਬਾ ਬੰਦਾ ਸਿੰਘ ਬਹਾਦਰ ਕਾਲਜ ਦੇ ਪ੍ਰਿੰਸੀਪਲ ਡਾ. ਲਖਵੀਰ ਸਿੰਘ ਤੋਂ ਇਲਾਵਾ ਸਾਬਕਾ ਚੇਅਰਮੈਨ ਬਲਜੀਤ ਸਿੰਘ ਬੁੱਟਾ, ਕਰਮਜੀਤ ਸਿੰਘ ਭਗੜਾਣਾ, ਜਤਿੰਦਰ ਸਿੰਘ ਧਾਲੀਵਾਲ, ਗੁਰਦੀਪ ਸਿੰਘ ਨੌਲੱਖਾ ਬੁਲਾਰਾ ਦਮਦਮੀ ਟਕਸਾਲ, ਜਥੇਦਾਰ ਭਿੰਦਰ ਸਿੰਘ ਮੰਡੀ ਗੋਬਿੰਦਗੜ੍ਹ, ਜਥੇਦਾਰ ਜਰਨੈਲ ਸਿੰਘ ਮਾਜਰੀ, ਕੁਲਦੀਪ ਸਿੰਘ ਮਸ਼ਰੈਲ, ਮੀਤ ਮੈਨੇਜਰ ਪ੍ਰਿਤਪਾਲ ਸਿੰਘ, ਸੁਪਰਵਾਈਜ਼ਰ ਸੁਖਰਾਜ ਸਿੰਘ, ਇਕਬਾਲ ਸਿੰਘ, ਅਵਤਾਰ ਸਿੰਘ, ਫਲਾਇੰਗ ਟੀਮ ਦੇ ਹਰਵਿੰਦਰ ਸਿੰਘ ਮਨਜੀਤ ਸਿੰਘ, ਇੰਸਪੈਕਟਰ ਰਣਜੀਤ ਸਿੰਘ, ਪਰਮਜੀਤ ਸਿੰਘ, ਪਰਮਿੰਦਰ ਸਿੰਘ ਤੋਂ ਇਲਾਵਾ ਸੰਗਤਾਂ ਆਦਿ ਸ਼ਾਮਲ ਸਨ। ੨੧ ਨਵੰਬਰ

ਸ਼੍ਰੋਮਣੀ ਕਮੇਟੀ ਵਲੋਂ ਨੌਵੇਂ ਪਾਤਸ਼ਾਹ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਦੀ ਵੈਰਾਗ ਤੇ ਰੂਹਾਨੀਅਤ ਭਰੇ ਮਾਹੌਲ ਵਿਚ ਆਰੰਭਤਾ

ਗੁਰਿਆਈ ਅਸਥਾਨ, ਪਾ. ਦਸਵੀਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਹੋਏ ਆਰੰਭ, ਐਡਵੋਕੇਟ ਧਾਮੀ, ਜਥੇਦਾਰ ਗੜਗੱਜ, ਜਥੇਦਾਰ ਟੇਕ ਸਿੰਘ ਸਮੇਤ ਵੱਡੀ ਗਿਣਤੀ ਧਾਰਮਿਕ ਸ਼ਖਸੀਅਤਾਂ ਆਰੰਭਤਾ ਮੌਕੇ ਸ਼ਾਮਿਲ ਹੋਈਆਂ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਉਨ੍ਹਾਂ ਦੇ ਅਨਿਨ ਸੇਵਕ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦਸ਼ਮੇਸ਼ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਗੁਰਿਆਈ ਦਿਵਸ ਦੇ ਸਮਾਗਮਾਂ ਦੀ ਅੱਜ ਗੁਰਦੁਆਰਾ ਗੁਰਿਆਈ ਅਸਥਾਨ, ਪਾ ਦਸਵੀਂ, ਗੁਰੂ ਕੇ ਮਹਿਲ ਭੋਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਦੇ ਨਾਲ ਵੈਰਾਗ ਅਤੇ ਰੂਹਾਨੀਅਤ ਭਰੇ ਮਾਹੌਲ ਵਿਚ ਸ਼ੁਰੂਆਤ ਹੋ ਗਈ ਹੈ।

ਸਮਾਗਮਾਂ ਦੀ ਆਰੰਭਤਾ ਦੀ ਅਰਦਾਸ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਵਲੋਂ ਕੀਤੀ ਗਈ। ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਏ, ਜਿਨ੍ਹਾਂ ਦੇ ਭੋਗ ੨੩ ਨਵੰਬਰ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਗੁਰਿਆਈ ਦਿਹਾੜੇ ਮੌਕੇ ਪੈਣਗੇ। ਸ੍ਰੀ ਅਖੰਡ ਪਾਠ

ਸਾਹਿਬ ਦੀ ਆਰੰਭਤਾ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਅੰਤ੍ਰਿਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਬਲਵਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ, ਬਾਬਾ ਗੁਰਦੇਵ ਸਿੰਘ ਤਰਨਾ ਦਲ ਸ਼ਹੀਦੀ ਬਾਗ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਮੀਤ ਸਕੱਤਰ ਸ. ਗੁਰਨਾਮ ਸਿੰਘ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਗੁਰਦੁਆਰਾ ਇੰਸਪੈਕਟਰ ਚੀਫ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਸ. ਤਲਵਿੰਦਰ ਸਿੰਘ ਬੁੱਟਰ, ਹੈੱਡ ਪਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਸਰਬਜੀਤ ਸਿੰਘ ਲੁਧਿਆਣਾ, ਮੀਤ ਮੈਨੇਜਰ ਸ. ਭੁਪਿੰਦਰ ਸਿੰਘ ਬੀਕਾਪੁਰ, ਐਡਵੋਕੇਟ ਜਸਬੀਰ ਸਿੰਘ ਅਤੇ ਭਾਈ ਸਰਬਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤ ਹਾਜ਼ਰ ਸੀ। ੨੧ ਨਵੰਬਰ

ਸ਼੍ਰੋਮਣੀ ਕਮੇਟੀ ਵਲੋਂ ਕਾਰ-ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਦੇ ਸਹਿਯੋਗ ਨਾਲ ਗੁ. ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਚਾਂਦੀ ਦੇ ਪੰਜ ਜੋੜੀਆਂ ਦਰਵਾਜ਼ੇ ਲਾਉਣ ਦੀ ਸੇਵਾ ਮੁਕੰਮਲ

ਸ੍ਰੀ ਅਨੰਦਪੁਰ ਸਾਹਿਬ- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਬਾਬਾ ਸੁੱਚਾ ਸਿੰਘ ਅਤੇ ਬਾਬਾ ਸਤਨਾਮ ਸਿੰਘ ਕਾਰ-ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਦੇ ਸਹਿਯੋਗ ਨਾਲ ਅੱਜ ਗੁਰਦੁਆਰਾ ਸੀਸ ਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਚਾਂਦੀ ਦੇ ਨਵੇਂ ਦਰਵਾਜ਼ਿਆਂ ਦੀਆਂ ਪੰਜ ਜੋੜੀਆਂ ਦੀ ਸੇਵਾ ਕਰਵਾਈ ਗਈ।

ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਜਿੱਥੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪਾਵਨ ਸੀਸ ਦਾ ਸਸਕਾਰ ਕੀਤਾ ਗਿਆ ਸੀ, ਵਿਖੇ ਅੱਜ ਚਾਂਦੀ ਦੇ ਦਰਵਾਜ਼ੇ ਲਾਉਣ ਦੀ ਆਰੰਭਤਾ ਦੀ ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਨੇ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਕਾਰ-ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ ਬਾਬਾ ਸਤਨਾਮ ਸਿੰਘ, ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਗੁਰਦੇਵ ਸਿੰਘ ਤਰਨਾ ਦਲ ਸ਼ਹੀਦੀ ਬਾਗ ਵਾਲੇ, ਬਾਬਾ ਬਚਨ ਸਿੰਘ, ਮਹਿੰਦਰ ਸਿੰਘ ਕਾਰ-ਸੇਵਾ ਦਿੱਲੀ ਵਾਲੇ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ, ਬਾਬਾ ਅਜੀਤ ਸਿੰਘ ਦੇਹਲਾਂ, ਭਾਈ ਇੰਦਰਜੀਤ ਸਿੰਘ ਬਿੱਟੂ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਯੂ.ਕੇ., ਸੇਵਕ ਜਥਾ ਮੁੰਬਈ ਤੋਂ ਸ. ਰਾਮ ਸਿੰਘ ਰਾਠੌਰ, ਅੰਤ੍ਰਿਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਮੀਤ ਸਕੱਤਰ ਸ. ਗੁਰਨਾਮ ਸਿੰਘ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਗੁਰਦੁਆਰਾ ਇੰਸਪੈਕਟਰ ਚੀਫ ਸ. ਜਗਦੀਸ਼ ਸਿੰਘ ਬੁੱਟਰ, ਇੰਚਾਰਜ

ਅਮਲਾ ਸ. ਮੇਜਰ ਸਿੰਘ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਸ. ਤਲਵਿੰਦਰ ਸਿੰਘ ਬੁੱਟਰ, ਹੈੱਡ ਪਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਮੀਤ ਮੈਨੇਜਰ ਸ. ਭੁਪਿੰਦਰ ਸਿੰਘ ਬੀਕਾਪੁਰ, ਐਡਵੋਕੇਟ ਜਸਬੀਰ ਸਿੰਘ ਅਤੇ ਭਾਈ ਸਰਬਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤ ਹਾਜ਼ਰ ਸੀ।

ਇਸ ਮੌਕੇ ਐਡਵੋਕੇਟ ਧਾਮੀ ਨੇ ਦੱਸਿਆ ਕਿ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਦੇ ਲਗਪਗ ਪੌਣੇ ਦੋ ਕਰੋੜ ਰੁਪਏ ਦੇ ਚਾਂਦੀ ਦੇ ਦਰਵਾਜੇ ਲਾਉਣ ਦੀ ਸੇਵਾ ਕਾਰ-ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ ਬਾਬਾ ਸੁੱਚਾ ਸਿੰਘ, ਬਾਬਾ ਸਤਨਾਮ ਸਿੰਘ ਨੇ ਆਪਣੀ ਝੋਲੀ ਪਵਾਈ ਸੀ, ਜਿਸ ਨੂੰ ਗੁਰੂ ਸਾਹਿਬ ਨੇ ਬਖਸ਼ਿਸ਼ ਕਰਕੇ ਪੂਰਾ ਕਰਵਾਇਆ ਹੈ ਅਤੇ ਪੰਜ ਜੋੜੀਆਂ ਦਰਵਾਜੇ ਲਾਉਣ ਦੀ ਸੇਵਾ ਮੁਕੰਮਲ ਹੋ ਗਈ ਹੈ ਜਦੋਂਕਿ ਦੋ ਦਰਵਾਜ਼ੇ ਹੋਰ ਲਾਏ ਜਾਣੇ ਹਨ। ੨੧ ਨਵੰਬਰ

ਪਾਬੰਦੀਸ਼ੁਦਾ ਹਿੰਦੀ ਪੁਸਤਕ 'ਸਿੱਖ ਇਤਿਹਾਸ' ਦਾ ਮੁੱਦਾ ਵਾਰ ਵਾਰ ਉਠਾਉਣਾ ਸ਼ਰਾਰਤ ਭਰੀ ਕਾਰਵਾਈ- ਸ਼੍ਰੋਮਣੀ ਕਮੇਟੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨੂੰ ਸੁਚੇਤ ਕਰਦਿਆਂ ਕਿਹਾ ਹੈ ਕਿ ਕੁਝ ਲੋਕਾਂ ਵੱਲੋਂ ਸਿੱਖਾਂ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਨੂੰ ਜਾਣਬੁੱਝ ਕੇ ਨਿਸ਼ਾਨੇ ਉਤੇ ਲੈਣ ਦੀਆਂ ਲਗਾਤਾਰ ਕੋਸ਼ਿਸ਼ਾਂ ਹੋ ਰਹੀਆਂ ਹਨ, ਜਿਨ੍ਹਾਂ ਤੋਂ ਸਿੱਖ ਪੰਥ ਨੂੰ ਸੁਚੇਤ ਰਹਿਣ ਦੀ ਲੋੜ ਹੈ। ਬੀਤੇ ਦਿਨ ਕੁਝ ਵਿਦਵਾਨਾਂ ਵੱਲੋਂ ਇਤਿਹਾਸ ਦੀ ਉਸ ਪੁਸਤਕ ਦੀ ਚਰਚਾ ਕਰਦਿਆਂ ਸ਼੍ਰੋਮਣੀ ਕਮੇਟੀ ਨੂੰ ਟਾਰਗੇਟ ਕੀਤਾ ਗਿਆ ਜਿਸ ਨੂੰ ਸ਼੍ਰੋਮਣੀ ਕਮੇਟੀ ਨੇ ਪਹਿਲਾਂ ਹੀ ਬੈਨ ਕੀਤਾ ਹੋਇਆ ਹੈ।

ਇਸ ਸਬੰਧੀ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਅਜਿਹੇ ਲੋਕ ਸੋਚੀ ਸਮਝੀ ਸਾਜ਼ਿਸ਼ ਤਹਿਤ ਸਿੱਖ ਸੰਸਥਾ ਨੂੰ ਬਦਨਾਮ ਕਰ ਰਹੇ ਹਨ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ੧੯੯੯ ਵਿਚ ਛਾਪੀ ਹਿੰਦੀ ਪੁਸਤਕ 'ਸਿੱਖ ਇਤਿਹਾਸ' ਦੇ ਮਾਮਲੇ ਨੂੰ ਬਿਨਾ ਵਜ੍ਹਾ ਤੂਲ ਦੇਣਾ ਕਿਸੇ ਵੀ ਤਰ੍ਹਾਂ ਠੀਕ ਨਹੀਂ। ਉਨ੍ਹਾਂ ਕਿਹਾ ਕਿ ਸੱਚਾਈ ਇਹ ਹੈ ਕਿ ਇਸ ਪੁਸਤਕ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਉਦੋਂ ਹੀ ਵਾਪਸ ਲੈ ਲਿਆ ਗਿਆ ਸੀ ਜਦੋਂ ਇਸ ਪੁਸਤਕ ਵਿਚ ਕੁਝ ਇਤਰਾਜ਼ਯੋਗ ਤੱਥਾਂ ਬਾਰੇ ਸੰਗਤਾਂ ਵੱਲੋਂ ਇਤਰਾਜ਼ ਕੀਤੇ ਗਏ ਸਨ। ਉਨ੍ਹਾਂ ਸਪੱਸ਼ਟ ਕੀਤਾ ਕਿ ੨੩ ਨਵੰਬਰ ੨੦੦੭ ਨੂੰ ਜਨਰਲ ਇਜਲਾਸ ਦੌਰਾਨ ਇਕ ਵਿਸ਼ੇਸ਼ ਮਤਾ ਕਰਕੇ ਇਸ ਕਿਤਾਬ 'ਤੇ ਪਾਬੰਦੀ ਲਗਾਉਂਦਿਆਂ ਇਸ ਦੀਆਂ ਛਪੀਆਂ ਕਾਪੀਆਂ ਵਾਪਸ ਲੈ ਲਈਆਂ ਗਈਆਂ ਸਨ। ਉਨ੍ਹਾਂ ਕਿਹਾ ਕਿ ਇਹ ਪੁਸਤਕ ਜੇ. ਡੀ. ਕਨਿੰਘਮ ਦੀ ਅੰਗਰੇਜ਼ੀ ਪੁਸਤਕ 'ਦਾ ਹਿਸਟਰੀ ਆਫ ਸਿੱਖਜ਼' ਦਾ ਹਿੰਦੀ ਅਨੁਵਾਦ ਸੀ, ਜਿਸ ਨੂੰ ਖ਼ਾਲਸਾ ਸਾਜਨਾ ਦਿਵਸ ਦੀ ਤੀਜੀ ਸ਼ਤਾਬਦੀ ਮੌਕੇ ਕੇਵਲ ੩੦੦ ਦੀ ਗਿਣਤੀ ਵਿਚ ਪ੍ਰਕਾਸ਼ਤ ਕੀਤਾ ਗਿਆ ਸੀ।

ਇਸ 'ਤੇ ਇਤਰਾਜ਼ ਆਏ ਸਨ, ਜਿਸ ਦੇ ਮੱਦੇਨਜ਼ਰ ਪੁਸਤਕ 'ਤੇ ਪਾਬੰਦੀ ਲਗਾਈ ਗਈ ਸੀ ਅਤੇ ਇਸ ਸਬੰਧੀ ੨੪ ਅਕਤੂਬਰ ੨੦੧੦ ਅਤੇ ਫਿਰ ੧੧ ਅਗਸਤ ੨੦੧੮ ਨੂੰ ਅਖ਼ਬਾਰਾਂ ਵਿਚ ਇਸ਼ਤਿਹਾਰ ਵੀ ਛਪਾਏ ਗਏ ਸਨ।

ਉਨ੍ਹਾਂ ਕਿਹਾ ਕਿ ਇਸ ਪੁਸਤਕ ਸਬੰਧੀ ਸ਼੍ਰੋਮਣੀ ਕਮੇਟੀ ਦੇ ਜਨਰਲ ਹਾਊਸ ਜੋ ਸਭ ਤੋਂ ਸੁਪਰੀਮ ਹੈ, ਵੱਲੋਂ ਮਤੇ ਰਾਹੀਂ ਜਨਤਕ ਤੌਰ 'ਤੇ ਗਲਤੀ ਪ੍ਰਵਾਨ ਕਰਦਿਆਂ ਕਿਤਾਬ ਰੱਦ ਕੀਤੀ ਸੀ, ਜਿਸ ਮਗਰੋਂ ਇਸ ਕਿਤਾਬ ਦਾ ਕੋਈ ਮਾਮਲਾ ਨਹੀਂ ਬਣਦਾ। ੨੧ ਨਵੰਬਰ

ਗੁਰਦੁਆਰਾ ਬਿਬਾਣਗੜ੍ਹ ਸਾਹਿਬ ਕੀਰਤਪੁਰ ਸਾਹਿਬ ਦੇ ਨਵੇਂ ਦਰਬਾਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਵਾਇਆ

ਸ੍ਰੀ ਅਨੰਦਪੁਰ ਸਾਹਿਬ/ ਕੀਰਤਪੁਰ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਬਾਬਾ ਬਚਨ ਸਿੰਘ ਜੀ ਕਾਰ ਸੇਵਾ ਦਿੱਲੀ ਵਾਲਿਆਂ ਦੇ ਸਹਿਯੋਗ ਨਾਲ ਗੁਰਦੁਆਰਾ ਬਿਬਾਣਗੜ੍ਹ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਦੇ ਸੁੰਦਰ ਦਰਬਾਰ ਸਾਹਿਬ ਦੀ ਉਸਾਰੀ ਦੀ ਕਾਰ-ਸੇਵਾ ਮੁਕੰਮਲ ਹੋਣ 'ਤੇ ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਪ੍ਰਕਾਸ਼ ਕੀਤੇ ਗਏ। ਇਹ ਇਤਿਹਾਸਕ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨਾਲ ਸੰਬੰਧਿਤ ਹੈ। ਜਿਸ ਸਮੇਂ ਭਾਈ ਜੈਤਾ ਜੀ ਦਿੱਲੀ ਤੋਂ ਨੌਵੇਂ ਪਾਤਸ਼ਾਹ ਜੀ ਦਾ ਪਾਵਨ ਸੀਸ ਲੈ ਕੇ ਸ੍ਰੀ ਕੀਰਤਪੁਰ ਸਾਹਿਬ ਪਹੁੰਚੇ ਸਨ ਤਾਂ ਦਸਮ ਪਾਤਸ਼ਾਹ ਜੀ ਨੇ ਪਰਿਵਾਰ ਅਤੇ ਸਿੱਖਾਂ ਨਾਲ ਇਸ ਅਸਥਾਨ 'ਤੇ ਹੀ ਨੌਵੇਂ ਪਾਤਸ਼ਾਹ ਜੀ ਦੇ ਪਾਵਨ ਸੀਸ ਦੇ ਦਰਸ਼ਨ ਕੀਤੇ ਸਨ।

ਕਾਰ ਸੇਵਾ ਬਾਬਾ ਹਰਬੰਸ ਸਿੰਘ, ਬਾਬਾ ਬਚਨ ਸਿੰਘ ਦਿੱਲੀ ਵਾਲਿਆਂ ਵਲੋਂ ਲਗਪਗ ਡੇਢ ਕਰੋੜ ਰੁਪਏ ਦੀ ਲਾਗਤ ਨਾਲ ਗੁਰਦੁਆਰਾ ਬਿਬਾਣਗੜ੍ਹ ਸਾਹਿਬ ਕੀਰਤਪੁਰ ਸਾਹਿਬ ਦੇ ਦਰਬਾਰ ਸਾਹਿਬ ਦੀ ਇਮਾਰਤ ਦੇ ਸੁੰਦਰੀਕਰਨ, ਸੁੱਖ ਆਸਨ ਅਸਥਾਨ, ਸੁੰਦਰ ਪਾਰਕਾਂ ਅਤੇ ਚਾਰਦੀਵਾਰੀ ਦੀ ਸੇਵਾ ਕਰਵਾਈ ਗਈ। ਇਸ ਸੇਵਾ ਦੀ ਸਮਾਪਤੀ 'ਤੇ ਅੱਜ ਨਵੇਂ ਬਣੇ ਦਰਬਾਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਪ੍ਰਕਾਸ਼ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਆਪਣੇ ਸੀਸ 'ਤੇ ਸੁਸ਼ੋਭਿਤ ਕਰਕੇ ਪ੍ਰਕਾਸ਼ ਅਸਥਾਨ 'ਤੇ ਸੁਸ਼ੋਭਿਤ ਕੀਤੇ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅਰਦਾਸ ਕੀਤੀ। ਇਸ ਮੌਕੇ ਰਾਗੀ ਸਿੰਘਾਂ ਨੇ ਗੁਰਬਾਣੀ ਦਾ ਮਨੋਹਰ ਤੇ ਰਸਭਿੰਨਾ ਕੀਰਤਨ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਬਚਨ ਸਿੰਘ ਕਾਰ-ਸੇਵਾ ਦਿੱਲੀ ਵਾਲਿਆਂ ਦਾ ਸਨਮਾਨ ਕੀਤਾ।

ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਬਾਬਾ ਮਹਿੰਦਰ ਸਿੰਘ ਕਾਰ ਸੇਵਾ ਵਾਲੇ, ਬਾਬਾ ਗੁਲਜ਼ਾਰ ਸਿੰਘ, ਬਾਬਾ ਕੁਲਦੀਪ ਸਿੰਘ, ਜਿਨ੍ਹਾਂ ਨੇ ਸੇਵਾ ਦਾ ਸਾਰਾ ਕਾਰਜ ਆਪਣੀ ਨਿਗਰਾਨੀ ਹੇਠ ਕਰਵਾਇਆ, ਬਾਬਾ ਪੂਰਨ ਸਿੰਘ, ਬਾਬਾ ਰਾਮ ਸਿੰਘ ਮੁੰਬਈ ਵਾਲੇ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਜਗਦੇਵ ਸਿੰਘ ਮੁੱਖ ਪ੍ਰਚਾਰਕ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਹਰਦੇਵ ਸਿੰਘ, ਸ. ਅਮਰਜੀਤ ਸਿੰਘ ਜਿੰਦਬੜੀ, ਮੀਤ ਮੈਨੇਜਰ ਸ. ਕਰਮਜੀਤ ਸਿੰਘ ਨਾਭਾ ਅਤੇ ਮੀਤ ਮੈਨੇਜਰ ਸ. ਸੁਖਬੀਰ ਸਿੰਘ ਆਦਿ ਵੀ ਹਾਜ਼ਰ ਸਨ। ੨੧ ਨਵੰਬਰ

ਸ਼੍ਰੋਮਣੀ ਕਮੇਟੀ ਦੇ ਹੜ ਪੀੜਤ ਫੰਡ ਵਿਚ ਅਮਰੀਕਾ ਨਿਵਾਸੀ ਸ. ਹਰਕਿਸ਼ਨ ਸਿੰਘ ਭੱਟੀ ਨੇ ਪਾਇਆ ਯੋਗਦਾਨ

4400 ਅਮਰੀਕੀ ਡਾਲਰ ਅਤੇ ਇੱਕ ਲੱਖ ਰੁਪਏ ਦੀ ਰਾਸ਼ੀ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੂੰ ਸੌਂਪੀ

ਸ੍ਰੀ ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੜ੍ਹ ਪੀੜਤ ਫੰਡ ਲਈ ਅਮਰੀਕਾ ਨਿਵਾਸੀ ਸ.ਹਰਕਿਸ਼ਨ ਸਿੰਘ ਭੱਟੀ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ੪੪੦੦ ਅਮਰੀਕੀ ਡਾਲਰ ਅਤੇ ਇੱਕ ਲੱਖ ਰੁਪਏ ਸਹਿਯੋਗੀ ਰਾਸ਼ੀ ਦੇ ਰੂਪ ਵਿੱਚ ਹਿੱਸਾ ਪਾਇਆ ਗਿਆ ਹੈ। ਅੱਜ ਇੱਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਫ਼ਤਰ ਵਿਖੇ ਸ.ਹਰਕਿਸ਼ਨ ਸਿੰਘ ਨੇ ਇਹ ਰਾਸ਼ੀ ਮੁੱਖ ਸਕੱਤਰ ਸ.ਕੁਲਵੰਤ ਸਿੰਘ ਮੰਨਣ ਨੂੰ ਸੌਂਪੀ।

ਇਸ ਮੌਕੇ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਅਮਰੀਕਾ ਵਿੱਚ ਰਹਿੰਦੇ ਸ.ਹਰਕਿਸ਼ਨ ਸਿੰਘ ਦੇ ਪਰਿਵਾਰ ਵੱਲੋਂ ਸੰਯੁਕਤ ਰੂਪ ਵਿੱਚ ਇਹ ਸੇਵਾ ਦਿੱਤੀ ਗਈ ਹੈ। ਇਸ ਵਿੱਚ ਉਨ੍ਹਾਂ ਦੀਆਂ ਬੇਟੀਆਂ ਹਰਜੀਤ ਕੌਰ ਭੱਟੀ ਵੱਲੋਂ ੧੫੦੦ ਡਾਲਰ, ਜਸਬੀਰ ਕੌਰ ਭੱਟੀ ਵੱਲੋਂ ੨੦੦ ਡਾਲਰ, ਕੁਲਜੀਤ ਕੌਰ ਭੱਟੀ ਵੱਲੋਂ ੨੦੦ ਡਾਲਰ ਅਤੇ ਬੇਟੇ ਗੁਰਜੇਪਾਲ ਸਿੰਘ ਵੱਲੋਂ ੧੩੦੦ ਡਾਲਰ ਭੇਜੇ ਗਏ ਹਨ। ਇਸ ਤੋਂ ਇਲਾਵਾ ਸ.ਹਰਕਿਸ਼ਨ ਸਿੰਘ ਨੇ ਆਪਣੇ ਵੱਲੋਂ ੧੨੦੦ ਅਮਰੀਕੀ ਡਾਲਰ ਤੇ ਇਕ ਲੱਖ ਰੁਪਏ ਦਿੱਤੇ ਹਨ। ਸ. ਮੰਨਣ ਨੇ ਭੱਟੀ ਪਰਿਵਾਰ ਦਾ ਧੰਨਵਾਦ ਕਰਦਿਆਂ ਆਖਿਆ ਕਿ ਮਾਨਵਤਾ ਨਾਲ ਔਖੇ ਸਮੇਂ ਖੜਨਾ ਮਨੁੱਖੀ ਕਦਰਾਂ ਕੀਮਤਾਂ ਦੀ ਵੱਡੀ ਮਿਸਾਲ ਹੈ।

ਇਸ ਮੌਕੇ ਸ. ਹਰਕਿਸ਼ਨ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਰ ਕੁਦਰਤੀ ਆਫ਼ਤ ਮੌਕੇ ਵੱਡੇ ਪੱਧਰ 'ਤੇ ਪੀੜਤਾਂ ਦੀ ਸਹਾਇਤਾ ਕਰਦੀ ਹੈ, ਜਿਸਦਾ ਹਰ ਸਿੱਖ ਨੂੰ ਹਿੱਸਾ ਬਣਨਾ ਚਾਹੀਦਾ ਹੈ।

ਇਸ ਦੌਰਾਨ ਸ. ਹਰਕਿਸ਼ਨ ਸਿੰਘ ਭੱਟੀ ਅਤੇ ਉਨ੍ਹਾਂ ਦੀ ਪਤਨੀ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਓਐਸਡੀ ਸ. ਸਤਬੀਰ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਹਰਭਿੰਦਰ ਸਿੰਘ ਇੰਚਾਰਜ ਸਿੱਖ ਮਿਸ਼ਨਰ ਜੰਮੂ ਕਸ਼ਮੀਰ ਮੌਜੂਦ ਸਨ। ੨੨ ਨਵੰਬਰ

ਰਾਏਪੁਰ ਦੀ ਸੰਗਤ ਵੱਲੋਂ ਹੜ੍ਹ ਪੀੜਤ ਫੰਡ ਲਈ ਸਹਿਯੋਗ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੌਂਪਿਆ 5 ਲੱਖ ਰੁਪਏ ਦਾ ਚੈੱਕ

ਸ੍ਰੀ ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪੀੜਤਾਂ ਦੇ ਪੁਨਰਵਾਸ ਅਤੇ ਉਨ੍ਹਾਂ ਨੂੰ ਲੋੜੀਂਦੀਆਂ ਸਹਾਇਤਾਵਾਂ ਪ੍ਰਦਾਨ ਕਰਨ ਲਈ ਹੜ੍ਹ ਪੀੜਤ ਫੰਡ ਰਾਹੀਂ ਵੱਡੀਆਂ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ। ਇਸ ਫੰਡ ਵਿੱਚ ਸਹਿਯੋਗ ਕਰਦਿਆਂ ਰਾਏਪੁਰ ਦੀ ਸੰਗਤ ਵੱਲੋਂ ਪੰਜ ਲੱਖ ਰੁਪਏ ਦਾ ਯੋਗਦਾਨ ਪਾਇਆ ਗਿਆ ਹੈ।

ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫਤਰ ਵਿਖੇ ਪਹੁੰਚ ਕੇ ਸ. ਚਰਨਜੀਤ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ ਟਾਟੀਬੰਧ ਰਾਏਪੁਰ (ਛੱਤੀਸਗੜ੍ਹ) ਵੱਲੋਂ ਇਹ ਰਾਸ਼ੀ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੂੰ ਸੌਂਪੀ ਗਈ। ਇਸ ਮੌਕੇ ਉਨ੍ਹਾਂ ਦੱਸਿਆ ਕਿ ਸ. ਹਰਪਿੰਦਰ ਸਿੰਘ ਇੰਚਾਰਜ ਸਿੱਖ ਮਿਸ਼ਨਰ ਜੰਮੂ ਕਸ਼ਮੀਰ ਦੀ ਪ੍ਰੇਰਣਾ ਦੇ ਨਾਲ ਰਾਏਪੁਰ ਦੀ ਸੰਗਤ ਨੇ ਸੰਯੁਕਤ ਰੂਪ ਵਿੱਚ ਇਹ ਸੇਵਾ

ਕੀਤੀ ਹੈ। ਇਸ ਸੇਵਾ ਵਿੱਚ ਸ. ਦਲਬੀਰ ਸਿੰਘ, ਸ. ਨਿਸ਼ਾਨ ਸਿੰਘ, ਸ. ਅਜੀਤ ਸਿੰਘ, ਸ. ਜਸਵਿੰਦਰ ਸਿੰਘ, ਸ. ਮਹਿੰਦਰ ਸਿੰਘ, ਸ. ਰਣਜੀਤ ਸਿੰਘ, ਸ. ਪ੍ਰਭਜੀਤ ਸਿੰਘ ਸਮੇਤ ਸਮੂਹ ਮੈਂਬਰ ਸਾਹਿਬਾਨ, ਸਮੂਹ ਸਾਧਸੰਗਤ ਗੁਰਦੁਆਰਾ ਹੀਰਾਪੁਰ ਵੱਲੋਂ ਯੋਗਦਾਨ ਦਿੱਤਾ ਗਿਆ ਹੈ।

ਇਸ ਮੌਕੇ ਸ. ਮੰਨਣ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀ ਸਿਰਮੌਰ ਸੰਸਥਾ ਹੈ, ਸੋ ਇਸ ਵੱਲੋਂ ਚਲਾਏ ਜਾ ਰਹੇ ਸੇਵਾ ਕਾਰਜਾਂ ਵਿੱਚ ਸੰਗਤ ਵੱਧ ਚੜ ਕੇ ਯੋਗਦਾਨ ਪਾਉਂਦੀ ਹੈ। ਇਸੇ ਲੜੀ ਤਹਿਤ ਹੀ ਰਾਏਪੁਰ ਦੀ ਸੰਗਤ ਵੱਲੋਂ ਵੀ ਹੜ੍ਹ ਪੀੜਤ ਫੰਡ ਵਿੱਚ ਵੱਡਾ ਯੋਗਦਾਨ ਪਾਇਆ ਗਿਆ ਹੈ। ਇਸ ਪਰਉਪਕਾਰੀ ਕਾਰਜ ਵਿੱਚ ਯੋਗਦਾਨ ਲਈ ਸ. ਮੰਨਣ ਨੇ ਸ. ਚਰਨਜੀਤ ਸਿੰਘ ਅਤੇ ਹੋਰਾਂ ਦਾ ਸਨਮਾਨ ਕਰਦਿਆਂ ਸਮੂਹ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਸਤਬੀਰ ਸਿੰਘ ਓਐਸਡੀ, ਸ. ਹਰਭਜਨ ਸਿੰਘ ਵਕਤਾ ਮੀਤ ਸਕੱਤਰ, ਸ. ਹਰਪਿੰਦਰ ਸਿੰਘ ਇੰਚਾਰਜ ਸਿੱਖ ਮਿਸ਼ਨਰ ਜੰਮੂ ਕਸ਼ਮੀਰ ਮੌਜੂਦ ਸਨ। ੨੨ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਮਾਛੀਵਾੜਾ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਭੱਠਾ ਸਾਹਿਬ ਰੋਪੜ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਮਾਛੀਵਾੜਾ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਭੱਠਾ ਸਾਹਿਬ ਰੋਪੜਲਈ ਰਵਾਨਾ ਹੋਇਆ। ਜ਼ਿਕਰਯੋਗ ਹੈ ਕਿ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ ੨੧ ਅਗਸਤ ੨੦੨੫ ਨੂੰ ਆਰੰਭ ਹੋਇਆ ਇਹ ਸ਼ਹੀਦੀ ਨਗਰ ਕੀਰਤਨ ਦੇਸ਼ ਦੇ ੨੪ ਸੂਬਿਆਂ ਤੋਂ ਹੁੰਦਾ ਹੋਇਆ ਕਰੀਬ ਤਿੰਨ ਮਹੀਨਿਆਂ ਮਗਰੋਂ ਭਲਕੇ ੨੩ ਨਵੰਬਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜ ਕੇ ਸੰਪੰਨ ਹੋਵੇਗਾ।

ਇਸ ਮੌਕੇ ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਮਾਛੀਵਾੜਾਂ ਵਿਖੇ ਸਜੇ ਧਾਰਮਿਕ ਦੀਵਾਨ ਮੌਕੇ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ਸ਼ੋਭਿਤ ਕਰਨ ਦੀ ਸੇਵਾ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਨਿਭਾਈ। ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਸੰਗਤਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਇਸ ਦੌਰਾਨ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਅਵਤਾਰ ਸਿੰਘ ਰਿਆ, ਸ. ਹਰਪਾਲ ਸਿੰਘ ਜੱਲ੍ਹਾ, ਸ. ਰਣਜੀਤ ਸਿੰਘ ਮੰਗਲੀ, ਬੀਬੀ ਹਰਜਿੰਦਰ ਕੌਰ ਪੁਵਾਤ, ਹਲਕਾ ਇੰਚਾਰਜ ਸ. ਸਰਬਜੀਤ ਸਿੰਘ ਢਿੱਲੋਂ, ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਗੁਰਦੁਆਰਾ ਭੱਠਾ ਸਾਹਿਬ ਦੇ ਮੈਨੇਜਰ ਸ. ਜਸਵੀਰ ਸਿੰਘ, ਸੁਪਰਵਾਈਜ਼ਰ

ਸ. ਲਾਲ ਸਿੰਘ, ਸ. ਸੁਖਰਾਜ ਸਿੰਘ ਤੇ ਸ. ਗੁਰਮੀਤ ਸਿੰਘ, ਗੁ: ਇੰਸਪੈਕਟਰ ਸ. ਰਣਜੀਤ ਸਿੰਘ, ਸ. ਸ਼ਰਨਜੀਤ ਸਿੰਘ ਤੇ ਸ. ਮਲਕੀਤ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨੨ ਨਵੰਬਰ

ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਮੌਕੇ ਵੱਡੀ ਗਿਣਤੀ ਸੰਗਤਾਂ ਦੀ ਆਮਦ

ਸ਼੍ਰੋਮਣੀ ਕਮੇਟੀ ਵੱਲੋਂ ਲਗਾਈ ਚਿੱਤਰ ਤੇ ਪੁਸਤਕ ਪ੍ਰਦਰਸ਼ਨੀ ਸੰਗਤਾਂ ਲਈ ਖਿੱਚ ਦਾ ਕੇਂਦਰ ਰਹੀ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਗੁਰਤਾਗੱਦੀ ਦਿਵਸ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸਮਾਗਮਾਂ ਸਮੇਂ ਸੰਗਤਾਂ ਦੀ ਆਮਦ ਸ਼ੁਰੂ ਹੋ ਗਈ ਹੈ। ਅੱਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਗੁਰਦੁਆਰਾ ਸੀਸ ਗੰਜ ਸਾਹਿਬ, ਗੁਰਦੁਆਰਾ ਭੋਰਾ ਸਾਹਿਬ ਸਮੇਤ ਵੱਖ-ਵੱਖ ਅਸਥਾਨਾਂ 'ਤੇ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਿਥੇ ਸੰਗਤਾਂ ਦੀ ਸਹੂਲਤ ਲਈ ਵੱਡੇ ਪ੍ਰਬੰਧ ਕੀਤੇ ਗਏ ਹਨ, ਉਥੇ ਕਾਰ ਸੇਵਾ ਵਾਲੇ ਮਹਾਂਪੁਰਖਾਂ, ਵੱਖ-ਵੱਖ ਜਥੇਬੰਦੀਆਂ, ਸਭਾ ਸੁਸਾਇਟੀਆਂ ਅਤੇ ਸੰਗਤਾਂ ਵੱਲੋਂ ਲੰਗਰ ਲਗਾਏ ਗਏ ਹਨ।

ਸ਼ਤਾਬਦੀ ਸਮਾਗਮਾਂ ਮੌਕੇ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਭੋਰਾ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਇਤਿਹਾਸ ਨੂੰ ਰੂਪਮਾਨ ਕਰਦੀ ਚਿੱਤਰ ਪ੍ਰਦਰਸ਼ਨੀ ਲਗਾਈ ਗਈ ਹੈ, ਜੋ ਸੰਗਤਾਂ ਲਈ ਖਿੱਚ ਦਾ ਕੇਂਦਰ ਰਹੀ। ਧਰਮ ਪ੍ਰਚਾਰ ਕਮੇਟੀ ਦੀ ਪੁਸਤਕ ਪ੍ਰਦਰਸ਼ਨੀ ਪ੍ਰਤੀ ਵੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ। ਅੱਜ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਵਾਲੀਆਂ ਸ਼ਖ਼ਸੀਅਤਾਂ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ ਤੇ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ ਸਾਮਲ ਸਨ।

ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਨੌਵੇਂ ਪਾਤਸ਼ਾਹ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਇਲਾਕੇ ਦੇ ਪਤਵੰਤਿਆਂ ਨਾਲ ਮੀਟਿੰਗ

ਗੁ. ਧੋਬੜੀ ਸਾਹਿਬ ਆਸਾਮ ਤੋਂ ਚੱਲ ਕੇ 23 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਪੁੱਜਣ ਵਾਲੇ ਸ਼ਹੀਦੀ ਨਗਰ ਕੀਰਤਨ ਦਾ ਸਵਾਗਤ ਕਰਨ ਲਈ ਵੱਧ ਤੋਂ ਵੱਧ ਸੰਗਤ ਪੁੱਜੇ- ਐਡਵੋਕੇਟ ਧਾਮੀ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ

ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਲੋਂ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡਾਂ ਦੀਆਂ ਗੁਰਦੁਆਰਾ ਕਮੇਟੀਆਂ, ਸਰਪੰਚਾਂ, ਪੰਚਾਂ ਅਤੇ ਹੋਰ ਸਿੱਖ ਜਥੇਬੰਦੀਆਂ ਤੇ ਪਤਵੰਤਿਆਂ ਨਾਲ ਮੀਟਿੰਗ ਕੀਤੀ ਗਈ।

ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਇਲਾਕਾ ਨਿਵਾਸੀਆਂ ਨੂੰ ਰਲ-ਮਿਲ ਕੇ ਜਥਿਆਂ ਦੇ ਰੂਪ ਵਿਚ ਵੱਧ ਤੋਂ ਵੱਧ ਸੇਵਾ ਕਰਨ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਦੱਸਿਆ ਕਿ ਨੌਵੇਂ ਪਾਤਸ਼ਾਹ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ੨੧ ਅਗਸਤ ਨੂੰ ਗੁਰਦੁਆਰਾ ਧੁਬੜੀ ਸਾਹਿਬ (ਅਸਾਮ) ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ੨੦ ਸੂਬਿਆਂ ਦੇ ਵੱਖ-ਵੱਖ ਸ਼ਹਿਰਾਂ ਵਿਚੋਂ ਹੁੰਦਾ ਹੋਇਆ ਭਲ੍ਹਕੇ ੨੩ ਨਵੰਬਰ ਨੂੰ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚੇਗਾ, ਜਿਸ ਦੇ ਭਾਵਭਿੰਨੇ ਸਵਾਗਤ ਲਈ ਇਲਾਕੇ ਦੀਆਂ ਸੰਗਤਾਂ ਨੂੰ ਵੱਧ ਚੜ੍ਹ ਕੇ ਪਹੁੰਚਣਾ ਚਾਹੀਦਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਇਲਾਕੇ ਦੇ ਪਤਵੰਤਿਆਂ ਨੂੰ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਵਿਆਪਕ ਪ੍ਰਬੰਧਾਂ ਅਤੇ ਪ੍ਰੋਗਰਾਮ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਵਿਚ ਪੁੱਜਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।

ਇਸ ਮੌਕੇ ਜਥੇਦਾਰ ਮੋਹਨ ਸਿੰਘ ਢਾਹੇ, ਸ. ਜਸਬੀਰ ਸਿੰਘ ਢੇਰ, ਸਰਕਲ ਪ੍ਰਧਾਨ ਸ. ਹਰਮੇਸ਼ ਸਿੰਘ ਕਾਨੂੰਗੋ, ਸ. ਕੁਲਵਿੰਦਰ ਸਿੰਘ ਬਹਿਣੀ ਸਰਪੰਚ, ਸ. ਬਾਦਲ ਸਿੰਘ ਬੱਸੀ, ਸ. ਕੁਲਬੀਰ ਸਿੰਘ ਅਸਮਾਨਪੁਰ, ਸ. ਨਿਰਮਲ ਸਿੰਘ ਹਰੀਵਾਲ, ਸ. ਸੁਰਿੰਦਰ ਮਟੌਰ, ਬਾਬਾ ਮਲਕੀਤ ਸਿੰਘ ਨਾਨਕਸਰ, ਸ. ਜਰਨੈਲ ਸਿੰਘ ਸੂਰੇਵਾਲ, ਸ. ਹਰਦੇਵ ਸਿੰਘ ਦੇਬੀ, ਸ. ਜਸਪਾਲ ਸਿੰਘ ਗੋਹਲਣੀ, ਸ. ਹਰਜੀਤ ਸਿੰਘ ਮਾਨ, ਸ. ਹਰਭਵਨ ਸਿੰਘ ਫੌਜੀ, ਸ. ਕਰਮ ਸਿੰਘ ਡੱਬਰੀ, ਸ. ਹਰਜੀਤ ਸਿੰਘ ਨੰਬਰਦਾਰ ਚੰਦਪੁਰ ਬੇਲਾ, ਸ. ਜੋਗਾ ਸਿੰਘ, ਮਾ. ਅਰਜਨ ਸਿੰਘ, ਸ. ਹਰਪਾਲ ਸਿੰਘ ਪਾਲ ਸਰਪੰਚ, ਸ. ਤਾਰਾ ਸਿੰਘ ਬੁਰਜ, ਸ. ਹਰਮੇਸ਼ ਸਿੰਘ ਬੁਰਜ, ਸ. ਗੁਰਬਚਨ ਸਿੰਘ ਲੋਧੀਪੁਰ, ਸ. ਦਵਿੰਦਰ ਸਿੰਘ ਢਿੱਲੋਂ, ਸ. ਗਗਨ ਸਿੰਘ, ਸ. ਹਰਮਿੰਦਰ ਸਿੰਘ ਅਗੰਮਪੁਰ, ਸ. ਅਵਤਾਰ ਸਿੰਘ ਤਾਰੀ ਨੰਗਲ, ਸ. ਤਰਲੋਚਨ ਸਿੰਘ, ਸ. ਜਰਨੈਲ ਸਿੰਘ ਭਾਉਵਾਲ, ਸ. ਗੁਰਦਿਆਲ ਸਿੰਘ ਬਹਿਲੂ, ਸ. ਦਿਲਬਾਗ ਸਿੰਘ ਜਿੰਦਬੜੀ ਅਤੇ ਵੱਡੀ ਗਿਣਤੀ ਵਿਚ ਇਲਾਕੇ ਦੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ। ੨੨ ਨਵੰਬਰ

ਕੇਂਦਰ ਵੱਲੋਂ ਚੰਡੀਗੜ੍ਹ ਨੂੰ ਇੱਕ ਆਮ ਕੇਂਦਰ ਸ਼ਾਸਤ ਪ੍ਰਦੇਸ਼ ਦੇ ਰੂਪ ਵਿੱਚ ਬਦਲਣ ਦੀ ਕੋਸ਼ਿਸ਼ ਪੰਜਾਬ ਨਾਲ ਨਾਇਨਸਾਫੀ- ਐਡਵੋਕੇਟ ਧਾਮੀ

ਸ੍ਰੀ ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਨੂੰ ਪੰਜਾਬ ਤੋਂ ਪੂਰੀ ਤਰ੍ਹਾਂ ਵੱਖ ਕਰਕੇ ਇਸਨੂੰ ਇੱਕ ਆਮ ਕੇਂਦਰ ਸ਼ਾਸਤ ਪ੍ਰਦੇਸ਼ ਦੇ ਰੂਪ ਵਿੱਚ ਬਦਲਣ ਦੀ ਕੋਸ਼ਿਸ਼ ਨੂੰ ਸੰਵਿਧਾਨਿਕ ਨਿਯਮਾਂ ਅਤੇ ਪੰਜਾਬ ਦੇ ਹੱਕਾਂ 'ਤੇ ਸਿੱਧਾ ਹਮਲਾ ਕਰਾਰ ਦਿੱਤਾ ਹੈ। ਜਾਰੀ ਬਿਆਨ ਵਿਚ ਐਡਵੋਕੇਟ ਧਾਮੀ ਨੇ ਕਿਹਾ ਕਿ ਪਾਰਲੀਮੈਂਟ ਦੇ ਆਉਣ ਵਾਲੇ ਸਰਦ ਰੁੱਤ ਇਜਲਾਸ ਵਿੱਚ ਲਿਆਂਦੇ ਜਾ ਰਹੇ ੧੩੧ਵੇਂ ਸੰਵਿਧਾਨ ਸੋਧ ਬਿੱਲ ਰਾਹੀਂ

ਚੰਡੀਗੜ੍ਹ 'ਤੇ ਪੰਜਾਬ ਦੇ ਜਾਇਜ਼ ਹੱਕ ਨੂੰ ਖਤਮ ਕਰਨ ਦੀ ਇਹ ਸਾਜ਼ਿਸ਼ ਬਿਲਕੁਲ ਪ੍ਰਵਾਨ ਨਹੀਂ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਮੇਂ ਸਮੇਂ ਤੇ ਕੇਂਦਰ ਸਰਕਾਰਾਂ ਵੱਲੋਂ ਗੈਰ-ਸੰਵਿਧਾਨਿਕ ਤਰੀਕਿਆਂ ਨਾਲ ਚੰਡੀਗੜ੍ਹ 'ਤੇ ਪੰਜਾਬ ਦੇ ਹੱਕ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਰਹੀਆਂ ਹਨ। ਭਾਵੇਂ ਕਈ ਵਾਰ ਚੰਡੀਗੜ੍ਹ ਦੇ ਪੰਜਾਬ ਨਾਲ ਸੰਬੰਧਤ ਹੋਣ ਦੇ ਵਾਅਦੇ ਤਾਂ ਕੀਤੇ ਗਏ, ਪਰ ਹਰ ਵਾਰ ਇਹ ਵਾਅਦੇ ਤੋੜ ਕੇ ਨਵੀਆਂ ਅੜਚਣਾਂ ਖੜੀਆਂ ਕੀਤੀਆਂ ਗਈਆਂ। ਹੁਣ ਭਾਜਪਾ ਸਰਕਾਰ ਵੱਲੋਂ ਲਿਆਂਦਾ ਜਾ ਰਿਹਾ ਬਿੱਲ ਪੰਜਾਬ ਦੇ ਹੱਕਾਂ ਦੇ ਕਤਲ ਦੇ ਨਾਲ ਨਾਲ ਰਾਜਾਂ ਦੇ ਅਧਿਕਾਰਾਂ ਨੂੰ ਖ਼ਤਮ ਕਰਨ ਵੱਲ ਇਕ ਹੋਰ ਵੱਡਾ ਕਦਮ ਹੈ।

ਐਡਵੋਕੇਟ ਧਾਮੀ ਨੇ ਸਪੱਸ਼ਟ ਕੀਤਾ ਕਿ ਚੰਡੀਗੜ੍ਹ ਪੰਜਾਬ ਦਾ ਹੈ ਅਤੇ ਇਸਨੂੰ ਪੰਜਾਬ ਤੋਂ ਖੋਹਣ ਦੀ ਕਿਸੇ ਵੀ ਸਾਜ਼ਿਸ਼ ਨੂੰ ਕਦੇ ਵੀ ਪ੍ਰਵਾਨ ਨਹੀਂ ਕੀਤਾ ਜਾਵੇਗਾ। ਇਹ ਬਿੱਲ ਕੇਵਲ ਤਕਨੀਕੀ ਜਾਂ ਪ੍ਰਸ਼ਾਸਕੀ ਤਬਦੀਲੀ ਨਹੀਂ, ਸਗੋਂ ਪੰਜਾਬ ਦੇ ਅਧਿਕਾਰਾਂ 'ਤੇ ਸਿੱਧਾ ਡਾਕਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਇਹ ਕੋਸ਼ਿਸ਼ਾਂ ਨਾ ਕੇਵਲ ਪੰਜਾਬ, ਸਗੋਂ ਪੂਰੇ ਦੇਸ਼ ਦੀ ਏਕਤਾ ਅਤੇ ਭਰੋਸੇ ਨੂੰ ਨੁਕਸਾਨ ਪਹੁੰਚਾਉਣਗੀਆਂ। ਸ਼੍ਰੋਮਣੀ ਕਮੇਟੀ ਨੇ ਪੰਜਾਬ ਦੇ ਸਾਰੇ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਪ੍ਰਤਿਨਿਧੀਆਂ ਨੂੰ ਅਪੀਲ ਕੀਤੀ ਕਿ ਚੰਡੀਗੜ੍ਹ ਉੱਤੇ ਪੰਜਾਬ ਦੇ ਹੱਕ ਦੀ ਰੱਖਿਆ ਲਈ ਇਕੱਠੇ ਹੋ ਕੇ ਲੋਕਤੰਤਰਕ ਅਤੇ ਸੰਵਿਧਾਨਿਕ ਪੱਧਰ 'ਤੇ ਮਜ਼ਬੂਤ ਸੰਘਰਸ਼ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਪੰਜਾਬ ਦਾ ਅਟੁੱਟ ਹਿੱਸਾ ਹੈ ਅਤੇ ਇਸ ਹੱਕ ਦੀ ਰੱਖਿਆ ਲਈ ਹਰ ਪੱਧਰ ਉੱਤੇ ਆਵਾਜ ਬੁਲੰਦ ਕੀਤੀ ਜਾਵੇਗੀ। ੨੩ ਨਵੰਬਰ

ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਦੌਰਾਨ ਪੰਜਾਬ ਦੇ ਰਾਜਪਾਲ, ਹਿਮਾਚਲ ਦੇ ਮੁੱਖ ਮੰਤਰੀ ਸਮੇਤ ਵੱਡੀ ਗਿਣਤੀ ਸੰਗਤਾਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ

ਨੌਵੇਂ ਪਾਤਸ਼ਾਹ ਦੀ ਸ਼ਹਾਦਤ ਧਰਮ ਦੀ ਰਖਵਾਲੀ ਲਈ ਦੁਨੀਆ 'ਚ ਵਿਲੱਖਣ- ਰਾਜਪਾਲ ਸ੍ਰੀ ਕਟਾਰੀਆ

ਨੌਵੇਂ ਪਾਤਸ਼ਾਹ ਦੀ ਸ਼ਹਾਦਤ ਨੇ ਸਮਾਜ ਨੂੰ ਭਾਈਚਾਰਕ ਏਕਤਾ, ਮਾਨਵੀ ਪ੍ਰੇਮ ਅਤੇ ਸਮਾਜ ਨੂੰ ਇਕਸੁਰਤਾ ਦੀ ਪ੍ਰੇਰਨਾ ਦਿੱਤੀ -ਮੁੱਖ ਮੰਤਰੀ ਹਿਮਾਚਲ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ੩੫੦ ਸ਼ਹੀਦੀ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਗੁਰਤਾਗੱਦੀ ਦਿਵਸ ਸਮਾਗਮਾਂ ਦੌਰਾਨ ਅੱਜ ਗੁਰਦੁਆਰਾ ਸੀਸਗੰਜ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਦਸਵੇਂ ਪਾਤਸ਼ਾਹ ਜੀ ਦੇ ਗੁਰਿਆਈ ਅਸਥਾਨ ਗੁਰਦੁਆਰਾ ਦਮਦਮਾ ਸਾਹਿਬ, ਗੁਰੂ ਕੇ ਮਹਿਲ ਵਿਖੇ ਅਨੇਕਾਂ ਧਾਰਮਿਕ, ਰਾਜਨੀਤਕ ਅਤੇ ਸਮਾਜਿਕ ਸਖਸ਼ੀਅਤਾਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸ਼ਰਧਾ ਅਤੇ ਸਤਿਕਾਰ ਭੇਟ

ਕੀਤਾ। ਇਸ ਦੌਰਾਨ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰੂ ਸਾਹਿਬ ਜੀ ਦੇ ਜੀਵਨ, ਇਤਿਹਾਸ ਬਾਰੇ ਤਿੰਨ ਪੁਸਤਕਾਂ ਅਤੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਸੋਵੀਨਾਰ ਵੀ ਜਾਰੀ ਕੀਤਾ ਗਿਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਗੁਰਦੁਆਰਾ ਗੁਰਿਆਈ ਅਸਥਾਨ ਵਿਖੇ ਦਸਵੇਂ ਪਾਤਸ਼ਾਹ ਜੀ ਦੇ ਗੁਰਤਾਗੱਦੀ ਦਿਵਸ ਦੀ ੩੫੦ ਸਾਲਾ ਸ਼ਤਾਬਦੀ ਸਬੰਧੀ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਪ੍ਰਮੁੱਖ ਸਖਸ਼ੀਅਤਾਂ ਨੇ ਗੁਰੂ ਸਾਹਿਬ ਦੇ ਜੀਵਨ, ਸਿਧਾਂਤ ਤੇ ਸ਼ਹੀਦੀ ਬਾਰੇ ਵਿਚਾਰ ਸਾਂਝੇ ਕੀਤੇ।

ਸ਼੍ਰੋਮਣੀ ਕਮੇਟੀ ਵਲੋਂ ਅਯੋਜਿਤ ਸ਼ਤਾਬਦੀ ਸਮਾਗਮ ਦੌਰਾਨ ਪੁੱਜੀਆਂ ਪ੍ਰਮੁੱਖ ਸਖਸ਼ੀਅਤਾਂ ਵਿੱਚ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ, ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਸੁਖਵਿੰਦਰ ਸਿੰਘ ਸੁੱਖੂ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਦਮਦਮੀ ਟਕਸਾਲ ਦੇ ਮੁਖੀ ਗਿਆਨੀ ਹਰਨਾਮ ਸਿੰਘ ਖਾਲਸਾ, ਤਰਨਾ ਦਲ ਹਰੀਆਂ ਵੇਲਾਂ ਦੇ ਮੁਖੀ ਬਾਬਾ ਨਿਹਾਲ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਬਾਬਾ ਮਹਿੰਦਰ ਸਿੰਘ ਯੂ.ਕੇ., ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਭੁਪਿੰਦਰ ਸਿੰਘ ਭਲਵਾਨ, ਭਾਈ ਅਜੈਬ ਸਿੰਘ ਅਭਿਆਸੀ ਸ. ਅਵਤਾਰ ਸਿੰਘ ਰੀਆ, ਹਿਮਾਚਲ ਪ੍ਰਦੇਸ਼ ਤੋਂ ਵਿਧਾਇਕ ਬਾਵਾ ਹਰਦੀਪ ਸਿੰਘ ਤੇ ਸ੍ਰੀ ਰਮੇਸ਼ ਸ਼ਰਮਾ ਸਮੇਤ ਹੋਰ ਹਾਜ਼ਰ ਸਨ।

ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਵਿਚ ਪੁੱਜੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੁਨੀਆਂ ਅੰਦਰ ਪਹਿਲੀ ਅਜਿਹੀ ਸ਼ਹਾਦਤ ਹੈ ਜੋ ਧਰਮ ਦੀ ਰਖਵਾਲੀ ਲਈ ਹੋਈ। ਉਨ੍ਹਾਂ ਕਿਹਾ ਕਿ ਇਹ ਵੀ ਗੌਰਵਮਈ ਇਤਿਹਾਸ ਹੈ ਕਿ ਕਸ਼ਮੀਰੀ ਪੰਡਿਤਾਂ ਦੀ ਫ਼ਰਿਆਦ 'ਤੇ ਸ੍ਰੀ (ਗੁਰੂ) ਗੋਬਿੰਦ ਰਾਏ ਜੀ ਨੇ ਆਪਣੇ ਪਿਤਾ ਨੂੰ ਸ਼ਹਾਦਤ ਲਈ ਤੋਰਿਆ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਮਗਰੋਂ ਉਨ੍ਹਾਂ ਦੇ ਸੀਸ ਨੂੰ ਬਿਖੜੇ ਪੈਂਡਿਆਂ ਰਾਹੀਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਵਾਲੇ ਸਿੱਖ ਦੀ ਕੁਰਬਾਨੀ ਨੂੰ ਵੀ ਸਿਜਦਾ ਹੈ।

ਇਸ ਮੌਕੇ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਆਪਣੀ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਆਖਿਆ ਕਿ ਨੌਵੇਂ ਪਾਤਸ਼ਾਹ ਨੇ ਸਮਾਜ ਨੂੰ ਭਾਈਚਾਰਕ ਏਕਤਾ, ਮਾਨਵਤਾ ਨਾਲ ਪ੍ਰੇਮ ਅਤੇ ਸਮਾਜ ਨੂੰ ਇਕਸੁਰਤਾ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸਾਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਦਾ ਚਿੰਤਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਆਪਣੀ ਅਜ਼ੀਮ ਸ਼ਹਾਦਤ ਦੇ ਕੇ ਹਿੰਦੋਸਤਾਨ ਦੀ ਧਰਤੀ ਤੋਂ ਮੁਗਲਾਂ ਦੇ ਜ਼ੁਲਮੀ ਰਾਜ ਦੀ ਜੜ੍ਹ ਪੁੱਟ ਦਿੱਤੀ ਸੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਵਲੋਂ ਹਿੰਦੂ ਧਰਮ ਦੀ ਰੱਖਿਆ ਲਈ ਸ਼ਹਾਦਤ ਦੇਣ ਵਾਸਤੇ ਦਿੱਲੀ ਰਵਾਨਾ ਹੋਣ ਤੋਂ ਪਹਿਲਾਂ ਅੱਜ ਦੇ ਦਿਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਨੌਂ ਸਾਲਾ ਆਪਣੇ ਸਪੁੱਤਰ ਸ੍ਰੀ ਗੋਬਿੰਦ ਰਾਇ ਜੀ ਨੂੰ ਗੁਰਤਾਗੱਦੀ ਬਖਸ਼ਿਸ਼ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅੱਜ

ਵਿਸ਼ਵ ਦੀ ਜਮਹੂਰੀਅਤ ਪ੍ਰਣਾਲੀ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਮਹਾਨ ਸ਼ਹਾਦਤ ਦੀ ਬਦੌਲਤ ਹੈ। ਉਨ੍ਹਾਂ ਅਜੋਕੇ ਸੰਦਰਭ ਦੀ ਗੱਲ ਕਰਦਿਆਂ ਆਖਿਆ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਦੂਜਿਆਂ ਦੀ ਧਾਰਮਿਕ ਆਜ਼ਾਦੀ ਲਈ ਸ਼ਹਾਦਤ ਦਿੱਤੀ ਸੀ ਪਰ ਅੱਜ ਸਿੱਖਾਂ ਦੀ ਧਾਰਮਿਕ ਆਜ਼ਾਦੀ ਉੱਤੇ ਹਮਲੇ ਹੋ ਰਹੇ ਹਨ। ਉਨ੍ਹਾਂ ਸਿੱਖਾਂ ਦੇ ਧਾਰਮਿਕ ਸਿਧਾਂਤ, ਪਰੰਪਰਾ ਅਤੇ ਇਤਿਹਾਸ 'ਤੇ ਹੋ ਰਹੇ ਹਮਲਿਆਂ ਦਾ ਸਾਹਮਣਾ ਕਰਨ ਲਈ ਵੀ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਪਾਵਨ ਸ਼ਹਾਦਤ ਤੋਂ ਪ੍ਰੇਰਨਾ ਲੈਣ ਦੀ ਲੋੜ 'ਤੇ ਜ਼ੋਰ ਦਿੱਤਾ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਮਨੁੱਖੀ ਅਧਿਕਾਰਾਂ ਅਤੇ ਧਰਮ ਦੀ ਆਜ਼ਾਦੀ ਲਈ ਮਹਾਨ ਦੇਣ ਦਾ ਗੱਲ ਕਰਦਿਆਂ ਆਖਿਆ ਕਿ ਦੁਨੀਆ ਦੇ ਵਿਚ ਕਿਸੇ ਵੀ ਧਰਮ ਦਾ ਆਗੂ ਜਾਂ ਬਾਨੀ ਨੌਵੇਂ ਪਾਤਸ਼ਾਹ ਦਾ ਸਾਨੀ ਨਹੀਂ ਹੋ ਸਕਿਆ, ਜਿਨ੍ਹਾਂ ਨੇ ਆਪਣਾ ਸੀਸ ਕਟਵਾ ਕੇ ਤਿਲਕ-ਜੰਞੂ ਬਚਾਇਆ ਅਤੇ ਬਾਦਸ਼ਾਹ ਔਰੰਗਜ਼ੇਬ ਦੇ ਜ਼ੁਲਮੀ ਰਾਜ ਦਾ ਅੰਤ ਕੀਤਾ। ਉਨ੍ਹਾਂ ਕਿਹਾ ਕਿ ਅੱਜ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮਨਾਉਂਦਿਆਂ ਸਿੱਖ ਪੰਥ ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦਾ ਵੀ ੩੫੦ ਸਾਲਾ ਸ਼ਹੀਦੀ ਦਿਹਾੜਾ ਵੀ ਮਨਾ ਰਿਹਾ ਹੈ, ਜਿਨ੍ਹਾਂ ਨੇ ਆਪਣੇ ਗੁਰੂ ਪ੍ਰਤੀ ਸਿੱਖ ਦੀ ਸ਼ਰਧਾ, ਸਤਿਕਾਰ ਤੇ ਸਮਰਪਣ ਦੀ ਅਦੁੱਤੀ ਮਿਸਾਲ ਕਾਇਮ ਕੀਤੀ। ਇਸ ਮੌਕੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨੌਵੇਂ ਪਾਤਸ਼ਾਹ ਦੇ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਪੰਜਾਬ ਸਰਕਾਰ ਵਲੋਂ ੨੫ ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸ਼ੈਸਨ ਬਾਰੇ ਬੋਲਦਿਆਂ ਕਿਹਾ ਕਿ ਇਹ ਸ਼ੈਸਨ ਗੁਰੂ ਸਾਹਿਬ ਨੂੰ ਸਮਰਪਿਤ ਤਾਂ ਹੀ ਹੋਵੇਗਾ ਜੇਕਰ ਇਸ ਵਿਚ ਬੰਦੀ ਸਿੰਘਾਂ ਦੀ ਰਿਹਾਈ, ਚੰਡੀਗੜ੍ਹ ਪੰਜਾਬ ਹਵਾਲੇ ਕਰਨ ਅਤੇ ਸ੍ਰੀ ਅਨੰਦਪੁਰ ਸਾਹਿਬ ਅਤੇ ਸ੍ਰ ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਵੇਗੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੇ ਸਿਧਾਂਤ ਤੇ ਉਪਦੇਸ਼ਾਂ ਦੀ ਗੱਲ ਕੀਤੇ ਬਗੈਰ ਉਨ੍ਹਾਂ ਦੀ ਸ਼ਤਾਬਦੀ ਮਨਾਉਣੀ ਸਫਲ ਨਹੀਂ ਹੋ ਸਕਦੀ।

ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਗੁਰ ਸ਼ਬਦ ਦੀ ਕਥਾ-ਵੀਚਾਰ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਮਹਾਨ ਸ਼ਹਾਦਤ ਦੇ ਕੇ ਸਨਾਤਨ ਧਰਮ ਦੀ ਹੋਂਦ-ਹਸਤੀ ਨੂੰ ਬਚਾਇਆ ਸੀ। ਉਨ੍ਹਾਂ ਇਹ ਵੀ ਕਿਹਾ ਕਿ ਬਾਦਸ਼ਾਹ ਔਰੰਗਜ਼ੇਬ ਨੇ ਆਪਣੇ ਰਾਜ-ਭਾਗ ਨੂੰ ਸਲਾਮਤ ਰੱਖਣ ਲਈ ਹਿੰਦੋਸਤਾਨ ਦੀ ਲੋਕਾਈ 'ਤੇ ਅੰਨ੍ਹਾ ਜ਼ੁਲਮ ਕੀਤਾ ਪਰ ਉਸ ਦਾ ਰਾਜ ਫਿਰ ਵੀ ਨਹੀਂ ਰਿਹਾ। ਦੂਜੇ ਪਾਸੇ ਖ਼ਾਲਸਾ ਪੰਥ ਦੇ ਨਿਸ਼ਾਨ ਜੁਗੋ-ਜੁਗ ਝੂਲਦੇ ਰਹਿਣਗੇ।

ਇਸ ਮੌਕੇ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਨੇ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸਾਨੂੰ ਆਤਮ ਚਿੰਤਨ ਕਰਨ ਅਤੇ ਗੁਰੂ ਸਾਹਿਬ ਦੀ ਸਿੱਖਿਆ, ਉਪਦੇਸ਼ ਅਤੇ ਸਿਧਾਂਤਾਂ 'ਤੇ ਚੱਲਣ ਦੀ ਪ੍ਰੇਰਨਾ ਲੈਣੀ ਚਾਹੀਦੀ ਹੈ।

ਸਮਾਗਮਾਂ ਦੌਰਾਨ ਭਾਈ ਮਹਿੰਦਰ ਸਿੰਘ ਨਿਸ਼ਕਾਮ ਸੇਵਕ ਜਥਾ ਯੂਕੇ, ਸਵਾਮੀ ਜੀ ਹੁਸਿਆਰਪੁਰ ਵਾਲੇ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ, ਬਾਬਾ ਲੱਖਾ ਸਿੰਘ ਕੋਟਾ, ਬਾਬਾ ਰੋਸ਼ਨ ਸਿੰਘ ਚੱਕ ਪੱਖੀ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਭੁਪਿੰਦਰ ਸਿੰਘ ਭਲਵਾਨ, ਭਾਈ ਅਜੈਬ ਸਿੰਘ ਅਭਿਆਸੀ ਸ. ਅਵਤਾਰ ਸਿੰਘ ਰੀਆ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ

ਸ. ਕੁਲਦੀਪ ਸਿੰਘ ਰੋਡੇ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਸ. ਰਾਮ ਸਿੰਘ ਮੁੰਬਈ ਆਨਰੇਰੀ ਇੰਚਾਰਜ ਸਿੱਖ ਮਿਸ਼ਨ ਮਹਾਂਰਾਸ਼ਟਰ ਤੇ ਗੁਜਰਾਤ, ਸ. ਦਿਲਸਾਦ ਸਿੰਘ ਅਨੰਦ ਆਨਰੇਰੀ ਇੰਚਾਰਜ ਸਿੱਖ ਮਿਸ਼ਨ ਆਂਧਰਾ ਪ੍ਰਦੇਸ਼, ਡਾ. ਬਲਵੰਤ ਸਿੰਘ ਢਿੱਲੋਂ, ਡਾ. ਪਰਮਵੀਰ ਸਿੰਘ, ਸਾਬਕਾ ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸ. ਸੁਰਿੰਦਰ ਸਿੰਘ ਕਿਸ਼ਨਪੁਰਾ, ਇੰਚਾਰਜ ਸ. ਮੇਜ਼ਰ ਸਿੰਘ, ਚੀਫ ਟੀਪ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਮੈਨੇਜਰ ਸ. ਜਗੀਰ ਸਿੰਘ, ਇੰਚਾਰਜ ਡਾ. ਯੋਗੇਸ਼ਵਰ ਸਿੰਘ, ਡਾ. ਰਾਜਵਿੰਦਰ ਸਿੰਘ ਜੋਗਾ, ਸ. ਧਰਮਿੰਦਰ ਸਿੰਘ, ਸ. ਬਲਦੇਵ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਸਤਿੰਦਰ ਸਿੰਘ, ਸ. ਨਿਸ਼ਾਨ ਸਿੰਘ ਜ਼ਫਰਵਾਲ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਸ. ਸੰਦੀਪ ਸਿੰਘ ਕਲੋਤਾ ਅਤੇ ਸ. ਅਮਰਜੀਤ ਸਿੰਘ ਜਿੰਦਬੜੀ ਵੀ ਹਾਜ਼ਰ ਸਨ। ੨੩ ਨਵੰਬਰ

ਸ਼ਹੀਦੀ ਸ਼ਤਾਬਦੀ ਸਬੰਧੀ ਧਰਮ ਪ੍ਰਚਾਰ ਕਮੇਟੀ ਵੱਲੋਂ ਤਿੰਨ ਪੁਸਤਕਾਂ ਅਤੇ ਵਿਸ਼ੇਸ਼ ਸੋਵੀਨਰ ਜਾਰੀ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਨਾਲ ਸਬੰਧਤ ਤਿੰਨ ਪੁਸਤਕਾਂ ਅਤੇ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਤੌਰ 'ਤੇ ਤਿਆਰ ਕਰਵਾਇਆ ਸੋਵੀਨਰ ਅੱਜ ਸਮਾਗਮ ਵਿਚ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਜਾਰੀ ਕੀਤਾ ਗਿਆ। ਇਨ੍ਹਾਂ ਪੁਸਤਕਾਂ ਵਿਚ ਡਾ. ਬਲਵੰਤ ਸਿੰਘ ਢਿੱਲੋਂ ਦੁਆਰਾ ਰਚਿਤ 'ਹੁਕਮਨਾਮੇ ਸ੍ਰੀ ਗੁਰੂ ਤੇਗ ਬਹਾਦਰ ਜੀ ਨਾਲ ਸੰਵਾਦ', ਡਾ. ਪਰਮਵੀਰ ਸਿੰਘ ਦੁਆਰਾ ਲਿਖੀ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਜੀਵਨ, ਮਹਿਮਾ ਅਤੇ ਚਰਨ ਛੋਹ ਅਸਥਾਨ' ਅਤੇ ਡਾ. ਧਰਮ ਸਿੰਘ ਤੇ ਡਾ. ਪਰਮਵੀਰ ਸਿੰਘ ਦੁਆਰਾ ਅੰਗਰੇਜ਼ੀ ਵਿਚ ਤਿਆਰ ਪੁਸਤਕ 'ਜੀਵਨੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ' ਸ਼ਾਮਲ ਹਨ। ਇਸ ਦੇ ਨਾਲ ਹੀ ਸ਼ਤਾਬਦੀ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਤਿਆਰ ਕੀਤਾ ਗਿਆ ਵਿਸ਼ੇਸ਼ ਸੋਵੀਨਰ ਵੀ ਸੰਗਤ ਅਰਪਣ ਕੀਤਾ ਗਿਆ।

ਇਸ ਸਬੰਧੀ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼ਤਾਬਦੀ ਦੇ ਇਤਿਹਾਸਕ ਮੌਕਿਆਂ 'ਤੇ ਜਿਥੇ ਯਾਦਗਾਰਾਂ, ਗੁਰਮਤਿ ਸਮਾਗਮ ਅਤੇ ਨਗਰ ਕੀਰਤਨ ਵਿਸ਼ੇਸ਼ ਅਹਿਮੀਅਤ ਰੱਖਦੇ ਹਨ, ਉਥੇ ਹੀ ਸਾਹਿਤਕ ਕ੍ਰਿਤਾਂ ਅਗਲੀਆਂ ਪੀੜ੍ਹੀਆਂ ਨੂੰ ਇਤਿਹਾਸ ਅਤੇ ਵਿਰਸੇ ਨਾਲ ਜੋੜੀ ਰੱਖਣ ਲਈ ਕਾਰਗਰ ਸਾਬਤ ਹੁੰਦੀਆਂ ਹਨ। ਉਨ੍ਹਾਂ ਪੁਸਤਕਾਂ ਅਤੇ ਸੋਵੀਨਰ ਤਿਆਰ ਕਰਨ ਵਾਲੇ ਵਿਦਵਾਨਾਂ ਦੇ ਜਤਨਾਂ ਨੂੰ ਸ਼ਲਾਘਾਯੋਗ ਦੱਸਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਭੁਪਿੰਦਰ ਸਿੰਘ ਭਲਵਾਨ, ਭਾਈ ਅਜੈਬ ਸਿੰਘ ਅਭਿਆਸੀ, ਸ. ਅਵਤਾਰ ਸਿੰਘ ਰੀਆ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਗੁਰਨਾਮ ਸਿੰਘ,

ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਸ. ਰਾਮ ਸਿੰਘ ਮੁੰਬਈ ਆਨਰੇਰੀ ਇੰਚਾਰਜ ਸਿੱਖ ਮਿਸ਼ਨ ਮਹਾਂਰਾਸ਼ਟਰ ਤੇ ਗੁਜਰਾਤ, ਸ. ਦਿਲਸਾਦ ਸਿੰਘ ਅਨੰਦ ਆਨਰੇਰੀ ਇੰਚਾਰਜ ਸਿੱਖ ਮਿਸ਼ਨ ਆਂਧਰਾ ਪ੍ਰਦੇਸ਼, ਸਾਬਕਾ ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸ. ਸਿਮਰਜੀਤ ਸਿੰਘ, ਸ. ਸੁਰਿੰਦਰ ਸਿੰਘ ਕਿਸ਼ਨਪੁਰਾ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਮੈਨੇਜਰ ਸ. ਜਗੀਰ ਸਿੰਘ, ਇੰਚਾਰਜ ਡਾ. ਯੋਗੇਸ਼ਵਰ ਸਿੰਘ, ਡਾ. ਰਾਜਵਿੰਦਰ ਸਿੰਘ ਜੋਗਾ ਸਮੇਤ ਹੋਰ ਹਾਜ਼ਰ ਸਨ।

ਸ਼ਹੀਦੀ ਸ਼ਤਾਬਦੀ ਸਬੰਧੀ ਅਸਾਮ ਤੋਂ ਆਰੰਭ ਹੋਇਆ ਨਗਰ ਕੀਰਤਨ 92 ਦਿਨਾਂ ਬਾਅਦ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜ ਕੇ ਹੋਇਆ ਸੰਪੰਨ

ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਨੇ ਕੀਤਾ ਭਰਵਾਂ ਸਵਾਗਤ

ਸ੍ਰੀ ਅਨੰਦਪੁਰ ਸਾਹਿਬ-ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ੨੧ ਅਗਸਤ ਨੂੰ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਦੇਸ਼ ਭਰ ਦੇ ੨੫ ਸੂਬਿਆਂ ਵਿਚੋਂ ਹੁੰਦਾ ਹੋਇਆ ੯੨ ਦਿਨਾਂ ਮਗਰੋਂ ਅੱਜ ਸ਼ਰਧਾ, ਉਤਸ਼ਾਹ ਅਤੇ ਰੂਹਾਨੀਅਤ ਭਰੇ ਮਾਹੌਲ ਵਿਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜ ਕੇ ਸੰਪੰਨ ਹੋਇਆ।

ਅੱਜ ਸਵੇਰੇ ਇਤਿਹਾਸਕ ਗੁਰਦੁਆਰਾ ਭੱਠਾ ਸਾਹਿਬ ਰੂਪਨਗਰ ਤੋਂ ਆਪਣੇ ਆਖਰੀ ਪੜਾਅ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਇਆ ਅਤੇ ਘਨੌਲੀ, ਭਰਤਗੜ੍ਹ, ਬੁੰਗਾ ਸਾਹਿਬ ਅਤੇ ਕੀਰਤਪੁਰ ਸਾਹਿਬ ਤੋਂ ਹੁੰਦਾ ਹੋਇਆ ਦੇਰ ਸ਼ਾਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜਾ। ਸ਼ਹੀਦ ਨਗਰ ਕੀਰਤਨ ਦਾ ਇਥੇ ਪੁੱਜਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਭੁਪਿੰਦਰ ਸਿੰਘ ਭਲਵਾਨ, ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਅਜਮੇਰ ਸਿੰਘ ਖੇੜਾ, ਧਰਮ ਪ੍ਰਚਾਰ ਕਮੇਟੀ ਮੈਂਬਰ ਸ. ਅਜੈਬ ਸਿੰਘ ਅਭਿਆਸੀ ਨੇ ਜ਼ੋਰਦਾਰ ਸਵਾਗਤ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਰੂਪਨਗਰ ਪ੍ਰਧਾਨ ਸ. ਦਿਲਬਾਗ ਸਿੰਘ ਬਾਲਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ. ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਮਨਜੀਤ ਸਿੰਘ, ਸ. ਸੁਖਬੀਰ ਸਿੰਘ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਸ. ਹਰਦੇਵ ਸਿੰਘ, ਸ. ਸੰਦੀਪ ਸਿੰਘ ਕਲੋਤਾ, ਸ. ਸੁਰਜੀਤ ਸਿੰਘ ਠੀਕਰੀਵਾਲ, ਸ. ਜਸਬੀਰ ਸਿੰਘ, ਸ. ਸਤਨਾਮ ਸਿੰਘ ਰਿਆੜ, ਸ. ਸਤਿੰਦਰ ਸਿੰਘ ਬਾਜਵਾ, ਸ ਨਿਸ਼ਾਨ ਸਿੰਘ, ਸ ਤਲਵਿੰਦਰ ਸਿੰਘ ਬੁੱਟਰ ਆਦਿ ਹਾਜ਼ਰ ਸਨ।

੨੩ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਨਗਰ ਕੀਰਤਨ ਦੀ ਆਰੰਭਤਾ ਮੌਕੇ ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ।

ਨਗਰ ਕੀਰਤਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਕਰਮਾਂ 'ਚੋਂ ਹੁੰਦਾ ਹੋਇਆ ਸ੍ਰੀ ਗੁਰੂ ਰਾਮਦਾਸ ਨਿਵਾਸ, ਚੌਕ ਪਰਾਗਦਾਸ, ਚੌਕ ਮੰਨਾ ਸਿੰਘ, ਚੌਕ ਕਰੋੜੀ, ਚੌਕ ਬਾਬਾ ਸਾਹਿਬ, ਗੁਰਦੁਆਰਾ ਬਾਬਾ ਅਟੱਲ ਰਾਏ, ਗਲਿਆਰਾ, ਆਟਾ ਮੰਡੀ, ਬਜ਼ਾਰ ਪਾਪੜਾਂ, ਬਜ਼ਾਰ ਕਾਠੀਆਂ, ਗੁਰੂ ਬਜ਼ਾਰ ਤੋਂ ਹੁੰਦਾ ਹੋਇਆ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸੰਪੂਰਨ ਹੋਇਆ। ਇਸ ਦੌਰਾਨ ਵੱਖ-ਵੱਖ ਥਾਵਾਂ 'ਤੇ ਸੰਗਤਾਂ ਨੇ ਨਗਰ ਕੀਰਤਨ ਦਾ ਸਵਾਗਤ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਵਿਚ ਗਤਕਾ ਅਤੇ ਬੈਂਡ ਪਾਰਟੀਆਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਵੀ ਸ਼ਮੂਲੀਅਤ ਕੀਤੀ।

ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ ੩੫੦ ਸਾਲਾ ਸ਼ਹੀਦੀ ਦਿਹਾੜੇ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਅਰਦਾਸ ਭਾਈ ਸਰਵਣ ਸਿੰਘ ਨੇ ਕੀਤਾ। ਸੰਗਤ ਨੂੰ ਪਾਵਨ ਹੁਕਮਨਾਮਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਵਿਸ਼ਾਲ ਸਿੰਘ ਨੇ ਸਰਵਣ ਕਰਵਾਇਆ।

ਇਸੇ ਦੌਰਾਨ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ੩੫੦ ਸਾਲਾ ਸ਼ਹੀਦੀ ਦਿਹਾੜੇ ਮੌਕੇ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਭਲਕੇ ੨੫ ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਜਿਸ ਉਪਰੰਤ ਗੁਰਮਤਿ ਸਮਾਗਮ ਸਜਾਇਆ ਜਾਵੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪਰਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਨਰਿੰਦਰ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਬਿਕਰਮ ਸਿੰਘ ਝੰਗੀ, ਸ. ਗੁਰਤਿੰਦਰਪਾਲ ਸਿੰਘ ਕਾਦੀਆ, ਸ. ਜਸਬੀਰ ਸਿੰਘ, ਸ. ਬਲਵਿੰਦਰ ਸਿੰਘ, ਸ. ਅਮਰਬੀਰ ਸਿੰਘ ਢੋਟ ਸਮੇਤ ਸੰਗਤਾਂ ਹਾਜ਼ਰ ਸਨ। ੨੪ ਨਵੰਬਰ

ਜਥੇਦਾਰ ਗੜਗੱਜ ਨੇ ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਦੀ ਜ਼ੋਰਦਾਰ ਮੰਗ ਉਠਾਈ

ਸ਼੍ਰੋਮਣੀ ਕਮੇਟੀ ਦੇ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਨੇ ਕੀਰਤਨ, ਕਵੀਸ਼ਰੀ, ਢਾਡੀ ਵਾਰਾਂ ਤੇ ਭਾਸ਼ਨ ਰਾਹੀਂ ਨੌਵੇਂ ਪਾਤਸ਼ਾਹ ਦੇ ਪਰਉਪਕਾਰਾਂ ਦਾ ਕੀਤਾ ਵਖਿਆਨ

ਵੱਖ-ਵੱਖ ਸਖਸ਼ੀਅਤਾਂ ਤੇ ਵੱਡੀ ਗਿਣਤੀ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਕੀਤਾ ਸਤਿਕਾਰ ਭੇਟ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਸਬੰਧੀ ਚੱਲ ਰਹੇ ਸਮਾਗਮਾਂ ਦੌਰਾਨ ਅੱਜ ਵੱਡੀ ਗਿਣਤੀ ਵਿਚ ਸੰਗਤਾਂ ਅਤੇ ਪ੍ਰਮੁੱਖ ਧਾਰਮਿਕ, ਪੰਥਕ ਤੇ ਰਾਜਨੀਤਕ ਸਖਸ਼ੀਅਤਾਂ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਗੁਰਦੁਆਰਾ ਸੀਸ ਗੰਜ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਸਜਾਏ ਗਏ ਮੁੱਖ ਪੰਡਾਲ ਵਿੱਚ ਅੱਜ ਹੋਏ ਗੁਰਮਤਿ ਸਮਾਗਮ ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚਲਦੇ ਵੱਖ ਵੱਖ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ, ਕਵਿਤਾ, ਕਵੀਸ਼ਰੀ, ਢਾਡੀ ਵਾਰਾਂ ਅਤੇ ਭਾਸ਼ਣ ਰਾਹੀਂ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ।

ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ ਸਮੇਤ ਹੋਰ ਸ਼ਖ਼ਸੀਅਤਾਂ ਵੱਲੋਂ ਵੀ ਸੰਬੋਧਨ ਕੀਤਾ ਗਿਆ।

ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਦੇ ਸਜੇ ਵਿਸ਼ਾਲ ਦੀਵਾਨ ਵਿਚ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਧਰਮ ਅਤੇ ਜ਼ਮੀਰ ਦੀ ਆਜ਼ਾਦੀ ਲਈ ਸ਼ਹਾਦਤ ਦੇ ਕੇ ਹਿੰਦੋਸਤਾਨ ਦੀ ਧਰਤੀ ਤੋਂ ਜ਼ੁਲਮੀ ਮੁਗ਼ਲ ਰਾਜ ਦੀ ਜੜ੍ਹ ਪੁੱਟੀ ਸੀ।

ਉਨ੍ਹਾਂ ਕਿਹਾ ਕਿ ਅੱਜ ਦੀਆਂ ਸਰਕਾਰਾਂ ਨੌਵੇਂ ਪਾਤਸ਼ਾਹ ਦਾ ੩੫੦ ਸਾਲਾ ਸ਼ਹੀਦੀ ਦਿਹਾੜਾ ਤਾਂ ਮਨਾ ਰਹੀਆਂ ਹਨ, ਪਰ ਗੁਰੂ ਸਾਹਿਬ ਦੀ ਸੋਚ ਨੂੰ ਬਿਲਕੁਲ ਉਸੇ ਤਰ੍ਹਾਂ ਕੁਚਲਣ ਦੇ ਯਤਨ ਕਰ ਰਹੀਆਂ ਹਨ ਜਿਵੇਂ ਔਰੰਗਜ਼ੇਬ ਨੇ ਆਪਣੇ ਜ਼ੁਲਮ ਦੇ ਰਾਜ ਨੂੰ ਕਾਇਮ ਰੱਖਣ ਲਈ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੂੰ ਸ਼ਹੀਦ ਕੀਤਾ ਸੀ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿਧਾਨ ਸਭਾ ਦਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਲੱਗਣ ਵਾਲਾ ਵਿਸ਼ੇਸ਼ ਸ਼ੈਸ਼ਨ ਤਾਂ ਹੀ ਸਾਰਥਿਕ ਹੋ ਸਕਦਾ ਸੀ ਜੇਕਰ ਪੰਜਾਬ ਸਰਕਾਰ ਵੱਲੋਂ

ਸਿੱਖ ਕੌਮ ਨਾਲ ਸਬੰਧਤ ਮਾਮਲਿਆਂ ਅਤੇ ਖਾਸਕਰ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਲਈ ਮਤਾ ਪਾਸ ਕੀਤਾ ਜਾਂਦਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਦਿੱਲੀ ਦੀਆਂ ਵੱਖ-ਵੱਖ ਸਰਕਾਰਾਂ ਵਲੋਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿਆਸੀ ਸਿੱਖ ਕੈਦੀਆਂ ਨਾਲ ਕੀਤੇ ਜਾ ਰਹੇ ਧੱਕੇ ਵਿਰੁੱਧ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ ਤਾਂ ਜੋ ਪਤਾ ਲੱਗ ਸਕੇ ਕਿ ਨੌਵੇਂ ਪਾਤਸ਼ਾਹ ਦਾ ਸ਼ਹੀਦੀ ਦਿਹਾੜਾ ਮਨਾ ਰਹੀ ਪੰਜਾਬ ਸਰਕਾਰ ਪੰਜਾਬ ਦੇ ਨਾਲ ਖੜ੍ਹੀ ਹੈ ਨਾ ਕਿ ਦਿੱਲੀ ਦੇ ਨਾਲ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ ਤੋਂ ਸਿੱਖਿਆ ਲੈਣੀ ਚਾਹੀਦੀ ਹੈ ਕਿ ਜ਼ੁਲਮ ਦੇ ਨਾਲ ਦੂਜਿਆਂ ਦੇ ਅਧਿਕਾਰਾਂ ਨੂੰ ਕੁਚਲ ਕੇ ਕੋਈ ਵੀ ਰਾਜ ਟਿਕਿਆ ਨਹੀਂ ਰਹਿ ਸਕਦਾ।

ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ ਨੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਪਾਵਨ ਸ਼ਹਾਦਤ ਦੇ ਸੰਕਲਪ ਤੇ ਸਿਧਾਂਤ ਦੇ ਧਾਰਨੀ ਹੋਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਗੁਰੂ ਸਾਹਿਬ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸਾਰਿਆਂ ਨੂੰ ਆਪੋ ਆਪਣੇ ਧਰਮ ਵਿਚ ਪ੍ਰਪੱਕ ਹੋਣ ਲਈ ਪ੍ਰੇਰਨਾ ਦਿੰਦਿਆਂ ਆਖਿਆ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਬਾਣੀ ਅਤੇ ਪ੍ਰਵਚਨ ਸਰਬ ਸਾਂਝੀਵਾਲਤਾ 'ਤੇ ਜ਼ੋਰ ਦਿੰਦਿਆਂ ਆਤਮ ਚਿੰਤਨ ਦੀ ਪ੍ਰੇਰਨਾ ਦਿੰਦੇ ਹਨ।

ਇਸ ਦੌਰਾਨ ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲੇ, ਬਾਬਾ ਜੀਤ ਸਿੰਘ ਜੌਹਲਾਂ ਵਾਲੇ, ਬਾਬਾ ਦਵਿੰਦਰ ਸਿੰਘ ਸ਼ਹਾਬਪੁਰ ਤੇ ਬਾਬਾ ਜੀਵਨ ਸਿੰਘ ਹਾਂਗਕਾਂਗ ਨੇ ਵੀ ਸੰਬੋਧਨ ਕੀਤਾ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਵੱਖ ਵੱਖ ਸਖਸ਼ੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਰਘਬੀਰ ਸਿੰਘ ਸਹਾਰਨਮਾਜਰਾ, ਭਾਈ ਅਜੈਬ ਸਿੰਘ ਅਭਿਆਸੀ ਸ. ਅਵਤਾਰ ਸਿੰਘ ਰੀਆ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਅਮਰੀਕ ਸਿੰਘ ਸਾਹਪੁਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਦਿਆਲ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਡਿਪਟੀ ਡਾਇਰੈਕਟਰ ਬੀਬੀ ਸਤਵੰਤ ਕੌਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਸ. ਰਾਮ ਸਿੰਘ ਮੁੰਬਈ ਆਨਰੇਰੀ ਇੰਚਾਰਜ ਸਿੱਖ ਮਿਸ਼ਨ ਮਹਾਂਰਾਸ਼ਟਰ ਤੇ ਗੁਜਰਾਤ, ਸ. ਦਿਲਸਾਦ ਸਿੰਘ ਅਨੰਦ ਆਨਰੇਰੀ ਇੰਚਾਰਜ ਸਿੱਖ ਮਿਸ਼ਨ ਆਂਧਰਾ ਪ੍ਰਦੇਸ਼, ਸ. ਬਲਬੀਰ ਸਿੰਘ ਚੰਗਿਆੜਾ, ਸ. ਸੁਰਿੰਦਰ ਸਿੰਘ ਕਿਸ਼ਨਪੁਰਾ, ਸ. ਪਰਮਿੰਦਰ ਸਿੰਘ ਭੰਡਾਲ, ਇੰਚਾਰਜ ਸ. ਮੇਜ਼ਰ ਸਿੰਘ, ਸ. ਬਲਦੇਵ ਸਿੰਘ ਚੀਫ ਟਪ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਮੈਨੇਜਰ ਸ. ਜਗੀਰ ਸਿੰਘ, ਸ. ਧਰਮਿੰਦਰ ਸਿੰਘ, ਸ. ਬਲਦੇਵ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਸਤਿੰਦਰ ਸਿੰਘ, ਸ. ਨਿਸ਼ਾਨ ਸਿੰਘ ਜ਼ਫਰਵਾਲ, ਸ. ਸੁਰਜੀਤ ਸਿੰਘ ਬਰਨਾਲਾ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਸ. ਸੰਦੀਪ ਸਿੰਘ ਕਲੋਤਾ, ਸ. ਅਮਰਜੀਤ ਸਿੰਘ ਜਿੰਦਬੜੀ ਸਮੇਤ ਹੋਰ ਹਾਜ਼ਰ ਸਨ। ੨੪ ਨਵੰਬਰ

ਜਥੇਦਾਰ ਗੜਗੱਜ ਨੇ ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਦੀ ਜ਼ੋਰਦਾਰ ਮੰਗ ਉਠਾਈ

ਸ਼੍ਰੋਮਣੀ ਕਮੇਟੀ ਦੇ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਨੇ ਕੀਰਤਨ, ਕਵੀਸ਼ਰੀ, ਢਾਡੀ ਵਾਰਾਂ ਤੇ ਭਾਸ਼ਨ ਰਾਹੀਂ ਨੌਵੇਂ ਪਾਤਸ਼ਾਹ ਦੇ ਪਰਉਪਕਾਰਾਂ ਦਾ ਕੀਤਾ ਵਖਿਆਨ

ਵੱਖ-ਵੱਖ ਸਖਸ਼ੀਅਤਾਂ ਤੇ ਵੱਡੀ ਗਿਣਤੀ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਕੀਤਾ ਸਤਿਕਾਰ ਭੇਟ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਸਬੰਧੀ ਚੱਲ ਰਹੇ ਸਮਾਗਮਾਂ ਦੌਰਾਨ ਅੱਜ ਵੱਡੀ ਗਿਣਤੀ ਵਿਚ ਸੰਗਤਾਂ ਅਤੇ ਪ੍ਰਮੁੱਖ ਧਾਰਮਿਕ, ਪੰਥਕ ਤੇ ਰਾਜਨੀਤਕ ਸਖਸ਼ੀਅਤਾਂ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਗੁਰਦੁਆਰਾ ਸੀਸ ਗੰਜ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਸਜਾਏ ਗਏ ਮੁੱਖ ਪੰਡਾਲ ਵਿੱਚ ਅੱਜ ਹੋਏ ਗੁਰਮਤਿ ਸਮਾਗਮ ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚਲਦੇ ਵੱਖ ਵੱਖ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ, ਕਵਿਤਾ, ਕਵੀਸ਼ਰੀ, ਢਾਡੀ ਵਾਰਾਂ ਅਤੇ ਭਾਸ਼ਣ ਰਾਹੀਂ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ।

ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ ਸਮੇਤ ਹੋਰ ਸ਼ਖਸੀਅਤਾਂ ਵੱਲੋਂ ਵੀ ਸੰਬੋਧਨ ਕੀਤਾ ਗਿਆ।

ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਦੇ ਸਜੇ ਵਿਸ਼ਾਲ ਦੀਵਾਨ ਵਿਚ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਧਰਮ ਅਤੇ ਜ਼ਮੀਰ ਦੀ ਆਜ਼ਾਦੀ ਲਈ ਸ਼ਹਾਦਤ ਦੇ ਕੇ ਹਿੰਦੋਸਤਾਨ ਦੀ ਧਰਤੀ ਤੋਂ ਜ਼ੁਲਮੀ ਮੁਗ਼ਲ ਰਾਜ ਦੀ ਜੜ੍ਹ ਪੁੱਟੀ ਸੀ। ਉਨ੍ਹਾਂ ਕਿਹਾ ਕਿ ਅੱਜ ਦੀਆਂ ਸਰਕਾਰਾਂ ਨੌਵੇਂ ਪਾਤਸ਼ਾਹ ਦਾ ੩੫੦ ਸਾਲਾ ਸ਼ਹੀਦੀ ਦਿਹਾੜਾ ਤਾਂ ਮਨਾ ਰਹੀਆਂ ਹਨ, ਪਰ ਗੁਰੂ ਸਾਹਿਬ ਦੀ ਸੋਚ ਨੂੰ ਬਿਲਕੁਲ ਉਸੇ ਤਰ੍ਹਾਂ ਕੁਚਲਣ ਦੇ ਯਤਨ ਕਰ ਰਹੀਆਂ ਹਨ ਜਿਵੇਂ ਔਰੰਗਜ਼ੇਬ ਨੇ ਆਪਣੇ ਜ਼ੁਲਮ ਦੇ ਰਾਜ ਨੂੰ ਕਾਇਮ ਰੱਖਣ ਲਈ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੂੰ ਸ਼ਹੀਦ ਕੀਤਾ ਸੀ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿਧਾਨ ਸਭਾ ਦਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਲੱਗਣ ਵਾਲਾ ਵਿਸ਼ੇਸ਼ ਸ਼ੈਸ਼ਨ ਤਾਂ ਹੀ ਸਾਰਥਿਕ ਹੋ ਸਕਦਾ ਸੀ ਜੇਕਰ ਪੰਜਾਬ ਸਰਕਾਰ ਵੱਲੋਂ ਸਿੱਖ ਕੌਮ ਨਾਲ ਸਬੰਧਤ ਮਾਮਲਿਆਂ ਅਤੇ ਖਾਸਕਰ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਲਈ ਮਤਾ ਪਾਸ ਕੀਤਾ ਜਾਂਦਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਦਿੱਲੀ ਦੀਆਂ ਵੱਖ-ਵੱਖ ਸਰਕਾਰਾਂ ਵਲੋਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿਆਸੀ ਸਿੱਖ ਕੈਦੀਆਂ ਨਾਲ ਕੀਤੇ ਜਾ ਰਹੇ ਧੱਕੇ ਵਿਰੁੱਧ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ ਤਾਂ ਜੋ ਪਤਾ ਲੱਗ ਸਕੇ ਕਿ ਨੌਵੇਂ ਪਾਤਸ਼ਾਹ ਦਾ

ਸ਼ਹੀਦੀ ਦਿਹਾੜਾ ਮਨਾ ਰਹੀ ਪੰਜਾਬ ਸਰਕਾਰ ਪੰਜਾਬ ਦੇ ਨਾਲ ਖੜ੍ਹੀ ਹੈ ਨਾ ਕਿ ਦਿੱਲੀ ਦੇ ਨਾਲ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ ਤੋਂ ਸਿੱਖਿਆ ਲੈਣੀ ਚਾਹੀਦੀ ਹੈ ਕਿ ਜ਼ੁਲਮ ਦੇ ਨਾਲ ਦੂਜਿਆਂ ਦੇ ਅਧਿਕਾਰਾਂ ਨੂੰ ਕੁਚਲ ਕੇ ਕੋਈ ਵੀ ਰਾਜ ਟਿਕਿਆ ਨਹੀਂ ਰਹਿ ਸਕਦਾ।

ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ ਨੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਪਾਵਨ ਸ਼ਹਾਦਤ ਦੇ ਸੰਕਲਪ ਤੇ ਸਿਧਾਂਤ ਦੇ ਧਾਰਨੀ ਹੋਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਗੁਰੂ ਸਾਹਿਬ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸਾਰਿਆਂ ਨੂੰ ਆਪੋ ਆਪਣੇ ਧਰਮ ਵਿਚ ਪ੍ਰਪੱਕ ਹੋਣ ਲਈ ਪ੍ਰੇਰਨਾ ਦਿੰਦਿਆਂ ਆਖਿਆ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਬਾਣੀ ਅਤੇ ਪ੍ਰਵਚਨ ਸਰਬ ਸਾਂਝੀਵਾਲਤਾ 'ਤੇ ਜ਼ੋਰ ਦਿੰਦਿਆਂ ਆਤਮ ਚਿੰਤਨ ਦੀ ਪ੍ਰੇਰਨਾ ਦਿੰਦੇ ਹਨ।

ਇਸ ਦੌਰਾਨ ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲੇ, ਬਾਬਾ ਜੀਤ ਸਿੰਘ ਜੌਹਲਾਂ ਵਾਲੇ, ਬਾਬਾ ਦਵਿੰਦਰ ਸਿੰਘ ਸ਼ਹਾਬਪੁਰ ਤੇ ਬਾਬਾ ਜੀਵਨ ਸਿੰਘ ਹਾਂਗਕਾਂਗ ਨੇ ਵੀ ਸੰਬੋਧਨ ਕੀਤਾ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਸਖਸ਼ੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਰਘਬੀਰ ਸਿੰਘ ਸਹਾਰਨਮਾਜਰਾ, ਭਾਈ ਅਜੈਬ ਸਿੰਘ ਅਭਿਆਸੀ ਸ. ਅਵਤਾਰ ਸਿੰਘ ਰੀਆ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਅਮਰੀਕ ਸਿੰਘ ਸਾਹਪੁਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਦਿਆਲ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਡਿਪਟੀ ਡਾਇਰੈਕਟਰ ਬੀਬੀ ਸਤਵੰਤ ਕੌਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਸ. ਰਾਮ ਸਿੰਘ ਮੁੰਬਈ ਆਨਰੇਰੀ ਇੰਚਾਰਜ ਸਿੱਖ ਮਿਸ਼ਨ ਮਹਾਂਰਾਸ਼ਟਰ ਤੇ ਗੁਜਰਾਤ, ਸ. ਦਿਲਸਾਦ ਸਿੰਘ ਅਨੰਦ ਆਨਰੇਰੀ ਇੰਚਾਰਜ ਸਿੱਖ ਮਿਸ਼ਨ ਆਂਧਰਾ ਪ੍ਰਦੇਸ਼, ਸ. ਬਲਬੀਰ ਸਿੰਘ ਚੰਗਿਆੜਾ, ਸ. ਸੁਰਿੰਦਰ ਸਿੰਘ ਕਿਸ਼ਨਪੁਰਾ, ਸ. ਪਰਮਿੰਦਰ ਸਿੰਘ ਭੰਡਾਲ, ਇੰਚਾਰਜ ਸ. ਮੇਜ਼ਰ ਸਿੰਘ, ਸ. ਬਲਦੇਵ ਸਿੰਘ ਚੀਫ ਟਪ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਮੈਨੇਜਰ ਸ. ਜਗੀਰ ਸਿੰਘ, ਸ. ਧਰਮਿੰਦਰ ਸਿੰਘ, ਸ. ਬਲਦੇਵ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਸਤਿੰਦਰ ਸਿੰਘ, ਸ. ਨਿਸ਼ਾਨ ਸਿੰਘ ਜ਼ਫਰਵਾਲ, ਸ. ਸੁਰਜੀਤ ਸਿੰਘ ਬਰਨਾਲਾ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਸ. ਸੰਦੀਪ ਸਿੰਘ ਕਲੋਤਾ, ਸ. ਅਮਰਜੀਤ ਸਿੰਘ ਜਿੰਦਬੜੀ ਸਮੇਤ ਹੋਰ ਹਾਜ਼ਰ ਸਨ। ੨੪ ਨਵੰਬਰ

350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਗਏ ਲਾਈਟ ਐਂਡ ਸਾਊਂਡ ਧਾਰਮਿਕ ਡਰਾਮੇ

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ 28 ਨਵੰਬਰ ਤੱਕ ਰੋਜ਼ਾਨਾ ਸ਼ਾਮ 7 ਵਜੇ ਹੋਣਗੇ ਲਾਈਟ ਐਂਡ ਸਾਊਂਡ ਧਾਰਮਿਕ ਡਰਾਮੇ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ

ਜੀ ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਲਾਈਟ ਐਂਡ ਸਾਊਂਡ ਧਾਰਮਿਕ ਡਰਾਮੇ ਕਰਵਾਏ ਗਏ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਨੂੰ ਬਿਆਨ ਕਰਦੇ ਇਹ ਲਾਈਟ ਐਂਡ ਸਾਊਂਡ ਧਾਰਮਿਕ ਡਰਾਮੇ ੨੯ ਨਵੰਬਰ ਤੱਕ ਰੋਜਾਨਾ ਸਾਮ ੭ ਵਜੇ ਕਰਵਾਏ ਜਾਣਗੇ। ਇਸ ਮੌਕੇ ਜਿਥੇ ਵੱਡੀ ਗਿਣਤੀ ਵਿਚ ਹਾਜ਼ਰ ਸੰਗਤਾਂ ਹਾਜ਼ਰ ਸਨ ਉਥੇ ਸੀਨੀਅਰ ਅਕਾਲੀ ਆਗੂ ਸ. ਗੁਲਜ਼ਾਰ ਸਿੰਘ ਰਣੀਕੇ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਰਘਬੀਰ ਸਿੰਘ ਸਹਾਰਨਮਾਜਰਾ, ਭਾਈ ਅਜੈਬ ਸਿੰਘ ਅਭਿਆਸੀ, ਸ. ਨਵਤੇਜ ਸਿੰਘ ਕਾਉਣੀ, ਸ. ਅਵਤਾਰ ਸਿੰਘ ਵਣਵਾਲਾ, ਸ. ਅਵਤਾਰ ਸਿੰਘ ਰੀਆ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਅਮਰੀਕ ਸਿੰਘ ਸਾਹਪੁਰ, ਜਿਲ੍ਹਾ ਪ੍ਰਧਾਨ ਅੰਮ੍ਰਿਤਸਰ ਸ਼ਹਿਰੀ ਸ. ਸੁਰਜੀਤ ਸਿੰਘ ਭਲਵਾਨ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਦਿਆਲ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਪ੍ਰਿੰਸੀਪਲ ਡਾ. ਜਸਬੀਰ ਸਿੰਘ, ਡਾ. ਪਰਮਵੀਰ ਸਿੰਘ, ਸ. ਸਿਮਰਜੀਤ ਸਿੰਘ ਇੰਚਾਰਜ ਸ. ਮੇਜ਼ਰ ਸਿੰਘ, ਸ. ਬਲਦੇਵ ਸਿੰਘ ਚੀਫ ਟਪ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਸ. ਧਰਮਿੰਦਰ ਸਿੰਘ, ਸ. ਬਲਦੇਵ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਸਤਿੰਦਰ ਸਿੰਘ, ਸ. ਨਿਸ਼ਾਨ ਸਿੰਘ ਜ਼ਫਰਵਾਲ, ਸ. ਸੁਰਜੀਤ ਸਿੰਘ ਬਰਨਾਲਾ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਸ. ਸੰਦੀਪ ਸਿੰਘ ਕਲੋਤਾ, ਸ. ਅਮਰਜੀਤ ਸਿੰਘ ਜਿੰਦਬੜੀ ਸਮੇਤ ਹੋਰ ਹਾਜ਼ਰ ਸਨ। ੨੪ ਨਵੰਬਰ

ਨੌਵੇਂ ਪਾਤਸ਼ਾਹ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਕਮੇਟੀ ਨੇ ਕਰਵਾਇਆ ਰਾਗ ਦਰਬਾਰ

ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਪਾਵਨ ਬਾਣੀ ਦਾ ਨਿਰਧਾਰਿਤ ਰਾਗਾਂ ਦਾ ਰਾਗਾਤਮਕ ਕੀਰਤਨ ਪ੍ਰੋਜੈਕਟ ਜਾਰੀ

ਸ੍ਰੀ ਅਨੰਦਪੁਰ ਸਾਹਿਬ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਚਲ ਰਹੇ ਗੁਰਮਤਿ ਸਮਾਗਮਾਂ ਦੌਰਾਨ ਅੱਜ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਦੇਰ ਸ਼ਾਮ ਆਰੰਭ ਹੋਏ ਰਾਗ ਦਰਬਾਰ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਖ਼ਾਲਸਾ, ਭਾਈ ਜਤਿੰਦਰ ਸਿੰਘ ਪ੍ਰੋਫ਼ੈਸਰ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਸ੍ਰੀ ਅੰਮ੍ਰਿਤਸਰ, ਭਾਈ ਹਰਜੋਤ ਸਿੰਘ ਜ਼ਖ਼ਮੀ, ਭਾਈ ਗੁਰਮੀਤ ਸਿੰਘ ਸ਼ਾਂਤ ਰਾਗੀ ਜਥਾ ਜਲੰਧਰ ਵੱਲੋਂ ਰਾਗ ਅਧਾਰਿਤ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਕਥਾ ਵਿਚਾਰਾਂ ਕਰਦਿਆਂ ਸੰਗਤਾਂ ਨੂੰ ਨੌਵੇਂ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ।

ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰੋ. ਸੁਖਵੰਤ ਸਿੰਘ ਦੇ ਸਹਿਯੋਗ ਨਾਲ ਤਿਆਰ ਕਰਵਾਇਆ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਪਾਵਨ ਬਾਣੀ ਦਾ ਨਿਰਧਾਰਿਤ ਰਾਗਾਂ ਦਾ ਰਾਗਾਤਮਕ ਕੀਰਤਨ ਪ੍ਰੋਜੈਕਟ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ ਵੱਲੋਂ ਜਾਰੀ ਕੀਤਾ ਗਿਆ। ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਗੁਰਬਾਣੀ ਕੀਰਤਨ ਦੇ ਪ੍ਰੋਜੈਕਟ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਨੌਵੇਂ ਪਾਤਸ਼ਾਹ ਦੇ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਯਾਦਗਾਰੀ ਬਣਾਉਂਦਿਆਂ ਵੱਧ ਤੋਂ ਵੱਧ ਲੋਕਾਈ ਨੂੰ ਸਤਿਗੁਰਾਂ ਦੀ ਪਾਵਨ ਬਾਣੀ ਨਾਲ ਜੋੜਨ ਵਿਚ ਇਹ ਪ੍ਰੋਜੈਕਟ ਅਹਿਮ ਹੋਵੇਗਾ। ਉਨ੍ਹਾਂ ਗੁਰਮਤਿ ਦੇ ਨਿਰਧਾਰਤ ਰਾਗਾਂ ਦੀ ਮਹਾਨਤਾ ਨੂੰ ਵਡਿਆਉਂਦਿਆਂ ਆਖਿਆ ਕਿ ਜੋ ਅਨੰਦ ਤੇ ਆਤਮਿਕ ਅਨੁਭਵ ਗੁਰਬਾਣੀ ਨੂੰ ਨਿਰਧਾਰਤ ਰਾਗਾਂ ਵਿਚ ਗਾਇਨ ਕਰਨ ਅਤੇ ਸੁਣਨ ਵਿਚ ਆਉਂਦਾ ਹੈ, ਉਹ ਕਥਨੀ ਤੋਂ ਬਾਹਰ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਨਵਤੇਜ ਸਿੰਘ ਕਾਉਣੀ, ਸ. ਅਵਤਾਰ ਸਿੰਘ ਵਣਵਾਲਾ, ਧਰਮ ਪ੍ਰਚਾਰ ਕਮੇਟੀ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ, ਧਰਮ ਪ੍ਰਚਾਰ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਮੀਤ ਸਕੱਤਰ ਸ. ਸੁਖਬੀਰ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸਿੱਖ ਚਿੰਤਕ ਸ. ਤਲਵਿੰਦਰ ਸਿੰਘ ਬੁੱਟਰ, ਫੈਡਰੇਸ਼ਨ ਆਗੂ ਸ. ਪਰਮਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ। ੨੪ ਨਵੰਬਰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 350 ਵੀਂ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ਾਲ ਸਮਾਗਮ

ਬੁਲਾਰਿਆਂ ਨੇ ਆਪਣੇ ਸੰਬੋਧਨ 'ਚ ਪੰਥਕ ਏਕਤਾ'ਤੇ ਦਿੱਤਾ ਜ਼ੋਰ, ਬੰਦੀ ਸਿੰਘਾਂ ਦੀ ਰਿਹਾਈ ਲਈ ਵੀ ਉਠਾਈ ਅਵਾਜ਼

ਨੌਵੇਂ ਪਾਤਸ਼ਾਹ ਨੂੰ ਸ਼ਹੀਦ ਕਰਵਾਉਣ ਵਾਲੇ ਔਰੰਗਜੇਬ ਵਾਂਗ ਸਿੱਖਾਂ ਨੂੰ ਜਜਬ ਕਰਨ ਲਈ ਅੱਜ ਵੀ ਹੋ ਰਹੇ ਹਮਲੇ- ਜਥੇਦਾਰ ਗੜਗੱਜ

ਬੰਦੀ ਸਿੰਘਾਂ ਦੀ ਰਿਹਾਈ ਤੇ ਸਿੱਖਾਂ ਦੀ ਧਾਰਮਿਕ ਅਜ਼ਾਦੀ ਦੇ ਮਸਲੇ ਹੱਲ ਕਰੇ ਕੇਂਦਰ ਸਰਕਾਰ- ਐਡਵੋਕੇਟ ਧਾਮੀ

ਨੌਵੇਂ ਪਾਤਸ਼ਾਹ ਦੀ ਸ਼ਹੀਦੀ ਤੋਂ ਪ੍ਰੇਰਣਾ ਲੈ ਕੇ ਅੱਜ ਵੀ ਸਿਦਕ ਅਤੇ ਦ੍ਰਿੜ੍ਹਤਾ ਧਾਰਨ ਦੀ ਲੋੜ- ਸ. ਬਾਦਲ

ਬਾਬਾ ਬਲਬੀਰ ਸਿੰਘ, ਬਾਬਾ ਨਿਹਾਲ ਸਿੰਘ, ਬਾਬਾ ਅਵਤਾਰ ਸਿੰਘ, ਸ. ਬਲਵਿੰਦਰ ਸਿੰਘ ਭੁੰਦੜ, ਬਾਬਾ ਸੇਵਾ ਸਿੰਘ, ਬਾਬਾ ਕਸ਼ਮੀਰ ਸਿੰਘ, ਭਾਈ ਮਹਿੰਦਰ ਸਿੰਘ ਯੂਕੇ ਤੇ ਹੋਰਾਂ ਨੇ ਵੀ ਕੀਤਾ ਸੰਬੋਧਨ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਭਾਈ ਮਤੀ ਦਾਸ ਜੀ,

ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਅੱਜ ਕਰਵਾਏ ਗਏ ਮੁੱਖ ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਧਾਰਮਿਕ, ਪੰਥਕ, ਰਾਜਨੀਤਕ ਅਤੇ ਸਮਾਜਿਕ ਸ਼ਖਸੀਅਤਾਂ ਨੇ ਹਾਜ਼ਰੀ ਭਰ ਕੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਅਜ਼ੀਮ ਸ਼ਹਾਦਤ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਇਸ ਵਿਸ਼ਾਲ ਸਮਾਗਮ ਦੌਰਾਨ ਜਿੱਥੇ ਵੱਖ-ਵੱਖ ਆਗੂਆਂ ਨੇ ਅੱਜ ਸਿੱਖਾਂ ਨਾਲ ਹੋ ਰਹੇ ਅਨਿਆਂ ਦਾ ਮੁਕਾਬਲਾ ਕਰਨ ਲਈ ਪੰਥਕ ਏਕਤਾ 'ਤੇ ਜ਼ੋਰ ਦਿੱਤਾ, ਉੱਥੇ ਹੀ ਸ਼੍ਰੋਮਣੀ ਕਮੇਟੀ ਪ੍ਰਧਾਨ ਵਲੋਂ ਇਕ ਵਿਸ਼ੇਸ਼ ਮਤਾ ਪੇਸ਼ ਕਰਕੇ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਨੂੰ ਸਤਿਕਾਰ ਦੇਣ ਦੇ ਨਾਲ-ਨਾਲ ਬੰਦੀ ਸਿੰਘਾਂ ਦੀ ਰਿਹਾਈ ਅਤੇ ਦੇਸ਼ ਅੰਦਰ ਸਿੱਖਾਂ ਦੀ ਧਾਰਮਿਕ ਆਜ਼ਾਦੀ ਤੇ ਸਿੱਖ ਪਛਾਣ ਵਿਚ ਰੁਕਾਵਟ ਪਾਉਣ ਵਾਲੇ ਅਮਲਾਂ ਨੂੰ ਤੁਰੰਤ ਰੋਕ ਕੇ ਸਿੱਖਾਂ ਨੂੰ ਆਪਣੇ ਨਿਆਰੇ ਸਰੂਪ, ਕਕਾਰਾਂ ਅਤੇ ਫਲਸਫੇ ਦੇ ਅਨੁਸਾਰੀ ਹੋ ਕੇ ਜੀਣ ਲਈ ਸੁਖਾਵਾਂ ਮਾਹੌਲ ਦੇਣ ਦੀ ਕੇਂਦਰ ਸਰਕਾਰ ਕੋਲੋਂ ਮੰਗ ਵੀ ਕੀਤੀ ਗਈ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ਼ਤਾਬਦੀ ਸਮਾਗਮਾਂ ਮੌਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਦੇ ਇਤਿਹਾਸ ਅਤੇ ਸਿਧਾਂਤ ਬਾਰੇ ਬੋਲਦਿਆਂ ਕਿਹਾ ਕਿ ਜਿਸ ਤਰ੍ਹਾਂ ਔਰੰਗਜੇਬ ਦੂਜੇ ਧਰਮਾਂ ਦੀ ਅਜ਼ਾਦੀ ਖੋਹ ਕੇ ਆਪਣੇ ਰਾਜ ਨੂੰ ਕਾਇਮ ਰੱਖਣਾ ਚਾਹੁੰਦਾ ਸੀ, ਅੱਜ ਵੀ ਅਜਿਹੇ ਹਮਲੇ ਹੋ ਰਹੇ ਹਨ ਪ੍ਰੰਤੂ ਦੁਖ ਦੀ ਗੱਲ ਹੈ ਕਿ ਦੂਜਿਆਂ ਦਾ ਧਰਮ ਬਚਾਉਣ ਵਾਲੇ ਸਿੱਖਾਂ ਨੂੰ ਹੀ ਜਜਬ ਕਰਨ ਲਈ ਸ਼ਾਜਿਸ਼ਾਂ ਤੇਜ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਸਿੱਖਾਂ ਉੱਤੇ ਅਜਿਹੇ ਹਮਲੇ ਇਸ ਕਰਕੇ ਹੋ ਰਹੇ ਹਨ ਕਿਉਂਕਿ ਸਿੱਖਾਂ ਵਿਚਕਾਰ ਆਪਸੀ ਫੁੱਟ ਹੈ ਅਤੇ ਇਸ ਦਾ ਲਾਹਾ ਦੁਸ਼ਮਣ ਸ਼ਕਤੀਆਂ ਲੈ ਰਹੀਆਂ ਹਨ। ਉਨ੍ਹਾਂ ਆਖਿਆ ਕਿ ਪੰਥ ਦੀਆਂ ਸੰਸਥਾਵਾਂ ਪੰਥ ਦੀ ਵਿਰਾਸਤ ਹਨ ਅਤੇ ਇਨ੍ਹਾਂ ਨੂੰ ਕਮਜ਼ੋਰ ਕਰਨ ਵਾਲੇ ਲੋਕ ਸਮਝ ਲੈਣ ਕਿ ਪੰਥ ਇਨ੍ਹਾਂ ਦੇ ਮਨਸੂਬੇ ਕਦੇ ਵੀ ਕਾਮਯਾਬ ਨਹੀਂ ਹੋਣ ਦੇਵੇਗਾ।

ਉਨ੍ਹਾਂ ਕਿਹਾ ਕਿ ਧਾਰਮਿਕ ਸ਼ਤਾਬਦੀਆਂ ਮਨਾਉਣਾ ਸਾਰਿਆਂ ਦਾ ਸਾਂਝਾ ਫ਼ਰਜ਼ ਹੈ, ਪਰ ਇਸ ਮੌਕੇ ਗੁਰੂ ਸਾਹਿਬਾਨ ਦੇ ਸਿਧਾਂਤ ਦੀ ਅਵੱਗਿਆ ਨਹੀਂ ਹੋਣੀ ਚਾਹੀਦੀ। ਉਨ੍ਹਾਂ ਨੌਵੇਂ ਪਾਤਸ਼ਾਹ ਜੀ ਦੀ ਸ਼ਹੀਦੀ ਸ਼ਤਾਬਦੀ ਬਾਰੇ ਬੋਲਦਿਆਂ ਕਿਹਾ ਕਿ ਜਿਨ੍ਹਾਂ ਮਨੁੱਖੀ ਅਧਿਕਾਰਾਂ ਅਤੇ ਜਮੀਰ ਦੀ ਅਜ਼ਾਦੀ ਲਈ ਗੁਰੂ ਸਾਹਿਬ ਨੇ ਸ਼ਹਾਦਤ ਦਿੱਤੀ, ਅੱਜ ਉਨ੍ਹਾਂ ਦੀ ਸ਼ਹੀਦੀ ਸ਼ਤਾਬਦੀ ਮੌਕੇ ਸਰਕਾਰਾਂ ਦਾ ਫ਼ਰਜ਼ ਹੈ ਕਿ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸਿਧਾਂਤਾਂ 'ਤੇ ਪਹਿਰਾ ਦੇਣ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਬੀਤੇ ਦਿਨ ਗੁਰੂ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਕਰਵਾਏ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਬਾਰੇ ਗੱਲ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਨੂੰ ਸਮਰਪਿਤ ਇਸ ਇਜਲਾਸ ਵਿਚ ਸਰਕਾਰ ਦੇ ਆਗੂਆਂ ਵੱਲੋਂ ਨੰਗੇ ਸਿਰ ਸ਼ਾਮਲ ਹੋਣਾ ਗੁਰੂ ਸਾਹਿਬ ਦੇ ਅਦਬ ਸਤਿਕਾਰ ਦੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਨੁਮਾਇੰਦਿਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰ ਨੂੰ ਚੁਣੌਤੀ ਦੇਣ ਦੀਆਂ ਕੋਸ਼ਿਸ਼ਾਂ ਨੂੰ ਪੰਥ ਕਦੇ ਵੀ ਸਹਿਣ ਨਹੀਂ ਕਰੇਗਾ। ਉਨ੍ਹਾਂ ਕੌਮ ਨਾਲ ਵਾਅਦਾ ਕੀਤਾ ਕਿ ਉਹ ਪੰਥ ਅੱਗੇ ਹਜ਼ਾਰ ਵਾਰ ਝੁਕਣਗੇ ਲੇਕਿਨ ਜਿਹੜੀਆਂ ਸਰਕਾਰਾਂ ਸਿੱਖਾਂ ਦੀ ਪਛਾਣ ਨੂੰ ਖਤਮ ਅਤੇ ਗੁਰਦੁਆਰਾ ਸਾਹਿਬਾਨ ਉੱਤੇ ਕਬਜ਼ਾ ਕਰਨਾ ਚਾਹੁੰਦੀਆਂ ਹਨ, ਇਨ੍ਹਾਂ ਨਾਲ ਕਰੜੀ ਲੜਾਈ ਲੜੀ ਜਾਵੇਗੀ।

ਉਨ੍ਹਾਂ ਬੰਦੀ ਸਿੰਘਾਂ ਦੀ ਰਿਹਾਈ ਦੇ ਮੁੱਦੇ 'ਤੇ ਸਿੱਖਾਂ ਦੀ ਕੌਮੀ ਮੰਗ ਨੂੰ ਦੁਹਰਾਉਂਦਿਆਂ ਸੰਗਤ ਪਾਸੋਂ ਜੈਕਾਰੇ ਲੁਆ ਕਿ ਇਸ ਮਾਮਲੇ ਸਬੰਧੀ ਸਮਰਥਨ ਪ੍ਰਾਪਤ ਕੀਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਪਾਸ ਕੀਤੇ ਮਤੇ ਦੀ ਪ੍ਰੋੜ੍ਹਤਾ ਕੀਤੀ। ਉਨ੍ਹਾਂ

ਸੰਗਤ ਨੂੰ ੨੮ ਅਤੇ ੨੯ ਨਵੰਬਰ ਨੂੰ ਗੁਰਦੁਆਰਾ ਬਿਬਾਣਗੜ੍ਹ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਸ਼ਤਾਬਦੀ ਸਮਾਗਮਾਂ ਅਤੇ ਵਿਸ਼ੇਸ਼ ਨਗਰ ਕੀਰਤਨ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ।

ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ, ਸਮੂਹ ਪੰਥਕ ਸ਼ਖ਼ਸੀਅਤਾਂ, ਸੰਪਰਦਾਵਾਂ ਤੇ ਨਿਹੰਗ ਸਿੰਘ ਦਲ ਪੰਥਾਂ ਦੇ ਮੁਖੀਆਂ, ਸ਼੍ਰੋਮਣੀ ਕਮੇਟੀ ਮੈਂਬਰਾਂ ਅਤੇ ਸੰਗਤ ਦਾ ਧੰਨਵਾਦ ਕਰਦੇ ਹੋਏ ਕਿਹਾ ਗਿਆ ਕਿ ਗੁਰੂ ਦੀ ਬਖ਼ਸ਼ਿਸ਼ ਨਾਲ ਪੰਥ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਰਹੇਗਾ ਅਤੇ ਸਾਰੇ ਸਿੱਖ ਗੁਰੂ ਦੇ ਸਿਧਾਂਤਾਂ 'ਤੇ ਚੱਲਦਿਆਂ ਕੌਮ ਨੂੰ ਦਰਪੇਸ਼ ਚੁਣੌਤੀਆਂ ਦਾ ਸਾਹਮਣਾ ਕਰਨਗੇ।

ਸ਼ਤਾਬਦੀ ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੇ ਸੰਬੋਧਨ ਵਿਚ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਦੁਨੀਆ ਦੇ ਇਤਹਾਸ ਅੰਦਰ ਧਰਮ ਦੀ ਰਖਵਾਲੀ ਲਈ ਵੱਡੀ ਉਦਾਹਰਣ ਕਰਾਰ ਦਿੰਦਿਆਂ ਕੌਮ ਨੂੰ ਆਪਣੇ ਅੰਦਰ ਧਰਮ ਦੀਆਂ ਕਦਰਾਂ ਕੀਮਤਾਂ ਪ੍ਰਤੀ ਅਜਿਹੀ ਹੀ ਦ੍ਰਿੜ੍ਹ ਸ਼ਕਤੀ ਪੈਦਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਸਰਕਾਰਾਂ ਨੂੰ ਵੀ ਗੁਰੂ ਸਾਹਿਬ ਦੀ ਸ਼ਹਾਦਤ ਦੇ ਮੰਤਵ ਤੋਂ ਪ੍ਰੇਰਣਾ ਲੈਣ ਦੀ ਗੱਲ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਨੇ ਜਿਸ ਦਿੱਲੀ ਵਿਚ ਖ਼ੁਦ ਜਾ ਕੇ ਮਨੁੱਖਤਾ ਨੂੰ ਜਿੰਦਾ ਰੱਖਣ ਦੀ ਸਭ ਤੋਂ ਮਹਿੰਗੀ ਕੀਮਤ ਅਦਾ ਕੀਤੀ ਸੀ, ਸਰਕਾਰਾਂ ਦਾ ਫ਼ਰਜ਼ ਹੈ ਕਿ ਅੱਜ ਉਨ੍ਹਾਂ ਦੇ ਅਨਿਆਈ ਸਿੱਖਾਂ ਦੇ ਹੱਕ ਹਕੂਕ ਖੋਹੇ ਨਾ ਜਾਣ। ਉਨਾਂ ਕਿਹਾ ਕਿ ਸਿੱਖਾਂ ਅਤੇ ਪੰਜਾਬ ਦੇ ਹੱਕਾਂ ਨਾਲ ਨਾਇਨਸਾਫ਼ੀ ਸਰਕਾਰਾਂ ਲਈ ਠੀਕ ਨਹੀਂ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ, ਪੰਜਾਬ ਯੂਨੀਵਰਸਿਟੀ, ਸ਼੍ਰੋਮਣੀ ਕਮੇਟੀ ਐਕਟ ਅਤੇ ਚੰਡੀਗੜ੍ਹ 'ਤੇ ਪੰਜਾਬ ਦੇ ਹੱਕ ਨਾਲ ਛੇੜਛਾੜ ਦੀਆਂ ਸਰਕਾਰਾਂ ਦੀ ਸਰਪ੍ਰਸਤੀ ਹੇਠ ਹੋ ਰਹੀਆਂ ਹਰਕਤਾਂ ਕੀ ਨੌਵੇਂ ਪਾਤਸ਼ਾਹ ਦੀ ਸ਼ਹਾਦਤ ਦੇ ਵਿਰੁੱਧ ਨਹੀਂ ਹਨ। ਉਨ੍ਹਾਂ ਆਖਿਆ ਕਿ ਸਰਕਾਰਾਂ ਦਾ ਕੰਮ ਸੰਵਿਧਾਨ ਦੇ ਦਾਇਰੇ ਵਿਚ ਰਹਿ ਕੇ ਹਰਇਕ ਦੇ ਹਿੱਤਾਂ ਦਾ ਖ਼ਿਆਲ ਰੱਖਣਾ ਹੁੰਦਾ ਹੈ, ਜਦਕਿ ਇਥੇ ਵਿਸ਼ੇਸ਼ ਤੌਰ 'ਤੇ ਸਿੱਖਾਂ ਅਤੇ ਪੰਜਾਬੀਆਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾਂਦਾ ਹੈ। ਸਿੱਖ ਕੌਮ ਅਰਸੇ ਤੋਂ ਬੰਦੀ ਸਿੰਘਾਂ ਦੀ ਰਿਹਾਈ ਮੰਗ ਰਹੀ ਹੈ, ਪਰ ਸਰਕਾਰਾਂ ਐਲਾਨ ਅਤੇ ਨੋਟੀਫਿਕੇਸ਼ਨ ਕਰਨ ਬਾਅਦ ਵੀ ਮੁਨਕਰ ਹੋ ਰਹੀਆਂ ਹਨ। ਉਨ੍ਹਾਂ ਆਖਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਬੰਦੀ ਸਿੰਘ ਦੀ ਰਿਹਾਈ ਲਈ ਸਰਕਾਰ ਨੂੰ ਵੱਡਾ ਦਿਲ ਦਿਖਾ ਕੇ ਗੁਰੂ ਸਾਹਿਬ ਨੂੰ ਸੱਚੀ ਸ਼ਰਧਾ ਭੇਟ ਕਰਨੀ ਚਾਹੀਦੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕੇਂਦਰ ਸਰਕਾਰ ਪਾਸੋਂ ਇਹ ਵੀ ਮੰਗ ਕੀਤੀ ਕਿ ਦੇਸ਼ ਅੰਦਰ ਸਿੱਖਾਂ ਦੀ ਧਾਰਮਿਕ ਅਜ਼ਾਦੀ ਅਤੇ ਸਿੱਖੀ ਪਛਾਣ ਲਈ ਰੁਕਾਵਟ ਬਣਨ ਵਾਲੇ ਅਮਲਾ ਨੂੰ ਤੁਰੰਤ ਬੰਦ ਕਰਕੇ ਸਿੱਖਾਂ ਨੂੰ ਪੂਰੇ ਦੇਸ਼ ਅੰਦਰ ਆਪਣੇ ਨਿਆਰੇ ਸਰੂਪ ਅਤੇ ਕਕਾਰਾਂ ਨੂੰ ਧਾਰਨ ਕਰਦਿਆਂ ਜੀਣ ਦਾ ਸੁਖਾਵਾਂ ਮਾਹੌਲ ਦਿੱਤਾ ਜਾਵੇ। ਐਡਵੋਕੇਟ ਧਾਮੀ ਨੇ ਆਪਣੇ ਸੰਬੋਧਨ ਦੌਰਾਨ ਅਗਲਾ ਪੂਰਾ ਸਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਸਮਰਪਿਤ ਇਕ ਜ਼ੋਰਦਾਰ ਧਰਮ ਪ੍ਰਚਾ ਲਹਿਰ ਪ੍ਰਚੰਡ ਕਰਨ ਦਾ ਐਲਾਨ ਵੀ ਕੀਤਾ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਤੇ ਸ਼ਹਾਦਤ ਦੇ ਸ਼ਾਨਾਮਤੇ ਇਤਿਹਾਸ ਨੂੰ ਪ੍ਰਚਾਰਨ ਲਈ ਸ਼੍ਰੋਮਣੀ ਕਮੇਟੀ ਵਚਨਬਤਾ ਪ੍ਰਗਟਾਉਂਦੀ ਹੈ ਅਤੇ ਇਸੇ ਤਹਿਤ ਘਰ-ਘਰ ਤੱਕ ਪਹੁੰਚ ਕਰਕੇ ਗੁਰੂ ਸਾਹਿਬ ਦੇ ਉਪਦੇਸ਼ਾਂ ਅਤੇ ਫਲਸਫੇ ਨੂੰ ਪਹੁੰਚਾਉਣ ਦੇ ਵੱਡੇ ਯਤਨ ਕੀਤੇ ਜਾਣਗੇ। ਉਨ੍ਹਾਂ ਨੌਵੇਂ ਪਾਤਸ਼ਾਹ ਜੀ ਦੇ ੩੫੦ਵੇਂ ਸ਼ਹੀਦੀ ਦਿਹਾੜੇ ਨੂੰ ਯਾਦਗਾਰੀ ਬਣਾਈ ਰੱਖਣ ਲਈ ਗੁਰੂ ਪਾਤਸ਼ਾਹ ਜੀ ਦੇ ਨਾਂ 'ਤੇ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ੧੦੦੦ ਕਮਰਿਆਂ ਦੇ ਸੰਗਤ ਲਈ ਰਿਹਾਇਸ਼ ਵਾਲਾ ਕੰਪਲੈਕਸ ਬਣਾਉਣ ਦਾ ਐਲਾਨ ਕੀਤਾ। ਉਨ੍ਹਾਂ ਆਖਿਆ ਕਿ ਇਸ ਵਿਚ ਭਾਈ ਮਤੀ ਦਾਸ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਦਿਆਲਾ

ਜੀ ਦੇ ਨਾਂ 'ਤੇ ਵੀ ਬਲਾਕ ਬਣਾਏ ਜਾਣਗੇ। ਉਨ੍ਹਾਂ ਨੇ ੨੦੨੭ ਵਿਚ ਸ੍ਰੀ ਅੰਮ੍ਰਿਤਸਰ ਸ਼ਹਿਰ ਦਾ ੪੫੦ਵਾਂ ਸਥਾਪਨਾ ਦਿਵਸ ਵੀ ਕੌਮੀ ਜਾਹੋ-ਜਲਾਲ ਨਾਲ ਮਨਾਉਣ ਦਾ ਐਲਾਨ ਵੀ ਕੀਤਾ।

ਇਸ ਮੌਕੇ ਬੋਲਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਦੂਜੇ ਧਰਮ ਨੂੰ ਬਚਾਉਣ ਲਈ ਦਿੱਤੀ ਸ਼ਹਾਦਤ ਦੁਨੀਆ ਭਰ ਵਿਚ ਲਾਸਾਨੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਦੀ ਬਦੌਲਤ ਹੀ ਅੱਜ ਦੁਨੀਆ ਭਰ 'ਚ ਸਿੱਖ ਜਿੱਥੇ ਆਪਣੀ ਮਿਹਨਤ, ਇਮਾਨਦਾਰੀ ਅਤੇ ਦ੍ਰਿੜ੍ਹਤਾ ਕਰਕੇ ਬੁਲੰਦੀਆਂ ਛੂਹ ਰਹੇ ਹਨ, ਉੱਥੇ ਔਖੇ ਵੇਲੇ ਦੂਜਿਆਂ ਦੀ ਸਹਾਇਤਾ, ਸੇਵਾ ਅਤੇ ਕੁਰਬਾਨੀਆਂ ਕਰਕੇ ਵਿਸ਼ਵ ਭਰ ਵਿਚ ਵੱਖਰੀ ਪਛਾਣ ਬਣਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਭਾਵੇਂ ਦੁਨੀਆ ਭਰ ਵਿਚ ਕਿਤੇ ਵੀ ਕੁਦਰਤੀ ਆਫ਼ਤ ਆ ਜਾਵੇ ਤਾਂ ਸਿੱਖ ਮਨੁੱਖਤਾ ਦੀ ਸੇਵਾ ਲਈ ਸਭ ਤੋਂ ਅੱਗੇ ਹੁੰਦੇ ਹਨ। ਉਨ੍ਹਾਂ ਜਿੱਥੇ ਨੌਵੇਂ ਪਾਤਸ਼ਾਹ ਦੀ ਸ਼ਹਾਦਤ ਨੂੰ ਸਿਜਦਾ ਕੀਤਾ ਉੱਥੇ ਇਸ ਗੱਲ 'ਤੇ ਦੁੱਖ ਵੀ ਜਤਾਇਆ ਕਿ ਦੂਜੇ ਧਰਮ ਨੂੰ ਬਚਾਉਣ ਵਾਲੇ ਧਰਮ ਨੂੰ ਖ਼ਤਮ ਕਰਨ ਲਈ ਅੱਜ ਵੱਡੇ ਪੱਧਰ 'ਤੇ ਸਾਜ਼ਿਸ਼ਾਂ ਹੋ ਰਹੀਆਂ ਹਨ ਅਤੇ ਸਿੱਖਾਂ ਦੀ ਤਾਕਤ ਨੂੰ ਖ਼ਤਮ ਕਰਨ ਲਈ ਸਿੱਖਾਂ ਦੀਆਂ ਸਿਰਮੌਰ ਸੰਸਥਾਵਾਂ ਅਤੇ ਜਥੇਬੰਦੀਆਂ ਉੱਤੇ ਕਬਜ਼ੇ ਕਰਨ ਦੀਆਂ ਸਰਕਾਰੀ ਸਾਜ਼ਿਸ਼ਾਂ ਹੋ ਰਹੀਆਂ ਹਨ। ਉਨ੍ਹਾਂ ਪਿਛਲੇ ਸਮੇਂ ਦੌਰਾਨ ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਉੱਤੇ ਮਹਾਰਾਸ਼ਟਰ ਸਰਕਾਰ ਦੇ ਕਬਜ਼ੇ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਨੂੰ ਸਿੱਖਾਂ ਕੋਲੋਂ ਖੋਹਣ ਦੀਆਂ ਕੋਸ਼ਿਸ਼ਾਂ ਦਾ ਜ਼ਿਕਰ ਕਰਦਿਆਂ ਆਖਿਆ ਕਿ ਸਿੱਖਾਂ ਨੂੰ ਅਜੇ ਵੀ ਜਾਗਣ ਦੀ ਲੋੜ ਹੈ ਕਿਉਂਕਿ ਸਿੱਖ ਦੋਖੀ ਤਾਕਤਾਂ ਦਾ ਅਗਲਾ ਨਿਸ਼ਾਨਾ ਸ਼੍ਰੋਮਣੀ ਕਮੇਟੀ ਹੈ। ਉਨ੍ਹਾਂ ਕਿਹਾ ਕਿ ਦੁਨੀਆ ਵਿਚ ਕਿਤੇ ਵੀ ਸਿੱਖਾਂ ਨੂੰ ਕੋਈ ਸਮੱਸਿਆ ਆਵੇ ਤਾਂ ਹਮੇਸ਼ਾ ਸਿੱਖਾਂ ਦੀਆਂ ਨੁਮਾਇੰਦਾ ਸੰਸਥਾਵਾਂ ਤੇ ਜਥੇਬੰਦੀਆਂ ਹੀ ਉਨ੍ਹਾਂ ਦੀ ਪਿੱਠ 'ਤੇ ਖੜ੍ਹਦੀਆਂ ਹਨ, ਪਰ ਜੇ ਸਿੱਖ ਸ਼ਕਤੀ ਦੀਆਂ ਇਹ ਸੰਸਥਾਵਾਂ ਹੀ ਖ਼ਤਮ ਹੋ ਗਈਆਂ ਤਾਂ ਸਿੱਖਾਂ ਦੀ ਬਾਂਹ ਫੜਨ ਵਾਲਾ ਕੋਈ ਨਹੀਂ ਰਹੇਗਾ। ਉਨ੍ਹਾਂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ ੩੫੦ ਸਾਲਾ ਸ਼ਹੀਦੀ ਦਿਹਾੜੇ ਦੇ ਸੰਦਰਭ 'ਚ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਜੀਵਨ ਵਿਚ ਕਮਾਉਣਾ ਅੱਜ ਦੀ ਵੱਡੀ ਲੋੜ ਹੈ, ਕਿਉਂਕਿ ਗੁਰੂ ਸਾਹਿਬ ਨੇ ਹੱਕ ਸੱਚ ਲਈ ਅਵਾਜ਼ ਬੁਲੰਦ ਕੀਤੀ ਸੀ ਅਤੇ ਅੱਜ ਵੀ ਹੱਕ ਸੱਚ ਨੂੰ ਜਿੰਦਾ ਰੱਖਣ ਲਈ ਸਿਦਕ ਅਤੇ ਦ੍ਰਿੜ੍ਹਤਾ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਥਕ ਸੰਸਥਾਵਾਂ ਤੇ ਜਮਾਤਾਂ ਸਿੱਖੀ ਲਈ ਹਮੇਸ਼ਾ ਵੱਡਾ ਯਤਨ ਕਰਦੀਆਂ ਰਹੀਆਂ ਹਨ ਅਤੇ ਇਸੇ ਤਹਿਤ ਹੀ ਸ਼੍ਰੋਮਣੀ ਅਕਾਲੀ ਦਲ ਨੇ ਆਪਣੀ ਸਰਕਾਰ ਵੇਲੇ ਜਿਥੇ ਸਿੱਖ ਸ਼ਤਾਬਦੀਆਂ ਕੌਮੀ ਜਾਹੋਜਲਾਲ ਨਾਲ ਮਨਾਈਆਂ, ਉਥੇ ਹੀ ਨੌਜੁਆਨੀ ਨੂੰ ਵਿਰਸੇ ਨਾਲ ਜੋੜਨ ਲਈ ਯਾਦਗਾਰਾਂ ਸਥਾਪਤ ਕਰਨ ਵਰਗੇ ਕਈ ਵੱਡੇ ਇਤਿਹਾਸਕ ਕਾਰਜ ਕੀਤੇ। ਅੱਜ ਦੀਆਂ ਸਰਕਾਰਾਂ ਕੇਵਲ ਲੋਕਾਂ ਨੂੰ ਗੁੰਮਰਾਹ ਕਰਕੇ ਆਪਣੇ ਮਨਸੂਬੇ ਸਿੱਧ ਕਰਨ ਦੇ ਆਹਰ ਵਿਚ ਹਨ, ਪਰ ਪੰਜਾਬ ਦੇ ਲੋਕ ਸਭ ਜਾਣਦੇ ਹਨ।

ਸ਼ਤਾਬਦੀ ਦੇ ਸਮਾਗਮ ਦੌਰਾਨ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ ੯੬ਵੇਂ ਕਰੋੜੀ, ਤਰਨਾ ਦਲ ਹਰੀਆਂ ਵੇਲਾਂ ਦੇ ਮੁਖੀ ਬਾਬਾ ਨਿਹਾਲ ਸਿੰਘ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸਕੱਤਰ ਜਨਰਲ ਸ. ਬਲਵਿੰਦਰ ਸਿੰਘ ਭੁੰਦੜ, ਬਾਬਾ ਸੇਵਾ ਸਿੰਘ ਖਡੂਰ ਸਾਹਿਬ,ਬਾਬਾ ਲੱਖਾ ਸਿੰਘ ਨਾਨਕਸਰ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਭਾਈ ਮਹਿੰਦਰ ਸਿੰਘ ਨਿਸ਼ਕਾਮ ਸੇਵਕ ਜਥਾ ਯੂਕੇ, ਬਾਬਾ ਅਮੀਰ ਸਿੰਘ ਜਵੱਦੀ ਟਕਸਾਲ ਅਤੇ ਬਾਬਾ ਸੁਰਜਨ ਸਿੰਘ ਨੇ ਵੀ ਸੰਬੋਧਨ ਕੀਤਾ। ਇਨ੍ਹਾਂ ਆਪਣੇ ਸੰਬੋਧਨ ਵਿਚ ਪੰਥ ਨੂੰ ਇਕੱਠਿਆ ਹੋ ਕੇ ਇਤਿਹਾਸ, ਸਿਧਾਂਤ ਅਤੇ ਪ੍ਰੰਪਰਾਵਾਂ ਦੀ ਪਹਿਰੇਦਾਰੀ ਲਈ ਯਤਨਸ਼ੀਲ ਰਹਿਣ ਲਈ ਕਿਹਾ।

ਉਨ੍ਹਾਂ ਆਖਿਆ ਕਿ ਕੌਮੀ ਜਲੌ ਪੰਥਕ ਸ਼ਕਤੀ ਦੇ ਇਕੱਠਿਆਂ ਰਹਿਣ ਵਿਚ ਹੀ ਹੈ। ਬੁਲਾਰਿਆਂ ਨੇ ਨੌਵੇਂ ਪਾਤਸ਼ਾਹ ਜੀ ਦੀ ਮਹਾਨ ਸ਼ਹਾਦਤ ਨੂੰ ਸਮੁੱਚੀ ਮਾਨਵਤਾ ਲਈ ਰਾਹ ਦਸੇਰਾ ਕਰਾਰ ਦਿੱਤਾ।

ਇਸ ਤੋਂ ਪਹਿਲਾਂ ਸਵੇਰੇ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਅਤੇ ਬਾਬਾ ਬੰਤਾ ਸਿੰਘ ਨੇ ਕਥਾ ਵਿਚਾਰਾਂ ਦੀ ਸਾਂਝ ਪਈ ਅਤੇ ਗਿਆਨੀ ਨਿਰਮਲ ਸਿੰਘ ਨੂਰ ਦੇ ਢਾਡੀ ਜਥੇ ਤੇ ਸ. ਕੇਵਲ ਸਿੰਘ ਮਹਿਤਾ ਦੇ ਕਵੀਸ਼ਰੀ ਜਥੇ ਨੇ ਸਿੱਖ ਇਤਿਹਾਸ ਸਰਵਣ ਕਰਵਾਇਆ।

ਸਮਾਗਮ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ ਮੁਖੀ ਬਾਬਾ ਜੋਗਾ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ ਦਲਜੀਤ ਸਿੰਘ ਚੀਮਾ, ਸ. ਤਜਿੰਦਰ ਸਿੰਘ ਮਿੱਡੂਖੇੜਾ, ਸਾਬਕਾ ਮੰਤਰੀ ਸ. ਗੁਲਜ਼ਾਰ ਸਿੰਘ ਰਣੀਕੇ, ਸ. ਸੁੱਚਾ ਸਿੰਘ ਲੰਗਾਹ, ਸ. ਸੁਰਜੀਤ ਸਿੰਘ ਭਲਵਾਨ, ਸ. ਅਰਸ਼ਦੀਪ ਸਿੰਘ ਕਲੇਰ, ਸ. ਰਣਬੀਰ ਸਿੰਘ ਢਿੱਲੋਂ, ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਜਗਜੀਤ ਸਿੰਘ ਹਰਖੋਵਾਲ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ ਵਾਲੇ, ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲੇ,ਤਖ਼ਤ ਸ੍ਰੀ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਜੂਨੀਅਰ ਮੀਤ ਪ੍ਰਧਾਨ ਸ ਬਲਦੇਵ ਸਿੰਘ ਕਲਿਆਣ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਰਣਜੀਤ ਸਿੰਘ ਕਾਹਲੋਂ,ਸ. ਭੁਪਿੰਦਰ ਸਿੰਘ ਭਲਵਾਨ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਬਲਜੀਤ ਸਿੰਘ ਜਲਾਲਉਸਮਾ, ਭਾਈ ਗੁਰਬਖਸ਼ ਸਿੰਘ ਖਾਲਸਾ, ਜਥੇਦਾਰ ਕੌਰ ਸਿੰਘ, ਸ. ਰਘਬੀਰ ਸਿੰਘ ਸਹਾਰਨਮਾਜਰਾ, ਭਾਈ ਅਜੈਬ ਸਿੰਘ ਅਭਿਆਸੀ, ਸ. ਅਵਤਾਰ ਸਿੰਘ ਰੀਆ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਹਰਪਾਲ ਸਿੰਘ ਜੱਲਾ, ਸ. ਨਵਤੇਜ ਸਿੰਘ ਕਾਉਣੀ, ਸ. ਅਵਤਾਰ ਸਿੰਘ ਵਣਵਾਲਾ, ਬਾਬਾ ਬੂਟਾ ਸਿੰਘ, ਸ. ਪਰਮਜੀਤ ਸਿੰਘ ਖਾਲਸਾ, ਸ. ਸੁਖਵਰਸ ਸਿੰਘ ਪੰਨੂ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਬਾਬਾ ਸੁੱਚਾ ਸਿੰਘ, ਸਵਾਮੀ ਜੀ ਹੁਸ਼ਿਆਰਪੁਰ ਵਾਲੇ,ਬਾਬਾ ਜੀਤ ਸਿੰਘ ਜੌਲਾਂ ਵਾਲੇ, ਬਾਬਾ ਗੁਰਦੇਵ ਸਿੰਘ ਹੁਸ਼ਿਆਰਪੁਰ, ਬਾਬਾ ਬਲਕਾਰ ਸਿੰਘ ਹਨੁਮਾਨਗੜ੍ਹ, ਬਾਬਾ ਲੱਖਾ ਸਿੰਘ ਕੋਟੇ ਵਾਲੇ, ਬਾਬਾ ਸੁਰਿੰਦਰ ਸਿੰਘ ਮਿੱਠਾ ਟਿਵਾਣਾ, ਮਹੰਤ ਤੀਰਥ ਸਿੰਘ, ਬਾਬਾ ਸਤਨਾਮ ਸਿੰਘ ਕਿਲਾ ਅਨੰਦਗੜ੍ਹ ਸਾਹਿਬ,ਬਾਬਾ ਅਵਤਾਰ ਸਿੰਘ ਧੱਤਲ, ਬਾਬਾ ਸੁਖਦੇਵ ਸਿੰਘ ਭੁੱਚੋਂ ਵਾਲਿਆਂ ਵੱਲੋਂ ਬਾਬਾ ਨਾਨਕ ਸਿੰਘ, ਬਾਬਾ ਸੁਰਜਨ ਸਿੰਘ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ,ਬਾਬਾ ਮੋਹਨ ਸਿੰਘ, ਸਿੱਖ ਧਰਮਾ ਇੰਟਰਨੈਸ਼ਨਲ ਵੱਲੋਂ ਸ. ਸਤਪਾਲ ਸਿੰਘ ਯੂਐਸਏ, ਸ. ਤਿਰਮੀਤ ਸਿੰਘ ਬੇਦੀ ਕੋਟਾ ਸੈਂਟਰਲ ਕਮੇਟੀ, ਬਾਬਾ ਧੰਨਾ ਸਿੰਘ ਬੜੂੰਦੀ ਵਾਲੇ, ਜਥੇਦਰ ਬਾਬਾ ਨਾਗਰ ਸਿੰਘ, ਪ੍ਰਿੰਸੀਪਲ ਚਰਨਜੀਤ ਸਿੰਘ ਸਿੱਖ ਮਿਸ਼ਨਰੀ ਕਾਲਜ, ਬਾਬਾ ਭਾਗ ਸਿੰਘ ਨਾਨਕਸਰ ਕਲੇਰਾਂ, ਸ. ਸੁਖਪਾਲ ਸਿੰਘ, ਬਾਬਾ ਹੀਰਾ ਸਿੰਘ ਝੁਲਣੇ ਮਹਿਲ, ਗਿਆਨੀ ਅਵਤਾਰ ਸਿੰਘ ਭੈਲ, ਬਾਬਾ ਜੋਗਿੰਦਰ ਸਿੰਘ ਅਮਰੀਕਾ, ਗਿਆਨੀ ਸੁਖਵਿੰਦਰ ਸਿੰਘ, ਬਾਬਾ ਸਰੂਪ ਸਿੰਘ ਡੁੰਮੇਵਾਲ, ਬਾਬਾ ਪ੍ਰੇਮ ਸਿੰਘ, ਬਾਬਾ ਅਜੀਤ ਸਿੰਘ ਗੁਜਰਾਤ,

ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਸਾਬਕਾ ਸਕੱਤਰ ਸ. ਸੁਖਦੇਵ ਸਿੰਘ ਜੀ ਭੂਰਾਕੋਹਨਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਦੇ ਵੀਸੀ ਸ. ਪ੍ਰਿਤਪਾਲ ਸਿੰਘ, ਸ. ਰਾਮ ਸਿੰਘ ਮੁੰਬਈ ਆਨਰੇਰੀ ਇੰਚਾਰਜ ਸਿੱਖ ਮਿਸ਼ਨ ਮਹਾਂਰਾਸ਼ਟਰ ਤੇ ਗੁਜਰਾਤ, ਸ. ਦਿਲਸਾਦ ਸਿੰਘ ਅਨੰਦ ਆਨਰੇਰੀ ਇੰਚਾਰਜ ਸਿੱਖ ਮਿਸ਼ਨ ਆਂਧਰਾ ਪ੍ਰਦੇਸ਼, ਸ. ਬਲਬੀਰ ਸਿੰਘ ਚੰਗਿਆੜਾ, ਸਿੱਖ ਚਿੰਤਕ ਸ. ਤਲਵਿੰਦਰ ਸਿੰਘ ਬੁੱਟਰ, ਇੰਚਾਰਜ ਸ. ਮੇਜ਼ਰ ਸਿੰਘ, ਸ. ਬਲਦੇਵ ਸਿੰਘ ਚੀਫ ਟੈਪ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਮੈਨੇਜਰ ਸ. ਜਗੀਰ ਸਿੰਘ, ਸ. ਧਰਮਿੰਦਰ ਸਿੰਘ, ਸ. ਬਲਦੇਵ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਸਤਿੰਦਰ ਸਿੰਘ, ਸ. ਨਿਸ਼ਾਨ ਸਿੰਘ ਜ਼ਫਰਵਾਲ, ਸ. ਸੁਰਜੀਤ ਸਿੰਘ ਬਰਨਾਲਾ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਸ. ਸੰਦੀਪ ਸਿੰਘ ਕਲੋਤਾ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਸਰਬਜੀਤ ਸਿੰਘ ਢੋਟੀਆਂ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੨੫ ਨਵੰਬਰ

ਸ਼੍ਰੋਮਣੀ ਕਮੇਟੀ ਵੱਲੋਂ 'ਸੀਸ ਮਾਰਗ ਨਗਰ ਕੀਰਤਨ' ਦਿੱਲੀਂ ਤੋਂ ਸ੍ਰੀ ਅਨੰਦਪੁਰ ਸਾਹਿਬ ਲਈ ਹੋਇਆ ਆਰੰਭ

ਵੱਡੀ ਗਿਣਤੀ 'ਚ ਸੰਗਤਾਂ ਨੇ ਨਗਰ ਕੀਰਤਨ 'ਚ ਕੀਤੀ ਸ਼ਮੂਲੀਅਤ, ਵੱਖ ਵੱਖ ਪੜਾਵਾਂ 'ਤੇ ਕੀਤਾ ਗਿਆ ਭਰਵਾਂ ਸਵਾਗਤ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਜੈਤਾ ਜੀ ਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੀ ਯਾਦ 'ਚ ਅੱਜ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲਈ 'ਸੀਸ ਮਾਰਗ ਨਗਰ ਕੀਰਤਨ' ਆਰੰਭ ਕੀਤਾ ਗਿਆ। ਇਹ ਨਗਰ ਕੀਰਤਨ ਉਨ੍ਹਾਂ ਅਸਥਾਨਾਂ ਤੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜੇਗਾ, ਜਿਨ੍ਹਾਂ ਅਸਥਾਨਾਂ 'ਤੇ ਭਾਈ ਜੈਤਾ ਜੀ ਨੌਵੇਂ ਪਾਤਸ਼ਾਹ ਜੀ ਦਾ ਸੀਸ ਲੈ ਕੇ ਰੁਕੇ ਸਨ। ਖ਼ਾਲਸਈ ਜਾਹੋ ਜਲਾਲ ਨਾਲ ਆਰੰਭ ਹੋਏ ਨਗਰ ਕੀਰਤਨ 'ਚ ਵੱਡੀ ਗਿਣਤੀ ਸੰਗਤਾਂ ਵੱਲੋਂ ਸ਼ਮੂਲੀਅਤ ਕਰਕੇ ਨੌਵੇਂ ਪਾਤਸ਼ਾਹ ਜੀ ਨੂੰ ਸਤਿਕਾਰ ਭੇਟ ਕੀਤਾ ਗਿਆ।

ਨਗਰ ਕੀਰਤਨ ਦਾ ਪਹਿਲਾ ਪੜਾਅ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਤਰਾਵੜੀ ਵਿਖੇ ਹੋਵੇਗਾ, ਜਿਥੋਂ ੨੬ ਨਵੰਬਰ ਨੂੰ ਇਹ ਨਗਰ ਕੀਰਤਨ ਗੁਰਦੁਆਰਾ ਸੀਸ ਗੰਜ ਸਾਹਿਬ ਅੰਬਾਲਾ ਲਈ ਰਵਾਨਾ ਹੋਵੇਗਾ। ਇਸੇ ਤਰ੍ਹਾਂ ੨੭ ਨਵੰਬਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ ਅੰਬਾਲਾ ਤੋਂ ਗੁਰਦੁਆਰਾ ਸ੍ਰੀ ਨਾਭਾ ਸਾਹਿਬ ਜ਼ੀਰਕਪੁਰ ਅਤੇ ੨੮ ਨਵੰਬਰ ਨੂੰ ਗੁਰਦੁਆਰਾ ਸ੍ਰੀ ਨਾਭਾ ਸਾਹਿਬ ਜ਼ੀਰਕਪੁਰ ਤੋਂ ਗੁਰਦੁਆਰਾ ਬਿਬਾਣਗੜ੍ਹ ਸਾਹਿਬ ਕੀਰਤਨਪੁਰ ਸਾਹਿਬ ਵਿਖੇ ਪੁੱਜੇਗਾ, ਜਿਥੇ ਵਿਸ਼ਾਲ ਗੁਰਮਤਿ ਸਮਾਗਮ ਹੋਵੇਗਾ। ੨੯ ਨਵੰਬਰ ਨੂੰ ਇਹ ਇਤਿਹਾਸਕ ਨਗਰ ਕੀਰਤਨ ਗੁਰਦੁਆਰਾ ਬਿਬਾਣਗੜ੍ਹ ਸਾਹਿਬ ਤੋਂ ਪੈਦਲ ਗੁਰਦੁਆਰਾ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਲਈ ਚਾਲੇ ਪਾਵੇਗਾ। ਇਸ ਵਿਚ ਪੰਜ ਤਖ਼ਤ ਸਾਹਿਬਾਨ ਦੇ ਜਥੇਦਾਰ, ਦਲ ਪੰਥ, ਟਕਸਾਲਾਂ, ਸਿੱਖ ਸੰਪ੍ਰਦਾਵਾਂ ਸਮੇਤ ਪੰਥ ਦੀਆਂ ਨੁਮਾਇੰਦਾ ਜਥੇਬੰਦੀਆਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਸ਼ਿਰਕਤ ਕਰਨਗੀਆਂ। ਅੱਜ ਨਗਰ ਕੀਰਤਨ ਦਾ ਵੱਖ ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਉੱਤਰ ਪ੍ਰਦੇਸ਼ ਦੇ ਜ਼ਿਲ੍ਹਾ ਬਾਗਪਤ ਵਿਖੇ ਐਸਜੇਐਸ ਮੋਟਰਜ਼ ਹਾਪੁੜ ਦੇ ਸ. ਧਿਆਨ ਸਿੰਘ ਅਤੇ ਪਰਿਵਾਰ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਲੰਗਰਾਂ

ਦੇ ਪ੍ਰਬੰਧ ਕੀਤੇ ਗਏ। ਨਗਰ ਕੀਰਤਨ ਨਾਲ ਸ਼ਾਮਲ ਨਿਹੰਗ ਸਿੰਘ ਫ਼ੌਜਾਂ ਵੱਲੋਂ ਗਤਕੇ ਦੇ ਜੌਹਰ ਵੀ ਵਿਖਾਏ ਗਏ।

ਨਗਰ ਕੀਰਤਨ ਦੀ ਆਰੰਭਤਾ ਮੌਕੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ, ਸ. ਮਨਜੀਤ ਸਿੰਘ ਜੀਕੇ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮਿੰਦਰ ਸਿੰਘ ਮਠਾਰੂ, ਸ. ਪਰਮਜੀਤ ਸਿੰਘ ਰਾਣਾ, ਸ. ਸੁਰਿੰਦਰ ਸਿੰਘ, ਸ. ਕਰਤਾਰ ਸਿੰਘ ਚਾਵਲਾ, ਸ. ਤੇਜਿੰਦਰ ਸਿੰਘ, ਸ. ਰਮਨਦੀਪ ਸਿੰਘ, ਸ. ਜਤਿੰਦਰ ਸਿੰਘ, ਸ. ਸਤਨਾਮ ਸਿੰਘ ਖ਼ਾਲਸਾ, ਸ. ਅਮਰੀਕ ਸਿੰਘ, ਸ. ਜਤਿੰਦਰ ਸਿੰਘ, ਸ. ਗੁਰਮੀਤ ਸਿੰਘ ਸ਼ੈਟੀ, ਬਾਬਾ ਮੇਜਰ ਸਿੰਘ ਸੋਢੀ, ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਬਲਦੇਵ ਸਿੰਘ ਮੁਸਤਫਾਪੁਰ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਜਸਪਾਲ ਸਿੰਘ ਮੁਕਤਸਰ, ਬਾਬਾ ਕਸ਼ਮੀਰ ਸਿੰਘ ਬਟਾਲਾ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ, ਇੰਚਾਰਜ ਸ. ਮਲਕੀਤ ਸਿੰਘ, ਪ੍ਰਚਾਰਕ ਤੇ ਨਿਗਰਾਨ ਭਾਈ ਬਲਵੰਤ ਸਿੰਘ ਐਨੋਕੋਟ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਮੀਤ ਸਿੰਘ, ਸ. ਜਸਬੀਰ ਸਿੰਘ ਲੌਂਗੋਵਾਲ, ਹਰਿਆਣਾ ਸਿੱਖ ਮਿਸ਼ਨ ਦੇ ਇੰਚਾਰਜ ਸ. ਸੁਖਵਿੰਦਰ ਸਿੰਘ, ਯੂਪੀ ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ ਸਮੇਤ ਵੱਡੀ ਗਿਣਤੀ ਸੰਗਤ ਮੌਜੂਦ ਸੀ। ੨੫ ਨਵੰਬਰ

ਸ਼੍ਰੋਮਣੀ ਕਮੇਟੀ ਵੱਲੋਂ ਆਰੰਭ 'ਸੀਸ ਮਾਰਗ ਨਗਰ ਕੀਰਤਨ' ਦੂਸਰੇ ਦਿਨ ਤਰਾਵੜੀ ਤੋਂ ਅੰਬਾਲਾ ਲਈ ਹੋਇਆ ਰਵਾਨਾ

ਹਰਿਆਣਾ ਅੰਦਰ ਵੱਡੀ ਗਿਣਤੀ 'ਚ ਸੰਗਤਾਂ ਨੇ ਨਗਰ ਕੀਰਤਨ ਦਾ ਕੀਤਾ ਭਰਵਾਂ ਸਵਾਗਤ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਜੈਤਾ ਜੀ ਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੀ ਯਾਦ 'ਚ ਬੀਤੇ ਕੱਲ੍ਹ ਦਿੱਲੀ ਤੋਂ ਆਰੰਭ ਹੋਇਆ 'ਸੀਸ ਮਾਰਗ ਨਗਰ ਕੀਰਤਨ' ਅੱਜ ਦੂਸਰੇ ਦਿਨ ਤਰਾਵੜੀ ਹਰਿਆਣਾ ਤੋਂ ਅੰਬਾਲਾ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਵੱਲੋ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ ਗਈ ਅਤੇ ਧਰਮ ਪ੍ਰਚਾਰ ਕਮੇਟੀ ਦੇ ਕਥਾਵਾਚਕ ਨੇ ਸੰਗਤਾਂ ਨੂੰ ਸ਼ਹਾਦਤ ਦੇ ਇਤਿਹਾਸ ਨਾਲ ਜੋੜਿਆ। ਆਰੰਭਤਾ ਮੌਕੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਤਰਾਵੜੀ ਤੋਂ ਅੰਬਾਲਾ ਤੱਕ ਨਗਰ ਕੀਰਤਨ ਦਾ ਵੱਖ ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਭਲਕੇ ੨੭ ਨਵੰਬਰ ਨੂੰ ਇਹ ਨਗਰ ਕੀਰਤਨ ਗੁਰਦੁਆਰਾ ਸੀਸ ਗੰਜ ਸਾਹਿਬ ਅੰਬਾਲਾ ਤੋਂ ਆਰੰਭ ਹੋ ਕੇ ਗੁਰਦੁਆਰਾ ਸ੍ਰੀ ਨਾਭਾ ਸਾਹਿਬ ਜ਼ੀਰਕਪੁਰ ਪਹੁੰਚੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਹਰਭਜਨ ਸਿੰਘ ਮਸਾਣਾ, ਸ. ਤੇਜਿੰਦਰਪਾਲ ਸਿੰਘ ਲਾਡਵਾ, ਬੀਬੀ ਜਸਵੀਰ ਸਿੰਘ ਮਸਾਣਾ, ਸਾਬਕਾ ਪ੍ਰਧਾਨ ਸ. ਸੁਖਵੰਤ ਸਿੰਘ, ਸਾਬਕਾ ਇੰਚਾਰਜ ਸ. ਮੰਗਪ੍ਰੀਤ ਸਿੰਘ, ਜਥੇਦਾਰ ਦਵਿੰਦਰ ਸਿੰਘ ਕਾਲਾ, ਸ. ਸੁਖਜਿੰਦਰ ਸਿੰਘ ਸਮਾਣਾ, ਜਥੇਦਾਰ ਅਮੀਰ ਸਿੰਘ, ਸ. ਪ੍ਰਤਾਪ ਸਿੰਘ, ਜਥੇਦਾਰ ਸੂਰਤ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਇੰਚਾਰਜ ਸ. ਮਲਕੀਤ ਸਿੰਘ,

ਮੀਤ ਮੈਨੇਜਰ ਸ. ਸਤਨਾਮ ਸਿੰਘ, ਪ੍ਰਚਾਰਕ ਤੇ ਨਿਗਰਾਨ ਭਾਈ ਬਲਵੰਤ ਸਿੰਘ ਐਨੋਕੋਟ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਮੀਤ ਸਿੰਘ, ਸ. ਜਸਬੀਰ ਸਿੰਘ ਲੌਂਗੋਵਾਲ, ਹਰਿਆਣਾ ਸਿੱਖ ਮਿਸ਼ਨ ਦੇ ਇੰਚਾਰਜ ਸ. ਸੁਖਵਿੰਦਰ ਸਿੰਘ, ਸ. ਪਰਮਜੀਤ ਸਿੰਘ ਮੈਨੇਜਰ ਸਮੇਤ ਵੱਡੀ ਗਿਣਤੀ ਸੰਗਤ ਮੌਜੂਦ ਸੀ।

੨੬ ਨਵੰਬਰ

ਨੌਵੇਂ ਪਾਤਸ਼ਾਹ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਕਮੇਟੀ ਵਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਹਾਨ ਇਸਤਰੀ ਗੁਰਮਤਿ ਸੰਮੇਲਨ

ਮਾਤਾ ਗੁਜਰ ਕੌਰ ਜੀ ਦਾ ਜੀਵਨ ਅੱਜ ਦੀਆਂ ਬੀਬੀਆਂ ਲਈ ਚਾਨਣਮੁਨਾਰਾ-ਸਰੋਤ- ਜਥੇਦਾਰ ਗੜਗੱਜ

ਸੰਸਾਰ ਵਿਚ ਇਸਤਰੀ ਨੂੰ ਜੋ ਅਧਿਕਾਰ ਅੱਜ ਮਿਲ ਰਹੇ, ਗੁਰੂ ਸਾਹਿਬਾਨ ਨੇ ਸਦੀਆਂ ਪਹਿਲਾਂ ਦੇ ਦਿੱਤੇ ਸਨ: ਬੀਬੀ ਹਰਜਿੰਦਰ ਕੌਰ ਚੰਡੀਗੜ੍ਹ

ਸ੍ਰੀ ਅਨੰਦਪੁਰ ਸਾਹਿਬ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਗੁਰਦੁਆਰਾ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਚੱਲ ਰਹੇ ਗੁਰਮਤਿ ਸਮਾਗਮਾਂ ਤਹਿਤ ਅੱਜ ਮਹਾਨ ਇਸਤਰੀ ਗੁਰਮਤਿ ਸੰਮੇਲਨ ਹੋਇਆ। ਇਸ ਦੌਰਾਨ ਜਿਥੇ ਬੀਬੀਆਂ ਦੇ ਵੱਖ-ਵੱਖ ਜਥਿਆਂ ਨੇ ਰਾਗ ਆਧਾਰਿਤ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ, ਉੱਥੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵੀ ਸਿੱਖ ਧਰਮ ਵਿਚ ਇਸਤਰੀ ਦੇ ਸਤਿਕਾਰ ਅਤੇ ਭੂਮਿਕਾ ਬਾਰੇ ਵਿਚਾਰ ਸਾਂਝੇ ਕੀਤੇ।

ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮਾਤਾ ਤ੍ਰਿਪਤਾ ਜੀ, ਬੇਬੇ ਨਾਨਕੀ ਜੀ, ਬੀਬੀ ਖੀਵੀ ਜੀ, ਮਾਤਾ ਗੁਜਰੀ, ਮਾਤਾ ਸਾਹਿਬ ਕੌਰ ਜੀ ਤੇ ਮਾਈ ਭਾਗੋ ਜੀ ਦਾ ਜ਼ਿਕਰ ਕਰਦਿਆਂ ਸਿੱਖ ਇਤਿਹਾਸ ਅਤੇ ਸ਼ਾਨਾਮੱਤੇ ਸਿੱਖ ਵਿਰਸੇ ਨੂੰ ਸੰਭਾਲਣ ਵਾਸਤੇ ਔਰਤਾਂ ਨੂੰ ਵਿਸ਼ੇਸ਼ ਯੋਗਦਾਨ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਬੀਬੀਆਂ ਨੂੰ ਜੋ ਮਾਣ-ਸਨਮਾਨ ਅਤੇ ਬਰਾਬਰੀ ਦੇ ਅਧਿਕਾਰ ਸਿੱਖ ਧਰਮ ਨੇ ਦਿੱਤੇ, ਉਹ ਹੋਰ ਕਿਤੇ ਵੀ ਨਹੀਂ ਮਿਲਦੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਜੀਵਨ ਦੌਰਾਨ ਅਤੇ ਸ਼ਹਾਦਤ ਤੋਂ ਬਾਅਦ ਗੁਰੂ ਸਾਹਿਬ ਦੇ ਮਹਿਲ ਮਾਤਾ ਗੁਜਰ ਕੌਰ ਜੀ ਦੀ ਪਤੀਬ੍ਰਤਾ, ਸਿੱਦਕ, ਦ੍ਰਿੜ੍ਹਤਾ ਅਤੇ ਧਰਮ ਵਿਚ ਪ੍ਰਪੱਕਤਾ ਅੱਜ ਦੀਆਂ ਇਸਤਰੀਆਂ ਲਈ ਚਾਨਣ-ਮੁਨਾਰਾ ਹੈ। ਉਨ੍ਹਾਂ ਕਿਹਾ ਕਿ ਭਾਈ ਜੈਤਾ ਜੀ ਵਲੋਂ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਲਿਆਂਦੇ ਗਏ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਕੱਟੇ ਹੋਏ ਪਾਵਨ ਸੀਸ ਦੇ ਦਰਸ਼ਨ ਕਰਨ ਵੇਲੇ ਮਾਤਾ ਗੁਜਰ ਕੌਰ ਜੀ ਨੇ ਡੋਲਣ ਜਾਂ ਘਬਰਾਉਣ ਦੀ ਬਜਾਇ ਬੜੇ ਧੀਰਜ ਅਤੇ ਦ੍ਰਿੜ੍ਹਤਾ ਨਾਲ ਅਰਦਾਸ ਕੀਤੀ ਸੀ ਕਿ ਤੁਹਾਡੀ ਨਿਭ ਆਈ, ਕਿਰਪਾ ਕਰੋ ਮੇਰੀ ਵੀ ਨਿਭ ਜਾਵੇ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅੱਜ ਦੀਆਂ ਬੀਬੀਆਂ ਨੂੰ ਸਿੱਖੀ ਵਿਚ ਪ੍ਰਪੱਕ ਹੋ ਕੇ ਆਉਣ ਵਾਲੀਆਂ ਪੀੜ੍ਹੀਆਂ ਵਿਚ ਸਿੱਖੀ ਸੰਸਕਾਰਾਂ ਦਾ ਸੰਚਾਰ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਚੰਡੀਗੜ੍ਹ ਨੇ ਸੰਬੋਧਨ ਕਰਦਿਆਂ ਦਸ ਗੁਰੂ ਸਾਹਿਬਾਨ ਦੁਆਰਾ ਔਰਤ ਵਰਗ ਲਈ ਕੀਤੇ ਪਰਉਪਕਾਰਾਂ ਦੀ ਗੱਲ ਕਰਦਿਆਂ ਆਖਿਆ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਕੋਟ ਕਹਿਲੂਰ ਦੇ ਰਾਜੇ ਕੋਲੋਂ ਸ੍ਰੀ ਅਨੰਦਪੁਰ ਸਾਹਿਬ ਨਗਰ ਵਸਾਉਣ ਲਈ ਮੁੱਲ ਜ਼ਮੀਨ ਖ਼ਰੀਦ ਕੇ ਆਪਣੀ ਪੂਜਨੀਕ ਮਾਤਾ ਜੀ ਦੇ ਨਾਮ 'ਤੇ 'ਚੱਕ ਮਾਤਾ ਨਾਨਕੀ' ਨਗਰ ਦਾ ਨਾਮ ਰੱਖ ਕੇ ਸਦੀਆਂ ਪਹਿਲਾਂ ਹੀ ਸਮੁੱਚੇ ਇਸਤਰੀ ਵਰਗ ਨੂੰ ਜਾਇਦਾਦ ਦੇ ਮਾਲਕੀ ਹੱਕਾਂ ਦੀ ਵਾਰਿਸ ਬਣਾ ਦਿੱਤਾ ਸੀ। ਉਨ੍ਹਾਂ ਕਿਹਾ ਕਿ ਸੰਸਾਰ ਵਿਚ ਇਸਤਰੀਆਂ ਨੂੰ ਜੋ ਅਧਿਕਾਰ ਤੇ ਸੁਤੰਤਰਤਾ ਅੱਜ ਮਿਲ ਰਹੀ ਹੈ, ਗੁਰੂ ਸਾਹਿਬਾਨ ਨੇ ਇਹ ਸਾਰੇ ਹੱਕ-ਹਕੂਕ ਸਿੱਖ ਇਸਤਰੀਆਂ ਨੂੰ ਸਦੀਆਂ ਪਹਿਲਾਂ ਹੀ ਦੇ ਦਿੱਤੇ ਸਨ।

ਸ਼ਹੀਦ ਸਿੱਖ ਮਿਸ਼ਨਰੀ ਕਾਲਜ ਸ੍ਰੀ ਅੰਮ੍ਰਿਤਸਰ ਦੀ ਪ੍ਰਿੰਸੀਪਲ ਬੀਬੀ ਮਨਜੀਤ ਕੌਰ ਨੇ ਸੰਗਤ ਨੂੰ ਪ੍ਰੇਰਦਿਆਂ ਕਿਹਾ ਕਿ ਔਰਤ ਨੂੰ ਸਹਿਜ, ਸੰਤੋਖ ਦੀ ਧਾਰਨੀ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਜ ਸਮਾਜ ਦੇ ਹਰ ਖੇਤਰ ਵਿਚ ਬੀਬੀਆਂ ਨੇ ਮੀਲ-ਪੱਥਰ ਸਥਾਪਿਤ ਕੀਤੇ ਹਨ। ਇਸ ਦੌਰਾਨ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਸ੍ਰੀ ਅੰਮ੍ਰਿਤਸਰ, ਗੁਰੂ ਕਾਂਸ਼ੀ ਗੁਰਮਤਿ ਇੰਸਟੀਚਿਊਟ ਤਲਵੰਡੀ ਸਾਬੋ, ਪਦਮ ਸ੍ਰੀ ਪ੍ਰੋ. ਕਰਤਾਰ ਸਿੰਘ ਜੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅਨੰਦਪੁਰ ਸਾਹਿਬ, ਗਾਵਨੀ ਇਸਤਰੀ ਸਤਿਸੰਗ ਸੰਮੇਲਨ ਅਤੇ ਮਾਤਾ ਗੁਜਰੀ ਜੀ ਵੈੱਲਫੇਅਰ ਸੁਸਾਇਟੀ ਸ੍ਰੀ ਅਨੰਦਪੁਰ ਸਾਹਿਬ ਦੇ ਬੀਬੀਆਂ ਦੇ ਜਥਿਆਂ ਨੇ ਗੁਰਬਾਣੀ ਦਾ ਕੀਰਤਨ ਕੀਤਾ।

ਸਮਾਗਮ ਦੌਰਾਨ ਹੋਰਨਾਂ ਤੋਂ ਇਲਾਵਾ ਬੀਬੀ ਅਮਰਜੀਤ ਕੌਰ ਇੰਚਾਰਜ ਵਿਦਿਆ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਸੁਖਬੀਰ ਸਿੰਘ, ਮੁੱਖ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਪ੍ਰਿੰਸੀਪਲ ਜਤਿੰਦਰ ਸਿੰਘ, ਭਾਈ ਜਗਦੇਵ ਸਿੰਘ, ਸਤਪਾਲ ਸਿੰਘ ਅਮਰੀਕਾ ਸਮੇਤ ਵੱਡੀ ਗਿਣਤੀ ਵਿਚ ਸੰਗਤ ਵੀ ਮੌਜੂਦ ਸੀ। ੨੬ ਨਵੰਬਰ

ਐਡਵੋਕੇਟ ਧਾਮੀ ਨੇ ਭਾਈ ਰਾਜਿੰਦਰ ਸਿੰਘ ਮਹਿਤਾ ਦੇ ਵੱਡੇ ਭਰਾ ਸ. ਦਰਸ਼ਨਜੀਤ ਸਿੰਘ ਦੇ ਅਕਾਲ ਚਲਾਣੇ 'ਤੇ ਕੀਤਾ ਦੁੱਖ ਪ੍ਰਗਟ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰ ਜਿੰਦਰ ਸਿੰਘ ਮਹਿਤਾ ਦੇ ਵੱਡੇ ਭਰਾ ਸ. ਦਰਸ਼ਨਜੀਤ ਸਿੰਘ ਸ਼ਾਹੀ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ. ਦਰਸ਼ਨਜੀਤ ਸਿੰਘ ਦੇ ਅਚਾਨਕ ਅਕਾਲ ਚਲਾਣੇ ਨਾਲ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਈ ਰਾਜਿੰਦਰ ਸਿੰਘ ਮਹਿਤਾ ਅਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਣਾਂ ਵਿਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ਿਸ਼ ਕਰਨ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ ਤੇ ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਨੇ ਵੀ ਸ. ਦਰਸ਼ਨਜੀਤ ਸਿੰਘ ਦੇ ਅਕਾਲ ਚਲਾਣੇ ਤੇ ਭਾਈ ਰਾਜਿੰਦਰ ਸਿੰਘ ਮਹਿਤਾ ਤੇ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ। ੨੬ ਨਵੰਬਰ

ਸ਼੍ਰੋਮਣੀ ਕਮੇਟੀ ਵੱਲੋਂ ਆਰੰਭ 'ਸੀਸ ਮਾਰਗ ਨਗਰ ਕੀਰਤਨ' ਤੀਜੇ ਦਿਨ ਅੰਬਾਲਾ ਤੋਂ ਜ਼ੀਰਕਪੁਰ ਲਈ ਹੋਇਆ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਜੈਤਾ ਜੀ ਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੀ ਯਾਦ 'ਚ ਦਿੱਲੀ ਤੋਂ ਆਰੰਭ ਹੋਇਆ 'ਸੀਸ ਮਾਰਗ ਨਗਰ ਕੀਰਤਨ' ਅੱਜ ਤੀਜੇ ਦਿਨ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਅੰਬਾਲਾ ਤੋਂ ਜ਼ੀਰਕਪੁਰ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਵੱਲੋ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ ਗਈ ਅਤੇ ਧਰਮ ਪ੍ਰਚਾਰ ਕਮੇਟੀ ਦੇ ਕਥਾਵਾਚਕ ਨੇ ਸੰਗਤਾਂ ਨੂੰ ਸ਼ਹਾਦਤ ਦੇ ਇਤਿਹਾਸ ਨਾਲ ਜੋੜਿਆ। ਆਰੰਭਤਾ ਮੌਕੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਅੰਬਾਲਾ ਤੋਂ ਜ਼ੀਰਕਪੁਰ ਤੱਕ ਨਗਰ ਕੀਰਤਨ ਦਾ ਵੱਖ ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਭਲਕੇ ੨੮ ਨਵੰਬਰ ਨੂੰ ਇਹ ਨਗਰ ਕੀਰਤਨ ਗੁਰਦੁਆਰਾ ਸੀਸ ਗੰਜ ਸਾਹਿਬ ਜ਼ੀਰਕਪੁਰ ਤੋਂ ਆਰੰਭ ਹੋ ਕੇ ਗੁਰਦੁਆਰਾ ਬਿਬਾਣਗੜ੍ਹ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਵਿਖੇ ਪੁੱਜੇਗਾ, ਜਿਥੇ ਨਗਰ ਕੀਰਤਨ ਦਾ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਹਰਪਾਲ ਸਿੰਘ ਪਾਲੀ, ਪ੍ਰਧਾਨ ਸ. ਹਰਕੀਰਤ ਸਿੰਘ, ਸ਼ਹਿਰੀ ਪ੍ਰਧਾਨ ਸ. ਜਤਿੰਦਰਪਾਲ ਸਿੰਘ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਸ. ਮਨਜੀਤ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਇੰਚਾਰਜ ਸ. ਮਲਕੀਤ ਸਿੰਘ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਸ. ਗੁਰਸਾਹਿਬ ਸਿੰਘ, ਸ. ਅਵਤਾਰ ਸਿੰਘ, ਮੀਤ ਮੈਨੇਜਰ ਸ. ਸਤਨਾਮ ਸਿੰਘ, ਨਿਗਰਾਨ ਸ. ਗੁਰਨਾਮ ਸਿੰਘ, ਹਰਿਆਣਾ ਕਮੇਟੀ ਮੈਂਬਰ ਸ. ਬਲਕਾਰ ਸਿੰਘ, ਜ਼ਿਲ੍ਹਾ ਪ੍ਰਧਾਨ ਅੰਬਾਲਾ ਸ. ਰਕੇਸ਼ ਸਿੰਘ, ਕਲਗੀਧਰ ਸੇਵਾ ਸੁਸਾਇਟੀ ਸ. ਪ੍ਰੀਤਮ ਸਿੰਘ, ਸ. ਰਣਬੀਰ ਸਿੰਘ ਫ਼ੌਜੀ, ਸ. ਸੁਰਿੰਦਰ ਸਿੰਘ, ਸ. ਬਲਵਿੰਦਰ ਸਿੰਘ ਢਡਿਆਲ, ਪ੍ਰਚਾਰਕ ਤੇ ਨਿਗਰਾਨ ਭਾਈ ਬਲਵੰਤ ਸਿੰਘ ਐਨੋਕੋਟ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਮੀਤ ਸਿੰਘ, ਸ. ਜਸਬੀਰ ਸਿੰਘ ਲੌਂਗੋਵਾਲ, ਹਰਿਆਣਾ ਸਿੱਖ ਮਿਸ਼ਨ ਦੇ ਇੰਚਾਰਜ ਸ. ਸੁਖਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਸੰਗਤ ਮੌਜੂਦ ਸੀ। ੨੭ ਨਵੰਬਰ

350 **ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ:**

ਢਾਡੀ ਦਰਬਾਰ ਵਿਚ ਢਾਡੀ ਤੇ ਕਵੀਸ਼ਰੀ ਜਥਿਆਂ ਨੇ ਸੰਗਤ ਨੂੰ ਨੌਵੇਂ ਪਾਤਸ਼ਾਹ ਦੇ ਜੀਵਨ ਤੇ ਸ਼ਹੀਦੀ ਸਾਕੇ ਦਾ ਅਦੁੱਤੀ ਇਤਿਹਾਸ ਸਰਵਣ ਕਰਵਾਇਆ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਤਹਿਤ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਢਾਡੀ ਦਰਬਾਰ ਕਰਵਾਇਆ ਗਿਆ, ਜਿਸ ਦੌਰਾਨ ਪੰਥ ਪ੍ਰਸਿੱਧ ਢਾਡੀ ਜਥਿਆਂ ਨੇ ਆਪਣੀ ਕਲਾ ਅਤੇ ਜੋਸ਼ੀਲੀਆਂ ਵਾਰਾਂ ਰਾਹੀਂ ਸੰਗਤਾਂ ਨੂੰ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ ਦੈਵੀ ਜੀਵਨ ਅਤੇ ਅਦੁੱਤੀ ਸ਼ਹਾਦਤ ਦੇ ਪ੍ਰਸੰਗ ਸਰਵਣ ਕਰਵਾਏ।

ਇਨ੍ਹਾਂ ਜਥਿਆਂ 'ਚ ਭਾਈ ਗੁਰਭੇਜ ਸਿੰਘ ਚਵਿੰਡਾ, ਭਾਈ ਜਗਦੀਸ਼ ਸਿੰਘ ਵਡਾਲਾ, ਭਾਈ ਗੁਰਸੇਵਕਜੀਤ ਸਿੰਘ ਪ੍ਰੇਮੀ, ਭਾਈ ਸਤਪਾਲ ਸਿੰਘ ਐਮ.ਏ., ਭਾਈ ਜਸਬੀਰ ਸਿੰਘ ਵਲਟੋਹਾ, ਭਾਈ ਨਿਰਮਲ ਸਿੰਘ ਨੂਰ, ਭਾਈ ਮਿਲਖਾ ਸਿੰਘ ਮੌਜੀ, ਭਾਈ ਤਰਲੋਚਨ ਸਿੰਘ ਭੁਮੱਦੀ ਅਤੇ ਭਾਈ ਭੁਪਿੰਦਰ ਸਿੰਘ ਪ੍ਰੀਤ ਪਾਰਸਮਨੀ ਸ਼ਾਮਲ ਸਨ। ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਸੁਖਬੀਰ ਸਿੰਘ ਨੇ ਆਖਿਆ ਕਿ ਢਾਡੀ ਕਲਾ ਸਿੱਖ ਇਤਿਹਾਸ ਨੂੰ ਗਾਇਨ ਕਰਨ ਦੀ ਇਕ ਮੌਲਿਕ ਪਰੰਪਰਾ ਹੈ। ਢਾਡੀ ਵਾਰਾਂ ਰਾਹੀਂ ਸਾਡੀਆਂ ਨਵੀਆਂ ਪੀੜ੍ਹੀਆਂ ਆਪਣੇ ਇਤਿਹਾਸ ਨੂੰ ਸਰਵਣ ਕਰਕੇ ਜੋਸ਼ ਅਤੇ ਉਤਸ਼ਾਹ ਹਾਸਲ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਪੱਕੇ ਰਾਗਾਂ 'ਚ ਢਾਡੀ ਵਾਰਾਂ ਗਾਉਣ ਵਾਲੇ ਜਥਿਆਂ ਨੂੰ ਹਮੇਸ਼ਾ ਸ਼੍ਰੋਮਣੀ ਕਮੇਟੀ ਉਤਸ਼ਾਹਿਤ ਕਰਦੀ ਆਈ ਹੈ।

ਇਸ ਤੋਂ ਪਹਿਲਾਂ ਬੀਤੀ ਦੇਰ ਰਾਤ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਕਵੀਸ਼ਰੀ ਦਰਬਾਰ ਵੀ ਹੋਇਆ, ਜਿਸ ਵਿਚ ਭਾਈ ਮਹਿਲ ਸਿੰਘ ਚੰਡੀਗੜ੍ਹ, ਭਾਈ ਲਖਬੀਰ ਸਿੰਘ ਮਸਤ, ਭਾਈ ਸੁਲੱਖਣ ਸਿੰਘ ਰਿਆੜ, ਭਾਈ ਭਗਤ ਸਿੰਘ ਭਿੱਟੇਵੱਡ, ਭਾਈ ਸੱਚਾ ਸਿੰਘ ਡੇਰਾ ਪਠਾਣਾ, ਭਾਈ ਗੁਰਿੰਦਰਪਾਲ ਸਿੰਘ ਬੈਂਕਾ, ਭਾਈ ਸਤਿਨਾਮ ਸਿੰਘ ਬੱਲੋਵਾਲੀ, ਭਾਈ ਮੱਸਾ ਸਿੰਘ ਸਭਰਾ ਅਤੇ ਭਾਈ ਪਰਗਟ ਸਿੰਘ ਖਡੂਰ ਸਾਹਿਬ ਨੇ ਕਵੀਸ਼ਰੀ ਵਾਰਾਂ ਜ਼ਰੀਏ ਨੌਵੇਂ ਪਾਤਸ਼ਾਹ ਦੇ ਲਾਸਾਨੀ ਸ਼ਹੀਦੀ ਸਾਕੇ ਨੂੰ ਰੂਪਮਾਨ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਮੀਤ ਸਕੱਤਰ ਸ. ਸੁਖਬੀਰ ਸਿੰਘ, ਸ. ਜਸਵਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਮੁੱਖ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਅਤੇ ਭਾਈ ਜਗਦੇਵ ਸਿੰਘ ਲੁਧਿਆਣਾ ਵੀ ਹਾਜ਼ਰ ਸਨ।

ਚਿੱਤਰ ਪ੍ਰਦਰਸ਼ਨੀ, ਪੁਸਤਕ ਪ੍ਰਦਰਸ਼ਨੀ ਤੇ ਲਾਈਟ ਐਂਡ ਸਾਊਂਡ ਰਾਹੀਂ ਸ਼ਹੀਦੀ ਸਾਕੇ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ

ਇਸੇ ਦੌਰਾਨ ਪਿਛਲੇ ਦਿਨਾਂ ਤੋਂ ਲਗਾਤਾਰ ਗੁਰਦੁਆਰਾ ਭੋਰਾ ਸਾਹਿਬ, ਗੁਰੂ ਕੇ ਮਹਿਲ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ ਜੀਵਨ, ਉਪਦੇਸ਼ ਅਤੇ ਸ਼ਹੀਦੀ ਦੇ ਇਤਿਹਾਸ ਸਬੰਧੀ ਚਿੱਤਰ ਪ੍ਰਦਰਸ਼ਨੀ ਅਤੇ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ ਹੈ, ਜਿਸ ਨੂੰ ਵੇਖਣ ਲਈ ਵੱਡੀ ਗਿਣਤੀ ਵਿਚ ਸੰਗਤਾਂ ਪੁੱਜ ਰਹੀਆਂ ਹਨ। ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਚੱਲ ਰਹੇ 'ਲਾਈਟ ਐਂਡ ਸਾਊਂਡ' ਪ੍ਰੋਗਰਾਮ ਵਿਚ ਵੀ ਰੋਜ਼ਾਨਾ ਵੱਡੀ ਗਿਣਤੀ ਵਿਚ ਸੰਗਤ ਪੁੱਜ ਰਹੀ ਹੈ। 'ਲਾਈਟ ਐਂਡ ਸਾਊਂਡ' ਦੀ ਪੇਸ਼ਕਾਰੀ ਵਿਸ਼ੇਸ਼ ਤੌਰ 'ਤੇ ਬੱਚਿਆਂ ਨੂੰ ਆਪਣੇ ਇਤਿਹਾਸ ਨਾਲ ਜੋੜਣ ਲਈ ਪ੍ਰਭਾਵਸ਼ਾਲੀ ਸਾਬਤ ਹੋ ਰਹੀ ਹੈ। ੨੭ ਨਵੰਬਰ

ਨੌਵੇਂ ਪਾਤਸ਼ਾਹ ਜੀ ਦੀ 350 ਵੀਂ ਸ਼ਹੀਦੀ ਸ਼ਤਾਬਦੀ ਦੀ ਯਾਦਗਾਰ ਵਜੋਂ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਕੰਪਲੈਕਸ' ਦਾ ਰੱਖਿਆ ਨੀਂਹ ਪੱਥਰ

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਹੋਈ ਇਕੱਤਰਤਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ

ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੀ ਸਦੀਵੀ ਯਾਦਗਾਰ ਵਜੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਜ਼ਦੀਕ ਅਕਾਲੀ ਮਾਰਕੀਟ ਦੇ ਸਥਾਨ 'ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਯਾਦਗਾਰੀ ਕੰਪਲੈਕਸ ਦਾ ਅੱਜ ਅਰਦਾਸ ਮਗਰੋਂ ਨੀਂਹ ਪੱਥਰ ਰੱਖਿਆ ਗਿਆ। ਮੁੱਢਲੇ ਤੌਰ 'ਤੇ ਇਥੇ ਚਾਰ ਬਲਾਕਾਂ ਦੇ ਨਿਰਮਾਣ ਦਾ ਕਾਰਜ ਸ਼ੁਰੂ ਕੀਤਾ ਗਿਆ ਹੈ, ਜਿਸ ਦੀ ਆਰੰਭਤਾ ਮੌਕੇ ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।

ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕੌਮੀ ਪੱਧਰ 'ਤੇ ਮਨਾਈ ਜਾ ਰਹੀ ਹੈ ਅਤੇ ਇਸ ਸ਼ਤਾਬਦੀ ਦੀ ਯਾਦਗਾਰ ਵਜੋਂ ਨੌਵੇਂ ਪਾਤਸ਼ਾਹ ਦੇ ਨਾਂ 'ਤੇ ਇਹ ਵਿਸ਼ਾਲ ਕੰਪਲੈਕਸ ਸਥਾਪਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਯਾਦਗਾਰੀ ਕੰਪਲੈਕਸ ਵਿਚ ਸੰਗਤ ਲਈ ਇਕ ਹਜ਼ਾਰ ਤੋਂ ਵੱਧ ਕਮਰੇ ਤਿਆਰ ਕਰਨ ਦੇ ਨਾਲ-ਨਾਲ ਵਿਸ਼ਾਲ ਪਾਰਕਿੰਗ, ੨੫ ਹਾਲ ਅਤੇ ਮਾਰਕੀਟ ਬਣਾਈ ਜਾਵੇਗੀ। ਇਸ ਤੋਂ ਇਲਾਵਾ ਇਥੇ ਗੁਰੂ ਸਾਹਿਬ ਨਾਲ ਸ਼ਹੀਦ ਹੋਣ ਵਾਲੇ ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੇ ਨਾਂ 'ਤੇ ਵੱਖ-ਵੱਖ ਬਲਾਕ ਬਣਾਏ ਜਾਣਗੇ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼ਤਾਬਦੀਆਂ ਸਮੇਂ ਗੁਰਮਤਿ ਸਮਾਗਮਾਂ ਦੇ ਨਾਲ-ਨਾਲ ਸ਼੍ਰੋਮਣੀ ਕਮੇਟੀ ਵੱਲੋਂ ਸਦੀਵੀ ਯਾਦਗਾਰਾਂ ਉਸਾਰਨ ਦਾ ਉੱਦਮ ਕੀਤਾ ਜਾਂਦਾ ਹੈ, ਜਿਸ ਤਹਿਤ ਪਹਿਲਾਂ ਵੀ ਖ਼ਾਲਸਾ ਸਾਜਣਾ ਦਿਵਸ ਦੀ ਤੀਜੀ ਸ਼ਤਾਬਦੀ ਮੌਕੇ ਜਿਥੇ ਗੁਰੂ ਗੋਬਿੰਦ ਸਿੰਘ ਤ੍ਰੈ-ਸ਼ਤਾਬਦੀ ਕਾਲਜ ਸ੍ਰੀ ਅੰਮ੍ਰਿਤਸਰ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ ਦਾ ਨਿਰਮਾਣ ਕੀਤਾ ਗਿਆ ਸੀ। ਇਹ ਯਾਦਗਾਰੀ ਸੰਸਥਾਵਾਂ ਵਿੱਚੋਂ ਸੈਂਕੜੇ ਵਿਦਿਆਰਥੀਆਂ ਸਿੱਖਿਆ ਲੈ ਕੇ ਆਪਣਾ ਭਵਿੱਖ ਰੌਸ਼ਨ ਕਰ ਰਹੇ ਹਨ। ਹੁਣ ਨੌਵੇਂ ਪਾਤਸ਼ਾਹ ਜੀ ਦੀ ੩੫੦ਵੀਂ ਸ਼ਹੀਦੀ ਸ਼ਤਾਬਦੀ ਮੌਕੇ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਸੰਗਤ ਦੇ ਰਹਿਣ ਵਾਸਤੇ ਵਿਸ਼ਾਲ ਕੰਪਲੈਕਸ ਬਣਾਉਣ ਦਾ ਫੈਸਲਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਯਾਦਗਾਰਾਂ ਉਸਾਰਨੀਆਂ ਸਰਕਾਰਾਂ ਦਾ ਕਾਰਜ ਹੈ, ਪਰ ਮੌਜੂਦਾ ਸਰਕਾਰ ਕੇਵਲ ਸਿਆਸਤ ਕਰ ਰਹੀ ਹੈ ਅਤੇ ਉਸ ਦਾ ਧਿਆਨ ਅਜਿਹੇ ਉਮਦਾ ਕਾਰਜਾਂ ਵੱਲ ਨਹੀਂ ਹੈ।

ਇਸ ਮੌਕੇ ਐਡਵੋਕੇਟ ਧਾਮੀ ਨੇ ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਦੌਰਾਨ ੨੯ ਨਵੰਬਰ ਨੂੰ ਸ੍ਰੀ ਕੀਰਤਪੁਰ ਸਾਹਿਬ ਤੋਂ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੱਕ ਸਵੇਰੇ ੯ ਵਜੇ 'ਸੀਸ ਮਾਰਗ ਨਗਰ ਕੀਰਤਨ' ਵਿਚ ਸੰਗਤ ਨੂੰ ਭਰਵੀਂ ਸ਼ਮੂਲੀਅਤ ਦੀ ਅਪੀਲ ਵੀ ਕੀਤੀ। ਉਨ੍ਹਾਂ ਆਖਿਆ ਕਿ ਇਹ ਨਗਰ ਕੀਰਤਨ ੨੫ ਨਵੰਬਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਤੋਂ ਆਰੰਭ ਹੋਇਆ ਸੀ, ਜੋ ਭਾਈ ਜੈਤਾ ਜੀ ਮਾਰਗ ਤੋਂ ਹੁੰਦਾ ਹੋਇਆ ੨੯ ਨਵੰਬਰ ਨੂੰ ਸ੍ਰੀ ਕੀਰਤਪੁਰ ਸਾਹਿਬ ਵਿਖੇ ਪੜਾਅ ਕਰੇਗਾ। ਇਥੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਖਾਲਸਈ ਜਾਹੋ ਜਲਾਲ ਨਾਲ ਪੈਦਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜੇਗਾ।

ਇਸ ਮੌਕੇ ਪੁੱਜੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸ਼ਹੀਦੀ ਸ਼ਤਾਬਦੀ ਸਮੇਂ ਨੌਵੇਂ ਪਾਤਸ਼ਾਹ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ ਅਹਿਮ ਉਪਰਾਲੇ ਕਰ ਰਹੀ ਹੈ ਅਤੇ ਇਸ ਤਹਿਤ ਗੁਰੂ ਸਾਹਿਬ ਦੇ ਨਾਂ 'ਤੇ ਸੰਗਤ ਲਈ ੧੦੦੦ ਕਮਰਿਆਂ ਵਾਲਾ ਕੰਪਲੈਕਸ ਤਿਆਰ ਕਰਨ ਦਾ ਫੈਸਲਾ ਸ਼ਲਾਘਾਯੋਗ ਹੈ। ਉਨ੍ਹਾਂ ਆਖਿਆ

ਕਿ ਇਹ ਯਾਦਗਾਰ ਸਦਾ ਸਿੱਖ ਸੰਗਤ ਨੂੰ ਗੁਰੂ ਸਾਹਿਬ ਜੀ ਦੀ ਸ਼ਹੀਦੀ ਸ਼ਤਾਬਦੀ ਦੇ ਇਤਿਹਾਸਕ ਮੌਕੇ ਨਾਲ ਜੋੜੀ ਰੱਖੇਗੀ। ਉਨ੍ਹਾਂ ਆਖਿਆ ਕਿ ਚਾਹੀਦਾ ਤਾਂ ਇਹ ਸੀ ਕਿ ਸਰਕਾਰ ਅਜਿਹੇ ਕੰਮ ਕਰਦੀ, ਪਰ ਉਸ ਨੇ ਤਾਂ ਆਪਣੀ ਪਬਲੀਸਿਟੀ 'ਤੇ ਹੀ ਲੋਕਾਂ ਦਾ ਪੈਸਾ ਬਰਬਾਦ ਕੀਤਾ ਹੈ।

ਇਸ ਤੋਂ ਪਹਿਲਾਂ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਨਵੀਂ ਚੁਣੀ ਗਈ ਅੰਤ੍ਰਿੰਗ ਕਮੇਟੀ ਦੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਪਹਿਲੀ ਬੈਠਕ ਹੋਈ, ਜਿਸ ਵਿਚ ਸ਼੍ਰੋਮਣੀ ਕਮੇਟੀ, ਗੁਰਦੁਆਰਾ ਸਾਹਿਬਾਨ, ਟਰੱਸਟਾਂ ਅਤੇ ਵਿਦਿਅਕ ਅਦਾਰਿਆਂ ਦੇ ਮਾਮਲੇ ਵਿਚਾਰੇ ਗਏ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ ਤੇ ਸ. ਮਿੱਠੂ ਸਿੰਘ ਕਾਹਨੇਕੇ, ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਫੁੰਮਣ ਸਿੰਘ, ਸ. ਨਵਤੇਜ ਸਿੰਘ ਕਾਉਣੀ, ਭਾਈ ਅਜੈਬ ਸਿੰਘ ਅਭਿਆਸੀ, ਸ. ਗੁਰਨਾਮ ਸਿੰਘ ਜੱਸਲ, ਸ. ਅਮਰੀਕ ਸਿੰਘ ਕੋਟਸ਼ਮੀਰ, ਬਾਬਾ ਬੂਟਾ ਸਿੰਘ, ਸ. ਦਰਸ਼ਨ ਸਿੰਘ ਸ਼ੇਰਖਾਂ, ਜਥੇਦਾਰ ਕੌਰ ਸਿੰਘ, ਸ. ਪ੍ਰੀਤਮ ਸਿੰਘ ਮਲਸੀਹਾਂ, ਬੀਬੀ ਜੋਗਿੰਦਰ ਕੌਰ, ਓਐਸਡੀ ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਹਰਭਜਨ ਸਿੰਘ ਵਕਤਾ, ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਐਕਸੀਅਨ ਸ. ਜਤਿੰਦਰਪਾਲ ਸਿੰਘ, ਸ. ਸੁਖਜਿੰਦਰ ਸਿੰਘ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਇੰਚਾਰਜ ਸ. ਅਜਾਦਦੀਪ ਸਿੰਘ, ਸ. ਮੇਜਰ ਸਿੰਘ, ਸ. ਗੁਰਮੇਜ ਸਿੰਘ, ਆਦਿ ਮੌਜੂਦ ਸਨ।੨੨ ਨਵੰਬਰ

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਮਨਾਇਆ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਘਰ ਦੇ ਮਹਾਨ ਰਬਾਬੀ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਮਹਾਂਬੀਰ ਸਿੰਘ ਦੇ ਜਥੇ ਨੇ ਤੰਤੀ ਸਾਜ਼ਾਂ ਨਾਲ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਸਵਰਣ ਸਿੰਘਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸਰਵਣ ਕਰਵਾਇਆ।

ਉਨ੍ਹਾਂ ਸੰਗਤਾਂ ਨਾਲ ਭਾਈ ਮਰਦਾਨਾ ਜੀ ਦੇ ਜੀਵਨ ਇਤਿਹਾਸ ਬਾਰੇ ਵਿਚਾਰਾਂ ਕਰਦਿਆਂ ਕਿਹਾ ਕਿ ਭਾਈ ਮਰਦਾਨਾ ਜੀ ਗੁਰੂ ਘਰ ਦੇ ਪਹਿਲੇ ਰਬਾਬੀ ਕੀਰਤਨੀਏ ਸਨ, ਜਿਨ੍ਹਾਂ ਨੂੰ ਲੰਮਾਂ ਸਮਾਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਾਥ ਪ੍ਰਾਪਤ ਹੋਇਆ। ਭਾਈ ਮਰਦਾਨਾ ਜੀ ਨੇ ਸਬਰ, ਸਿਦਕ ਤੇ ਭਰੋਸੇ ਨਾਲ ਗੁਰੂ ਸਾਹਿਬ ਦੀ ਸੇਵਾ ਕੀਤੀ। ਉਨ੍ਹਾਂ ਸੰਗਤਾਂ ਨੂੰ ਭਾਈ ਮਰਦਾਨਾ ਜੀ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਣਾ ਵੀ ਕੀਤੀ। ਸਮਾਗਮ 'ਚ ਵਿਸ਼ਵ ਰਬਾਬੀ ਭਾਈ ਮਰਦਾਨਾ ਜੀ ਵੈਲਫੇਅਰ ਸੁਸਾਇਟੀ ਪੰਜਾਬ ਦੇ ਨੁਮਾਇੰਦੇ ਵੱਡੀ ਗਿਣਤੀ ਵਿਚ ਸੰਗਤਾਂ ਨਾਲ ਸ਼ਾਮਲ ਹੋਏ।

ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਬਿਕਰਮਜੀਤ ਸਿੰਘ ਝੰਗੀ, ਮੀਤ ਮੈਨੇਜਰ ਸ. ਜੈ ਸਿੰਘ ਸਮੇਤਵਿਸ਼ਵ ਰਬਾਬੀ ਭਾਈ ਮਰਦਾਨਾ ਜੀ ਵੈਲਫੇਅਰ ਸੁਸਾਇਟੀ ਵੱਲੋਂ ਸ. ਰਜਿੰਦਰ ਸਿੰਘ ਬਿੱਟੂ, ਜੀਤ ਸਿੰਘ ਗੋਰੀਆ, ਬੰਟੀ ਝੱਸ, ਸ. ਪੰਮਾ ਸਿੰਘ, ਸ. ਤਰਸੇਮ ਸਿੰਘ, ਸ. ਅਮਰੀਕ ਸਿੰਘ, ਪਾਲ ਕਰੈਸ਼ੀ, ਸ. ਸਰਦਾਰਾ ਸਿੰਘ, ਸ. ਬਲਵਿੰਦਰ ਸਿੰਘ, ਸ. ਜਗਤਾਰ ਸਿੰਘ, ਸ. ਜਗਜੀਤ ਸਿੰਘ, ਸ. ਗੁਰਿੰਦਰਪਾਲ ਸਿੰਘ ਜੋਸ਼ਨ, ਅਬਦੁਲ ਝੱਸ, ਸ. ਅਮਰਜੀਤ ਸਿੰਘ, ਵਿਕਰਮ ਵਿੱਕੀ, ਸਲਮਾਨ ਝੱਸ, ਨੋਸ਼ੀ ਹੋਰੀਆ, ਰਮਨਦੀਪ ਭਾਂਬਰੀ, ਸੋਨੀਆ ਭਾਂਬਰੀ, ਰਮਨਦੀਪ ਕੌਰ, ਹਰਮੀਤ ਕੌਰ, ਕਮਲ ਰਾਣੀ, ਮੀਨਾ ਗੋਰੀਆ, ਮਨਜੀਤ ਕੌਰ, ਕਮਲਜੀਤ ਕੌਰ, ਅਮਨਦੀਪ ਕੌਰ, ਆਦਿ ਮੌਜੂਦ ਸਨ।੨੯ ਨਵੰਬਰ

350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਕਮੇਟੀ ਨੇ ਕਰਵਾਏ ਨੈਸ਼ਨਲ ਗੱਤਕਾ ਮੁਕਾਬਲੇ

ਗੁਰੂ ਸਾਹਿਬਾਨ ਨੇ ਸਾਨੂੰ ਆਤਮਿਕ ਬਲ ਲਈ ਪਾਵਨ ਗੁਰਬਾਣੀ ਅਤੇ ਸਰੀਰਕ ਬਲ ਲਈ ਗੱਤਕਾ ਵਰਗੀਆਂ ਜੰਗੀ ਕਲਾਵਾਂ ਵੀ ਦਿੱਤੀਆਂ -ਐਡਵੋਕੇਟ ਧਾਮੀ

ਸਵੈ-ਰੱਖਿਆ ਤੇ ਸਵੈ-ਨਿਰਭਰਤਾ ਲਈ ਹਰੇਕ ਸਿੱਖ ਆਪਣੇ ਬੱਚਿਆਂ ਨੂੰ ਗੱਤਕਾ ਸਿਖਾਵੇ -ਜਥੇਦਾਰ ਕੁਲਦੀਪ ਸਿੰਘ ਗੜਗੱਜ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਨੈਸ਼ਨਲ ਗੱਤਕਾ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਪੰਜਾਬ, ਹਰਿਆਣਾ, ਹਿਮਾਚਲ ਤੇ ਦਿੱਲੀ ਸਮੇਤ ਵੱਖ-ਵੱਖ ਸੂਬਿਆਂ ਅਤੇ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਦੀਆਂ ਗੱਤਕਾ ਟੀਮਾਂ ਨੇ ਹਿੱਸਾ ਲਿਆ ਅਤੇ ਗੱਤਕੇ ਦੇ ਜੌਹਰ ਦਿਖਾਏ। ਇਨ੍ਹਾਂ ਮੁਕਾਬਲਿਆਂ ਦੀ ਆਰੰਭਤਾ ਅਰਦਾਸ ਉਪਰੰਤ ਜੈਕਾਰਿਆਂ ਦੀ ਗੂੰਜ ਵਿਚ ਹੋਈ। ਗੱਤਕਾ ਮੁਕਾਬਲਿਆਂ ਵਿਚ ਨੌਜਵਾਨਾਂ ਨੇ ਪ੍ਰਦਰਸ਼ਨ ਅਤੇ ਮੁਕਾਬਲਿਆਂ ਵਿਚ ਬਾਖੂਬੀ ਪੇਸ਼ਕਾਰੀ ਦਿੱਤੀ, ਜਿਸ ਦੌਰਾਨ ਅਕਾਲੀ ਬਾਬਾ ਫੂਲਾ ਸਿੰਘ ਜੀ ਗੱਤਕਾ ਅਖਾੜਾ ਰੱਤੀਆ (ਹਰਿਆਣਾ), ਮਾਤਾ ਸਾਹਿਬ ਕੌਰ ਜੀ ਗੱਤਕਾ ਅਖਾੜਾ ਤਲਵੰਡੀ ਸਾਬੋ, ਖ਼ਾਲਸਾ ਅਕਾਲ ਪੁਰਖ ਕੀ ਫੌਜ ਗੱਤਕਾ ਅਖਾੜਾ ਚੰਡੀਗੜ੍ਹ, ਬਾਬਾ ਅਜੀਤ ਸਿੰਘ ਜੀ ਗੱਤਕਾ ਅਖਾੜਾ ਹਿਮਾਚਲ ਪ੍ਰਦੇਸ਼, ਬਾਬਾ ਦੀਪ ਸਿੰਘ ਜੀ ਗੱਤਕਾ ਅਖਾੜਾ ਰੂਪਨਗਰ, ਹਰਗੋਬਿੰਦ ਜੀਤ ਗੱਤਕਾ ਅਖਾੜਾ ਬੁੱਢਾ ਦਲ ਦਿੱਲੀ ਅਤੇ ਬੀਬੀ ਸ਼ਰਨ ਕੀਰ ਖ਼ਾਲਸਾ ਕਾਲਜ ਚਮਕੌਰ ਸਾਹਿਬ ਰੂਪਨਗਰ ਸਮੇਤ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੇ ਵੀ ਹਿੱਸਾ ਲਿਆ।

ਇਸ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰੂ ਸਾਹਿਬਾਨ ਨੇ ਖ਼ਾਲਸਾ ਪੰਥ ਨੂੰ ਬੜੀਆਂ ਬੇਨਜ਼ੀਰ ਬਖਸ਼ਿਸ਼ਾਂ ਕੀਤੀਆਂ ਹਨ, ਜਿਨ੍ਹਾਂ ਵਿਚ ਜਿੱਥੇ ਆਤਮਿਕ ਤੌਰ 'ਤੇ ਬਲਵਾਨ ਬਣਨ ਲਈ ਪਾਵਨ ਗੁਰਬਾਣੀ ਦੀ ਬਖਸ਼ਿਸ਼ ਕੀਤੀ ਹੈ, ਉੱਥੇ ਸਰੀਰਕ ਤੌਰ 'ਤੇ ਸੁਡੌਲ, ਨਿਰੋਗ ਤੇ ਸਵੈ-ਰੱਖਿਅਕ ਬਣਨ ਲਈ ਗੱਤਕਾ ਵਰਗੀਆਂ ਜੰਗੀ ਕਲਾਵਾਂ ਵੀ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀ ਬਖਸ਼ਿਸ਼ ਇਸ ਖਾਲਸਾਈ ਖੇਡ ਗੱਤਕਾ ਨੂੰ ਅੱਜ ਓਲੰਪਿਕ ਵਿਚ ਵੀ ਜੰਗੀ ਕਲਾ ਵਜੋਂ ਮਾਨਤਾ ਮਿਲੀ ਹੋਈ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ

ਵਿਦਿਅਕ ਅਦਾਰਿਆਂ ਦੀਆਂ ਗੱਤਕਾ ਟੀਮਾਂ ਵੱਡੇ-ਵੱਡੇ ਗੱਤਕਾ ਮੁਕਾਬਲਿਆਂ ਵਿਚ ਆਪਣਾ ਲਾਜਵਾਬ ਪ੍ਰਦਰਸ਼ਨ ਕਰਦੀਆਂ ਹਨ ਅਤੇ ਵੱਡੀਆਂ ਪ੍ਰਾਪਤੀਆਂ ਕਰ ਰਹੀਆਂ ਹਨ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸਿੱਖਾਂ ਨੂੰ ਮੀਰੀ-ਪੀਰੀ ਦੀਆਂ ਦੋ ਕਿਰਪਾਨਾਂ ਪਹਿਨਾ ਕੇ ਗੱਤਕਾ ਦੀ ਜੰਗਜੂ ਕਲਾ ਦੀ ਬਖਸ਼ਿਸ਼ ਕੀਤੀ ਸੀ। ਉਨ੍ਹਾਂ ਕਿਹਾ ਕਿ ਜਿੱਥੇ ਗੱਤਕੇ ਦਾ ਅਭਿਆਸ ਸਾਨੂੰ ਸਵੈ ਰੱਖਿਅਕ ਬਣਾਉਂਦਾ ਹੈ, ਉੱਥੇ ਸਰੀਰਕ ਤੰਦਰੁਸਤੀ ਦਾ ਵੀ ਲਾਜਵਾਬ ਅਭਿਆਸ ਹੈ। ਉਨ੍ਹਾਂ ਕਿਹਾ ਕਿ ਹਰੇਕ ਸਿੱਖ ਨੂੰ ਆਪਣੇ ਬੱਚਿਆਂ ਨੂੰ ਗੱਤਕਾ ਸਿਖਾਉਣਾ ਚਾਹੀਦਾ ਹੈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ੨੯ ਨਵੰਬਰ ਨੂੰ ਗੁਰਦੁਆਰਾ ਬਿਬਾਣਗੜ੍ਹ ਸਾਹਿਬ ਤੋਂ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੱਕ ਸਜਾਏ ਜਾ ਰਹੇ ਨਗਰ ਕੀਰਤਨ ਬਾਰੇ ਗੱਲ ਕਰਦਿਆਂ ਆਖਿਆ ਕਿ ਭਾਈ ਜੈਤਾ ਜੀ ਦਿੱਲੀ ਤੋਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਪਾਵਨ ਸੀਸ ਲੈ ਕੇ ਬੜੇ ਕਠਿਨ ਤੇ ਔਕੜਾਂ ਭਰੇ ਪੰਧ ਤੋਂ ਹੁੰਦੇ ਹੋਏ ਕੀਰਤਪੁਰ ਸਾਹਿਬ ਪੁੱਜੇ ਸਨ, ਜਿਥੇ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ, ਮਾਤਾ ਗੁਜਰੀ ਜੀ ਅਤੇ ਮਾਤਾ ਨਾਨਕੀ ਜੀ ਸਮੇਤ ਸਿੱਖ ਸੰਗਤਾਂ ਨੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਪਾਵਨ ਸੀਸ ਦੇ ਦਰਸ਼ਨ ਕੀਤੇ ਸਨ। ਇਨ੍ਹਾਂ ਲਾਸਾਨੀ ਤੇ ਅਦੁੱਤੀ ਇਤਿਹਾਸਕ ਪਲਾਂ ਦੀ ਯਾਦ ਵਿਚ ਦਿੱਲੀ ਤੋਂ ਚੱਲੀ ਸੀਸ ਮਾਰਗ ਯਾਤਰਾ ਵਿਚ ੨੯ ਨਵੰਬਰ ਨੂੰ ਸਵੇਰੇ ਕੀਰਤਪੁਰ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਵੱਧ ਤੋਂ ਵੱਧ ਸਿੱਖ ਸੰਗਤਾਂ ਨੂੰ ਸ਼ਾਮਿਲ ਹੋ ਕੇ ੩੫੦ ਸਾਲਾ ਸ਼ਤਾਬਦੀ ਮੌਕੇ ਇਤਿਹਾਸਕ ਪਲਾਂ ਦੇ ਗਵਾਹ ਬਣਨਾ ਚਾਹੀਦਾ ਹੈ।

ਅੱਜ ਹੋਏ ਗਤਕਾ ਮੁਕਾਬਲੇ ਵਿਚ ਪਹਿਲਾ ਸਥਾਨ ਹਰਗੋਬਿੰਦ ਜੀਤ ਗਤਕਾ ਅਖਾੜਾ ਬੁੱਢਾ ਦਲ ਦਿੱਲੀ, ਦੂਜਾ ਸਥਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਅਤੇ ਤੀਜਾ ਸਥਾਨ ਬੇਬੇ ਨਾਨਕੀ ਮਿਸ਼ਨਰੀ ਕਾਲਜ ਸੁਲਤਾਨਪੁਰ ਲੋਧੀ ਦੀਆਂ ਟੀਮਾਂ ਨੇ ਪ੍ਰਾਪਤ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੀਆਂ ਟੀਮਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਅਵਤਾਰ ਸਿੰਘ ਰੀਆ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਓ.ਐਸ.ਡੀ. ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਧਰਮ ਪ੍ਰਚਾਰ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਮੀਤ ਸਕੱਤਰ ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਪ੍ਰਿੰਸੀਪਲ ਡਾ. ਜਸਵੀਰ ਸਿੰਘ, ਸ. ਸਤਪਾਲ ਸਿੰਘ, ਇੰਚਾਰਜ ਸ. ਬਲਦੇਵ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਸਤਿੰਦਰ ਸਿੰਘ, ਸ. ਜਸਪਾਲ ਸਿੰਘ ਢੱਡੇ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ ਅਤੇ ਵਧੀਕ ਮੈਨੇਜਰ ਸ. ਹਰਦੇਵ ਸਿੰਘ ਐਡਵੋਕੇਟ ਵੀ ਹਾਜ਼ਰ ਸਨ।

੨੮ ਨਵੰਬਰ

ਸ਼੍ਰੋਮਣੀ ਕਮੇਟੀ ਵੱਲੋਂ ਆਰੰਭ 'ਸੀਸ ਮਾਰਗ ਨਗਰ ਕੀਰਤਨ' ਜ਼ੀਰਕਪੁਰ ਤੋਂ ਗੁਰਦੁਆਰਾ ਸ੍ਰੀ ਬਿਬਾਣਗੜ੍ਹ ਸਾਹਿਬ ਕੀਰਤਪੁਰ ਸਾਹਿਬ ਲਈ ਹੋਇਆ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਜੈਤਾ ਜੀ ਦੁਆਰਾ ਸ੍ਰੀ ਗੁਰੂ

ਤੇਗ ਬਹਾਦਰ ਸਾਹਿਬ ਜੀ ਦਾ ਸੀਸ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੀ ਯਾਦ 'ਚ ਦਿੱਲੀ ਤੋਂ ਆਰੰਭ ਹੋਇਆ 'ਸੀਸ ਮਾਰਗ ਨਗਰ ਕੀਰਤਨ' ਅੱਜ ਜ਼ੀਰਕਪੁਰ ਤੋਂ ਗੁਰਦੁਆਰਾ ਸ੍ਰੀ ਬਿਬਾਣਗੜ੍ਹ ਸਾਹਿਬ ਕੀਰਤਪੁਰ ਸਾਹਿਬ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਵੱਲੋ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ ਗਈ ਅਤੇ ਧਰਮ ਪ੍ਰਚਾਰ ਕਮੇਟੀ ਦੇ ਕਥਾਵਾਚਕ ਨੇ ਸੰਗਤਾਂ ਨੂੰ ਸ਼ਹਾਦਤ ਦੇ ਇਤਿਹਾਸ ਨਾਲ ਜੋੜਿਆ। ਆਰੰਭਤਾ ਮੌਕੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਨਗਰ ਕੀਰਤਨ ਦਾ ਵੱਖ ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਭਲਕੇ ੨੯ ਨਵੰਬਰ ਨੂੰ ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਬਿਬਾਣਗੜ੍ਹ ਸਾਹਿਬ ਕੀਰਤਪੁਰ ਸਾਹਿਬ ਤੋਂ ਆਰੰਭ ਹੋ ਕੇ ਗੁਰਦੁਆਰਾ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜੇਗਾ, ਜਿਥੇ ਨਗਰ ਕੀਰਤਨ ਦਾ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਡੇਰਾਬਸੀ ਦੇ ਹਲਕਾ ਇੰਚਾਰਜ ਸ੍ਰੀ ਐਨ.ਕੇ. ਸ਼ਰਮਾ, ਧਰਮ ਪ੍ਰਚਾ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ, ਇੰਚਾਰਜ ਸ. ਮਲਕੀਤ ਸਿੰਘ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਸ. ਗੁਰਸਾਹਿਬ ਸਿੰਘ, ਸ. ਅਵਤਾਰ ਸਿੰਘ, ਮੀਤ ਮੈਨੇਜਰ ਸ. ਸਤਨਾਮ ਸਿੰਘ, ਨਿਗਰਾਨ ਸ. ਗੁਰਨਾਮ ਸਿੰਘ, ਪ੍ਰਚਾਰਕ ਤੇ ਨਿਗਰਾਨ ਭਾਈ ਬਲਵੰਤ ਸਿੰਘ ਐਨੋਕੋਟ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਮੀਤ ਸਿੰਘ, ਸ. ਜਸਬੀਰ ਸਿੰਘ ਲੌਂਗੋਵਾਲ, ਹਰਿਆਣਾ ਸਿੱਖ ਮਿਸ਼ਨ ਦੇ ਇੰਚਾਰਜ ਸ. ਸੁਖਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਸੰਗਤ ਮੌਜੂਦ ਸੀ।੨੮ ਨਵੰਬਰ

'ਸੀਸ ਮਾਰਗ ਨਗਰ ਕੀਰਤਨ' ਦਾ ਕੀਰਤਪੁਰ ਸਾਹਿਬ ਪੁੱਜਣ 'ਤੇ ਸੰਗਤਾਂ ਵਲੋਂ ਸ਼ਰਧਾ-ਸਤਿਕਾਰ ਸਹਿਤ ਸਵਾਗਤ

ਕੀਰਤਪੁਰ ਸਾਹਿਬ/ ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਜੈਤਾ ਜੀ ਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੀ ਯਾਦ 'ਚ ਦਿੱਲੀ ਤੋਂ ਆਰੰਭ ਹੋਏ 'ਸੀਸ ਮਾਰਗ ਨਗਰ ਕੀਰਤਨ' ਗੁਰਦੁਆਰਾ ਸ੍ਰੀ ਬਿਬਾਣਗੜ੍ਹ ਸਾਹਿਬ ਕੀਰਤਪੁਰ ਸਾਹਿਬ ਪਹੁੰਚਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਵੱਲੋਂ ਸ਼ਰਧਾ-ਭਾਵਨਾ ਨਾਲ ਸਵਾਗਤ ਕੀਤਾ ਗਿਆ।ਦਿੱਲੀ ਤੋਂ ਆਰੰਭ ਹੋਇਆ ਇਹ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਅੱਜ ਚੌਥੇ ਦਿਨ ਗੁਰਦੁਆਰਾ ਬਿਬਾਨਗੜ੍ਹ ਸਾਹਿਬ, ਕੀਰਤਪੁਰ ਸਾਹਿਬ ਪੁੱਜਾ, ਜਿੱਥੋਂ ਭਲ੍ਹਕੇ ੨੯ ਨਵੰਬਰ ਨੂੰ ਸਵੇਰੇ ੮ ਵਜੇ ਆਰੰਭ ਹੋ ਕੇ ਗੁਰਦੁਆਰਾ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜ ਕੇ ਸਮਾਪਤ ਹੋਵੇਗਾ।

ਗੁਰਦੁਆਰਾ ਬਿਬਾਨਗੜ੍ਹ ਸਾਹਿਬ ਵਿਖੇ ਨਗਰ ਕੀਰਤਨ ਪੁੱਜਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਅਵਤਾਰ ਸਿੰਘ ਰਿਆ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਓ.ਐਸ.ਡੀ. ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਧਰਮ ਪ੍ਰਚਾਰ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਮੀਤ ਸਕੱਤਰ ਮੀਤ

ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੁੱਖ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਬਾਬਾ ਮੇਜਰ ਸਿੰਘ ਸੋਢੀ, ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਬਲਦੇਵ ਸਿੰਘ ਮੁਸਤਾਫਾਪੁਰ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਜਸਪਾਲ ਸਿੰਘ ਮੁਕਤਸਰ, ਬਾਬਾ ਕਸ਼ਮੀਰ ਸਿੰਘ ਬਟਾਲਾ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਜਸਪਾਲ ਸਿੰਘ ਢੱਡੇ, ਸ. ਨਿਸ਼ਾਨ ਸਿੰਘ ਜ਼ੱਫਰਵਾਲ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ ਅਤੇ ਵਧੀਕ ਮੈਨੇਜਰ ਸ. ਹਰਦੇਵ ਸਿੰਘ ਐਡਵੋਕੇਟ, ਪ੍ਰਚਾਰਕ ਭਾਈ ਸਰਬਜੀਤ ਸਿੰਘ ਖਡੂਰ ਸਾਹਿਬ, ਸ. ਬਲਵੰਤ ਸਿੰਘ ਐਨੋਕੋਟ ਅਤੇ ਭਾਈ ਗੁਰਨਾਮ ਸਿੰਘ ਵੀ ਹਾਜ਼ਰ ਸਨ।

ਇਸੇ ਦੌਰਾਨ ਅੱਜ ਦੇਰ ਸ਼ਾਮ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਕੀਰਤਪੁਰ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਪੰਥ ਪ੍ਰਸਿੱਧ ਰਾਗ ਜਥਿਆਂ ਤੋਂ ਇਲਾਵਾ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਨੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਉਪਰੰਤ ਭਾਈ ਜੈਤਾ ਜੀ ਵਲੋਂ ਉਨ੍ਹਾਂ ਦਾ ਪਾਵਨ ਸੀਸ ਦਿੱਲੀ ਤੋਂ ਲੈ ਕੇ ਸ੍ਰੀ ਅਨੰਦਪੁਰ ਸਾਹਿਬ ਪੁੱਜਣ ਦੀ ਅਦੁੱਤੀ ਤੇ ਲਾਸਾਨੀ ਗਾਥਾ ਦਾ ਵਰਨਣ ਕੀਤਾ। ੨੯ ਨਵੰਬਰ

ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮ ਸ਼ਰਧਾ ਅਤੇ ਵੈਰਾਗਮਈ ਮਾਹੌਲ 'ਚ ਹੋਏ ਸਮਾਪਤ

ਗੁਰਦੁਆਰਾ ਸੀਸਗੰਜ ਸਾਹਿਬ ਵਿਖੇ 'ਸੀਸ ਸਸਕਾਰ ਦਿਵਸ' ਸਮਾਗਮਾਂ ਵਿਚ ਹਜਾਰਾਂ ਸੰਗਤਾਂ ਨੇ ਕੀਤੀ ਸ਼ਮੂਲੀਅਤ

ਦਿੱਲੀ ਤੋਂ ਚੱਲਿਆ 'ਸੀਸ ਮਾਰਗ ਨਗਰ ਕੀਰਤਨ' ਹਜ਼ਾਰਾਂ ਸੰਗਤਾਂ ਦੀ ਹਾਜ਼ਰੀ ਵਿਚ ਸ੍ਰੀ ਅਨੰਦਪੁਰ ਸਾਹਿਬ ਪੁੱਜ ਕੇ ਹੋਇਆ ਸੰਪੰਨ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਨਾਲ ਸ਼ਹੀਦੀ ਪ੍ਰਾਪਤ ਕਰਨ ਵਾਲੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸਮਾਗਮਾਂ ਦੀ ਸਮਾਪਤੀ ਅੱਜ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਚ ਰੂਹਾਨੀਅਤ ਭਰੇ ਮਾਹੌਲ ਵਿਚ ਹੋਈ। ਅੱਜ ਦੇ ਸਮਾਗਮ 'ਸੀਸ ਸਸਕਾਰ ਦਿਵਸ' ਵਜੋਂ ਗੁਰੂ ਸਾਹਿਬ ਦੀ ਲਾਸਾਨੀ ਕੁਰਬਾਨੀ ਦੀ ਸਦੀਵੀ ਯਾਦ ਵਜੋਂ ਮਨਾਏ ਗਏ। ਇਸ ਤੋਂ ਪਹਿਲਾਂ 'ਸੀਸ ਮਾਰਗ ਨਗਰ ਕੀਰਤਨ' ਗੁਰਦੁਆਰਾ ਬਿਬਾਨਗੜ੍ਹ ਸਾਹਿਬ ਸ੍ਰੀ ਕੀਰਤਪੁਰ ਸਾਹਿਬ ਤੋਂ ਚੱਲ ਕੇ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਸੰਪੰਨ ਹੋਇਆ। ਇਹ ਨਗਰ ਕੀਰਤਨ ਦਿੱਲੀ ਤੋਂ ਬੀਤੇ ਦਿਨੀ ਆਰੰਭ ਹੋਇਆ ਸੀ ਜੋ ਪੜਾਅ ਦਰ ਪੜਾਅ ਲੰਘੀ ਰਾਤ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਸ੍ਰੀ ਕੀਰਤਪੁਰ ਸਾਹਿਬ ਵਿਖੇ ਪੁੱਜਾ ਸੀ।

ਅੱਜ ਸ੍ਰੀ ਕੀਰਤਪੁਰ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਸਜਾਏ ਸੀਸ ਮਾਰਗ ਨਗਰ ਕੀਰਤਨ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਨੇ ਸ਼ਰਧਾ ਭਾਵ ਨਾਲ ਹਿੱਸਾ ਲਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ

ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਤਰਨਾ ਦਲ ਹਰੀਆਂ ਵੇਲਾਂ ਦੇ ਮੁਖੀ ਬਾਬਾ ਨਿਹਾਲ ਸਿੰਘ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ ਮੁਖੀ ਬਾਬਾ ਜੋਗਾ ਸਿੰਘ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਦਸ਼ਮੇਸ਼ ਤਰਨਾ ਦਲ ਦੇ ਮੁਖੀ ਬਾਬਾ ਮੇਜਰ ਸਿੰਘ ਸੋਢੀ ਸਮੇਤ ਹੋਰ ਪੰਥਕ ਹਸਤੀਆਂ ਨੇ ਹਾਜ਼ਰੀ ਭਰੀ।

